ਕੇਂਦਰ ਸਰਕਾਰ,
ਪੰਜਾਬ ਸਰਕਾਰ,
ਹਰਿਆਣਾ ਸਰਕਾਰ
ਤੋਂ ਹਰ ਤਰ੍ਹਾਂ ਦੇ ਸਰਕਾਰੀ ਇਸ਼ਤਿਹਾਰਾਂ ਲਈ ਮਨਜ਼ੂਰ।
ਇਸ਼ਤਿਹਾਰ ਪ੍ਰਕਾਸ਼ਿਤ ਕਰਵਾਉਣ ਲਈ ਸੰਪਰਕ ਕਰੋ।
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 35ਵਾਂ ਸਾਲ
ਚੰਡੀਗੜ੍ਹ-ਹਰਿਆਣਾ ਐਡੀਸ਼ਨ
CHANDIGARH-HARYANA EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਡੇਰਾਬੱਸੀ ਨਗਰ ਕੌਂਸਲ ਚੋਣਾਂ ਦੌਰਾਨ ਹੰਗਾਮਾ 03

ਸਾਲ 1, ਅੰਕ 240 Ph (Mohali Office) : 0160-2990739; (M) : +91-98156-16078 ਬੁੱਧਵਾਰ, 27 ਮਈ 2026 (13 ਜੇਠ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ : ₹ 2

ਪੰਜਾਬ ਨਗਰ ਨਿਗਮ ਚੋਣਾਂ 2026 : ਹਿੰਸਾ ਦੀਆਂ ਕਈ ਥਾਂਈ ਘਟਨਾਵਾਂ ਦੌਰਾਨ ਪੰਜਾਬ ਵਿੱਚ ਵੋਟਿੰਗ ਸਮਾਪਤ; ਮਾਹੌਲ ਤਣਾਅਪੂਰਨ

ਦੇਸ਼ ਪ੍ਰਦੇਸ਼ ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਵਿੱਚ ਨਗਰ ਨਿਗਮ ਚੋਣਾਂ ਲਈ ਵੋਟਿੰਗ ਹਿੰਸਾ ਅਤੇ ਪੱਥਰਬਾਜ਼ੀ ਦੀਆਂ ਛੋਟੀਆਂ-ਛੋਟੀਆਂ ਘਟਨਾਵਾਂ ਵਿਚਕਾਰ ਸਮਾਪਤ ਹੋਈ। ਇਸ ਦੌਰਾਨ ਕਈ ਥਾਵਾਂ ਤੋਂ ਪੱਥਰਬਾਜ਼ੀ ਅਤੇ ਝੜਪਾਂ ਦੀਆਂ ਰਿਪੋਰਟਾਂ ਸਾਹਮਣੇ ਆਈਆਂ।

ਜਲੰਧਰ : ਪੰਜਾਬ 'ਚ ਨਗਰ ਨਿਗਮਾਂ ਅਤੇ ਨਗਰ ਕੌਂਸਲ ਦੀਆਂ ਚੋਣਾਂ ਨੂੰ ਲੈ ਕੇ ਵੋਟਾਂ ਪੈਣ ਦਾ ਕੰਮ ਖ਼ਤਮ ਹੋ ਚੁੱਕਾ ਹੈ। ਇਹ ਵੋਟਿੰਗ ਸਵੇਰੇ 8 ਵਜੇ ਤੋਂ ਸ਼ੁਰੂ ਹੋਈ ਸੀ, ਜੋ ਕਿ ਸ਼ਾਮ ਦੇ 5 ਵਜੇ ਤੱਕ ਚੱਲੀ। ਵੋਟਾਂ ਪਾਉਣ ਨੂੰ ਲੈ ਕੇ ਤਪਦੀ ਗਰਮੀ ਦੇ ਬਾਵਜੂਦ ਵੀ ਵੋਟਰਾਂ 'ਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਮਿਲਿਆ। ਲੋਕ ਸਵੇਰ ਤੋਂ ਹੀ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪੋਲਿੰਗ ਬੂਥਾਂ 'ਤੇ ਪੁੱਜਣਾ ਸ਼ੁਰੂ ਹੋ ਗਏ ਸਨ। ਤਿੱਖੀ ਗਰਮੀ ਦੇ ਬਾਵਜੂਦ ਵੋਟਰਾਂ ਦੇ ਹੌਸਲੇ 'ਚ ਕੋਈ ਕਮੀ ਨਹੀਂ ਦਿਖਾਈ ਦਿੱਤੀ ਅਤੇ ਔਰਤਾਂ, ਨੌਜਵਾਨਾਂ ਤੇ ਬਜ਼ੁਰਗ ਵੀ ਵੱਡੀ ਗਿਣਤੀ 'ਚ ਵੋਟਿੰਗ

ਵਿੱਚ ਹਿੱਸਾ ਲਿਆ। ਹਾਲਾਂਕਿ ਕਈ ਥਾਵਾਂ 'ਤੇ ਝੜਪਾਂ ਵੀ ਹੋਈਆਂ ਅਤੇ ਕਈ ਇਲਾਕਿਆਂ 'ਚ ਜਾਅਲੀ ਵੋਟਾਂ ਨੂੰ ਲੈ ਕੇ ਵੀ ਸਵਾਲ ਉੱਠੇ। ਇਸ ਦੇ ਬਾਵਜੂਦ ਪੰਜਾਬ ਭਰ 'ਚ ਵੋਟਿੰਗ ਪ੍ਰਕਿਰਿਆ ਦਾ ਕੰਮ ਅਮਨ-ਸ਼ਾਂਤੀ ਨਾਲ ਨਿੱਬੜ ਗਿਆ। ਇਨ੍ਹਾਂ ਵੋਟਾਂ ਦੀ ਗਿਣਤੀ 29 ਮਈ ਨੂੰ ਕੀਤੀ ਜਾਵੇਗੀ।

ਦੁਪਹਿਰ 2 ਵਜੇ ਤੱਕ 45.60 ਫ਼ੀਸਦੀ ਹੋਈ ਵੋਟਿੰਗ

ਰਾਏਕੋਟ ਵਿੱਚ ਵੋਟਿੰਗ ਹਿੰਸਕ ਢੰਗ ਨਾਲ ਸ਼ੁਰੂ ਹੋਈ। ਸਵੇਰੇ ਤੜਕੇ, ਵਾਰਡ ਨੰਬਰ 4 ਤੋਂ ਕਾਂਗਰਸ ਦੇ ਉਮੀਦਵਾਰ ਜਗਦੇਵ ਸਿੰਘ ਜੱਗਾ 'ਤੇ ਇੱਕ ਪੋਲਿੰਗ ਬੂਥ ਦੇ ਅੰਦਰ ਜਾਨਲੇਵਾ ਹਮਲਾ ਕੀਤਾ ਗਿਆ। ਹਮਲਾਵਰਾਂ 'ਤੇ ਆਮ ਆਦਮੀ ਪਾਰਟੀ (ਆਪ) ਦੇ ਮੈਂਬਰ ਹੋਣ ਦਾ ਦੋਸ਼ ਹੈ। ਜੱਗਾ ਨੂੰ ਪਹਿਲਾਂ ਸਿਵਲ ਹਸਪਤਾਲ ਲਿਜਾਇਆ ਗਿਆ ਅਤੇ ਬਾਅਦ ਵਿੱਚ ਸ਼ਹਿਰ ਦੇ ਸਭ ਤੋਂ ਵੱਡੇ ਨਿੱਜੀ ਹਸਪਤਾਲ ਵਿੱਚ ਤਬਦੀਲ ਕਰ ਦਿੱਤਾ ਗਿਆ। ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਜੱਗਾ ਦੇ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ ਹਨ ਅਤੇ ਉਸਨੂੰ ਅਗਲੇ ਇਲਾਜ ਲਈ ਚੰਡੀਗੜ੍ਹ ਦੇ ਪੀਜੀਆਈ (ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ) ਰੈਫਰ ਕੀਤਾ ਜਾ ਰਿਹਾ ਹੈ।

ਰਾਏਕੋਟ ਵਿੱਚ, ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਸਮਰਥਕਾਂ ਵਿਚਕਾਰ ਸੋਮਵਾਰ ਦੁਪਹਿਰ ਨੂੰ ਸ਼ੁਰੂ ਹੋਇਆ ਝਗੜਾ ਰਾਤ ਨੂੰ ਖੂਨੀ ਝੜਪ ਬਾਕੀ ਸਫ਼ਾ 7 'ਤੇ

ਕੁਲਜੀਤ ਸਿੰਘ ਬੇਦੀ ਨੇ ਵੱਖ-ਵੱਖ ਵਾਰਡਾਂ ਦੇ ਬੂਥਾਂ ਦਾ ਕੀਤਾ ਦੌਰਾ
ਕਿਹਾ - ਮੋਹਾਲੀ ਨਗਰ ਨਿਗਮ 'ਚ ਕਾਂਗਰਸ ਦੀ ਵਾਪਸੀ ਤੈਅ

ਦੇਸ਼ ਪ੍ਰਦੇਸ਼ ਸ਼ਸ਼ੀ ਪਾਲ ਜੈਨ
ਮੋਹਾਲੀ 26 ਮਈ : ਮੋਹਾਲੀ ਨਗਰ ਨਿਗਮ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾਇਆ ਹੋਇਆ ਹੈ ਅਤੇ ਹਰ ਪਾਰਟੀ ਆਪਣੇ ਉਮੀਦਵਾਰਾਂ ਦੀ ਜਿੱਤ ਯਕੀਨੀ ਬਣਾਉਣ ਲਈ ਪੂਰੀ ਤਾਕਤ ਲਾ ਰਹੀ ਹੈ। ਇਸੇ ਕੜੀ ਤਹਿਤ ਮੋਹਾਲੀ ਨਗਰ ਨਿਗਮ ਦੇ ਸਾਬਕਾ ਡਿਪਟੀ ਮੇਅਰ ਅਤੇ ਸੀਨੀਅਰ ਕਾਂਗਰਸੀ ਆਗੂ ਕੁਲਜੀਤ ਸਿੰਘ ਬੇਦੀ ਨੇ ਅੱਜ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਪਹੁੰਚ ਕੇ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਦੇ ਬੂਥਾਂ ਦਾ ਦੌਰਾ ਕੀਤਾ ਅਤੇ ਚੋਣ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਹੋਏ ਵਰਕਰਾਂ ਅਤੇ ਸਮਰਥਕਾਂ ਦਾ ਹੌਸਲਾ ਵਧਾਇਆ। ਇਸ ਦੌਰਾਨ ਕੁਲਜੀਤ ਸਿੰਘ ਬੇਦੀ ਦਾ ਕਈ ਥਾਵਾਂ 'ਤੇ ਪਾਰਟੀ ਵਰਕਰਾਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਬੂਥਾਂ 'ਤੇ ਮੌਜੂਦ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਸਮਰਥਕਾਂ ਨੇ ਕਾਂਗਰਸ ਪਾਰਟੀ ਦੇ ਹੱਕ ਵਿੱਚ ਨਾਅਰੇਬਾਜ਼ੀ ਵੀ ਕੀਤੀ। ਬੇਦੀ ਨੇ ਕਿਹਾ ਕਿ ਮੋਹਾਲੀ ਦੀ ਜਨਤਾ ਇਸ ਵਾਰ ਨਗਰ ਨਿਗਮ ਵਿੱਚ ਮੁੜ ਕਾਂਗਰਸ ਪਾਰਟੀ ਨੂੰ ਲਿਆਉਣ ਦਾ ਮਨ ਬਣਾ ਚੁੱਕੀ ਹੈ ਅਤੇ ਲੋਕ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਸਮਰਥਨ ਦੇ ਰਹੇ ਹਨ।

ਉਹਨਾਂ ਕਿਹਾ ਕਿ ਜਿੱਥੇ ਜਿੱਥੇ ਵੀ ਉਹ ਚੋਣ ਪ੍ਰਚਾਰ ਜਾਂ ਬੂਥ ਦੌਰਿਆਂ ਲਈ ਗਏ ਹਨ, ਉਥੇ ਲੋਕਾਂ ਵਿੱਚ ਕਾਂਗਰਸ ਪਾਰਟੀ ਲਈ ਵੱਡਾ ਉਤਸ਼ਾਹ ਵੇਖਣ ਨੂੰ ਮਿਲਿਆ ਹੈ। ਲੋਕ ਮੌਜੂਦਾ ਹਾਲਾਤਾਂ ਤੋਂ ਨਿਰਾਸ਼ ਹਨ ਅਤੇ ਆਮ ਆਦਮੀ ਪਾਰਟੀ ਦੇ ਝੂਠੇ ਵਾਅਦਿਆਂ, ਅਧੂਰੇ ਕੰਮਾਂ ਅਤੇ ਲੋਕਾਂ ਨਾਲ ਕੀਤੇ ਗਏ ਲਾਰਿਆਂ ਤੋਂ ਤੰਗ ਆ ਚੁੱਕੇ ਹਨ। ਉਹਨਾਂ ਕਿਹਾ ਕਿ ਚੋਣਾਂ ਦੌਰਾਨ ਲੋਕਾਂ ਦਾ ਰੁਝਾਨ ਸਾਫ ਦੱਸ ਰਿਹਾ ਹੈ ਕਿ ਮੋਹਾਲੀ ਵਿੱਚ ਇਸ ਵਾਰ ਕਾਂਗਰਸ ਪਾਰਟੀ ਦੀ ਮਜ਼ਬੂਤ ਵਾਪਸੀ ਹੋਣ ਜਾ ਰਹੀ ਹੈ। ਕੁਲਜੀਤ ਸਿੰਘ ਬੇਦੀ ਨੇ ਦਾਅਵਾ ਕੀਤਾ ਕਿ ਖਾਸ ਤੌਰ 'ਤੇ ਮੁਲਾਜ਼ਮ ਵਰਗ ਵਿੱਚ ਆਮ ਆਦਮੀ ਪਾਰਟੀ ਪ੍ਰਤੀ ਭਾਰੀ ਨਾਰਾਜ਼ਗੀ ਹੈ। ਉਹਨਾਂ ਕਿਹਾ ਕਿ ਸਰਕਾਰੀ ਕਰਮਚਾਰੀਆਂ, ਪੈਨਸ਼ਨਰਾਂ ਅਤੇ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮਾਂ ਨੇ ਪਿਛਲੇ ਸਮੇਂ ਦੌਰਾਨ ਆਪਣੀਆਂ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਅਤੇ ਰੈਲੀਆਂ ਤੱਕ ਕੱਢੀਆਂ, ਜਿਸ ਨਾਲ ਸਾਫ ਹੈ ਕਿ ਕਰਮਚਾਰੀ ਵਰਗ ਸਰਕਾਰ ਦੀ ਕਾਰਗੁਜ਼ਾਰੀ ਤੋਂ ਸੰਤੁਸ਼ਟ ਨਹੀਂ ਹੈ। ਮੋਹਾਲੀ ਵਿੱਚ ਵੱਡੀ ਗਿਣਤੀ ਵਿੱਚ ਰਹਿੰਦਾ ਮੁਲਾਜ਼ਮ ਵਰਗ ਇਸ ਵਾਰ ਵੋਟਾਂ ਰਾਹੀਂ ਆਪਣਾ ਗੁੱਸਾ ਜ਼ਾਹਿਰ ਕਰਨ ਲਈ ਤਿਆਰ ਬੈਠਾ ਹੈ। ਉਹਨਾਂ ਕਿਹਾ ਕਿ ਸਿਰਫ ਕਰਮਚਾਰੀ ਹੀ ਨਹੀਂ, ਸਗੋਂ ਕਿਸਾਨ, ਵਪਾਰੀ, ਮਹਿਲਾਵਾਂ ਅਤੇ ਨੌਜਵਾਨ ਵਰਗ ਵੀ ਕਾਂਗਰਸ ਪਾਰਟੀ ਦੇ ਹੱਕ ਵਿੱਚ ਖੁੱਲ੍ਹ ਕੇ ਸਾਹਮਣੇ ਆ ਰਿਹਾ ਹੈ। ਹਰ ਵਰਗ ਨੂੰ ਇਹ ਯਕੀਨ ਹੈ ਕਿ ਸਿਰਫ ਕਾਂਗਰਸ ਪਾਰਟੀ ਹੀ ਮੋਹਾਲੀ ਦੇ ਵਿਕਾਸ ਨੂੰ ਬਾਕੀ ਸਫ਼ਾ 7 'ਤੇ

ਸਰਹੱਦੀ ਖੇਤਰ 'ਚ 50 ਕਿਲੋਮੀਟਰ ਦੇ ਅੰਦਰ ਦੀ ਸੁਰੱਖਿਆ 'ਤੇ ਨਜ਼ਰ ਰੱਖਣ ਦੇ ਬੀਐਸਐਫ ਜਵਾਨਾਂ ਨੂੰ ਅਮਿਤ ਸ਼ਾਹ ਦੇ ਨਿਰਦੇਸ਼

ਦੇਸ਼ ਪ੍ਰਦੇਸ਼
ਬੀਕਾਨੇਰ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਆਪਣੇ ਬੀਕਾਨੇਰ ਦੌਰੇ ਦੌਰਾਨ ਮੰਗਲਵਾਰ ਨੂੰ ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ 'ਤੇ ਸਥਿਤ ਸਾਂਚ ਪੋਸਟ ਪਹੁੰਚੇ। ਉੱਥੇ ਉਨ੍ਹਾਂ ਨੇ ਸੀਮਾ ਸੁਰੱਖਿਆ ਬਲ ਦੇ ਜਵਾਨਾਂ ਨੂੰ ਸੰਬੋਧਨ ਕਰਦਿਆਂ ਸਰਹੱਦੀ ਸੁਰੱਖਿਆ ਦੇ ਘੇਰੇ ਨੂੰ ਵਧਾਉਣ ਅਤੇ ਨਵੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਇੱਕ ਨਵਾਂ ਦਿਸ਼ਾ-ਨਿਰਦੇਸ਼ ਦਿੱਤਾ। ਇਸ ਦੌਰਾਨ ਗ੍ਰਹਿ ਮੰਤਰੀ ਨੇ 'ਪ੍ਰਹਰੀ ਸੰਮੇਲਨ ਨੂੰ ਸੰਬੋਧਨ ਕਰਦਿਆਂ ਸਪੱਸ਼ਟ ਕੀਤਾ ਕਿ ਬੀ.ਐਸ.ਐਫ. ਦੀ ਜ਼ਿੰਮੇਵਾਰੀ ਸਿਰਫ਼ ਸਰਹੱਦ ਦੀ ਲਕੀਰ ਤੱਕ ਸੀਮਤ ਨਹੀਂ ਹੈ, ਬਲਕਿ ਉਨ੍ਹਾਂ ਨੂੰ ਸਰਹੱਦ ਤੋਂ 50 ਕਿਲੋਮੀਟਰ ਅੰਦਰ ਤੱਕ ਦੇ ਖੇਤਰ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਸੰਭਾਲਣੀ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਦਾਇਰੇ ਵਿੱਚ ਹੋਣ ਵਾਲੇ ਕਿਸੇ ਵੀ ਗੈਰ-ਕਾਨੂੰਨੀ ਉਸਾਰੀ ਦੀ ਜਾਣਕਾਰੀ ਤੁਰੰਤ ਸਥਾਨਕ ਪੁਲਸ ਅਤੇ ਪ੍ਰਸ਼ਾਸਨ ਨੂੰ ਦਿੱਤੀ ਜਾਣੀ ਚਾਹੀਦੀ ਹੈ। ਇਸ ਤੋਂ ਇਲਾਵਾ ਜੇਕਰ ਸਰਹੱਦੀ ਪਿੰਡਾਂ ਦੀ ਆਬਾਦੀ ਵਿੱਚ ਕੋਈ ਅਸਾਧਾਰਨ ਬਦਲਾਅ ਨਜ਼ਰ ਆਉਂਦਾ ਹੈ, ਤਾਂ ਸੂਬਾ ਸਰਕਾਰ ਨੂੰ ਤੁਰੰਤ ਸੁਚੇਤ ਕੀਤਾ ਜਾਵੇ। ਅਮਿਤ ਸ਼ਾਹ ਨੇ ਡਰੋਨ ਰਾਹੀਂ ਹੋ ਰਹੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ (ਨਾਰਕੋਟਿਕਸ) ਦੀ ਤਸਕਰੀ ਨੂੰ ਦੇਸ਼ ਦੀ ਸੁਰੱਖਿਆ ਲਈ ਇੱਕ ਵੱਡੀ ਚੁਣੌਤੀ ਦੱਸਿਆ। ਉਨ੍ਹਾਂ ਐਲਾਨ ਕੀਤਾ ਕਿ ਭਾਰਤ ਸਰਕਾਰ ਅਗਲੇ ਛੇ ਮਹੀਨਿਆਂ ਵਿੱਚ ਸਰਹੱਦ 'ਤੇ ਡਰੋਨ ਰੋਧੀ ਸਿਸਟਮ ਲਗਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦੇਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਭਾਰਤੀ ਸਰਜ਼ਮੀਨ 'ਤੇ ਉਤਰਨ ਵਾਲੇ ਡਰੋਨਾਂ ਨੂੰ ਕੌਣ ਰਿਸੀਵ ਬਾਕੀ ਸਫ਼ਾ 7 'ਤੇ

ਨਿੱਜੀ ਵਾਹਨਾਂ ਦੀ ਵਰਤੋਂ ਘਟਾਉਣ ਲਈ ਹਰ ਪਿੰਡ ਤੇ ਸ਼ਹਿਰ ਨੂੰ ਬੱਸ ਸੇਵਾ ਨਾਲ ਜੋੜਿਆ ਜਾਣਾ ਚਾਹੀਦੈ : ਸੀਐਮ ਸੈਣੀ

ਦੇਸ਼ ਪ੍ਰਦੇਸ਼ ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੈਟਰੋਲ ਅਤੇ ਡੀਜ਼ਲ ਦੀ ਖਪਤ ਨੂੰ ਰੋਕਣ ਲਈ ਨਿੱਜੀ ਵਾਹਨਾਂ ਦੀ ਵਰਤੋਂ ਘਟਾਉਣਾ ਜ਼ਰੂਰੀ ਹੈ, ਅਤੇ ਇਹ ਤਾਂ ਹੀ ਪ੍ਰਾਪਤ ਕੀਤਾ ਜਾ ਸਕਦਾ ਹੈ ਜੇਕਰ ਸਰਕਾਰੀ ਬੱਸ ਸੇਵਾਵਾਂ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚ ਸਕਣ। ਇਸ ਲਈ, ਟਰਾਂਸਪੋਰਟ ਵਿਭਾਗ ਨੂੰ ਪੂਰੇ ਰਾਜ ਲਈ ਇੱਕ ਵਿਆਪਕ ਰੂਟ ਮੈਪ ਤਿਆਰ ਕਰਨਾ ਚਾਹੀਦਾ ਹੈ - ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਵਧਦੀ ਆਬਾਦੀ ਦੇ ਨਾਲ-ਨਾਲ ਭਵਿੱਖ ਦੀ ਉਮੀਦ ਅਨੁਸਾਰ ਮੰਗ - ਅਤੇ, ਇਸ ਸੋਧੀ ਹੋਈ ਯੋਜਨਾ ਦੇ ਅਨੁਸਾਰ, ਵੱਧ ਤੋਂ ਵੱਧ ਪਿੰਡਾਂ ਅਤੇ ਸ਼ਹਿਰਾਂ ਨੂੰ ਬੱਸ ਨੈੱਟਵਰਕ ਨਾਲ ਜੋੜਨਾ ਚਾਹੀਦਾ ਹੈ। ਮੁੱਖ ਮੰਤਰੀ ਨੇ ਮੰਗਲਵਾਰ ਨੂੰ ਹਰਿਆਣਾ ਸਿਵਲ ਸਕੱਤਰੇਤ ਵਿਖੇ 'ਹਰਿਆਣਾ ਵਿਜ਼ਨ-2047' ਪਹਿਲਕਦਮੀ ਤਹਿਤ ਟਰਾਂਸਪੋਰਟ ਵਿਭਾਗ ਦੇ 5 ਸਾਲਾ ਰੋਡਮੈਪ ਅਤੇ ਕਾਰਜ ਯੋਜਨਾ

'ਹਰਿਆਣਾ ਵਿਜ਼ਨ-2047' ਤਹਿਤ ਟਰਾਂਸਪੋਰਟ ਵਿਭਾਗ ਦੇ 5 ਸਾਲਾ ਰੋਡਮੈਪ ਅਤੇ ਕਾਰਜ ਯੋਜਨਾ ਸਬੰਧੀ ਸਮੀਖਿਆ ਮੀਟਿੰਗ ਦੌਰਾਨ ਜਾਰੀ ਕੀਤੇ ਗਏ ਨਿਰਦੇਸ਼

ਦਾ ਮੁਲਾਂਕਣ ਕਰਨ ਲਈ ਆਯੋਜਿਤ ਇੱਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਇਹ ਨਿਰਦੇਸ਼ ਜਾਰੀ ਕੀਤੇ। ਮੀਟਿੰਗ ਦੌਰਾਨ, ਉਨ੍ਹਾਂ ਨੇ ਭਵਿੱਖ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਟਰਾਂਸਪੋਰਟ ਵਿਭਾਗ ਦੁਆਰਾ ਅਪਣਾਈਆਂ ਜਾਣ ਵਾਲੀਆਂ ਨਵੀਆਂ ਤਕਨਾਲੋਜੀਆਂ ਅਤੇ ਯੋਜਨਾਵਾਂ ਦੀ ਸਮੀਖਿਆ ਵੀ ਕੀਤੀ, ਇਸ ਸਬੰਧ ਵਿੱਚ ਅਧਿਕਾਰੀਆਂ ਨੂੰ ਵਿਆਪਕ ਦਿਸ਼ਾ-ਨਿਰਦੇਸ਼ ਪ੍ਰਦਾਨ ਕੀਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਢੁਕਵੇਂ ਪ੍ਰਬੰਧਨ ਨਾਲ, ਟਰਾਂਸਪੋਰਟ ਵਿਭਾਗ ਬੱਸਾਂ ਦੀ ਘਾਟ ਨੂੰ ਦੂਰ ਕਰ ਸਕਦਾ ਹੈ ਅਤੇ ਨਾਲ ਹੀ ਇਹ ਯਕੀਨੀ ਬਣਾ ਸਕਦਾ ਹੈ ਕਿ ਆਵਾਜਾਈ ਸਹੂਲਤਾਂ ਆਬਾਦੀ ਦੇ ਹਰ ਹਿੱਸੇ ਲਈ ਪਹੁੰਚਯੋਗ ਹੋਣ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਜਦੋਂ ਕਿ ਰਾਜ ਵਿੱਚ ਆਬਾਦੀ - ਲਗਭਗ 6,500 ਪਿੰਡਾਂ ਅਤੇ ਵੱਖ-ਵੱਖ ਸ਼ਹਿਰੀ ਖੇਤਰਾਂ ਵਿੱਚ ਫੈਲੀ ਹੋਈ ਹੈ - ਸਮੇਂ ਦੇ ਨਾਲ ਕਾਫ਼ੀ ਵਧੀ ਹੈ, ਟਰਾਂਸਪੋਰਟ ਵਿਭਾਗ ਦੀਆਂ ਬੱਸ ਸੇਵਾਵਾਂ ਦੀ ਪਹੁੰਚ ਉਸ ਅਨੁਸਾਰ ਨਹੀਂ ਵਧੀ ਹੈ। ਉਨ੍ਹਾਂ ਨੇ ਵਿਭਾਗ ਨੂੰ ਮੌਜੂਦਾ ਜ਼ਰੂਰਤਾਂ ਦੇ ਅਨੁਸਾਰ ਇੱਕ ਰਾਜ-ਵਿਆਪੀ ਰੂਟ ਯੋਜਨਾ ਤਿਆਰ ਕਰਨ ਅਤੇ ਇੱਕ ਰਣਨੀਤੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਜੋ ਇਹ ਯਕੀਨੀ ਬਣਾਏ ਕਿ ਬੱਸ ਸੇਵਾਵਾਂ ਹਰ ਪਿੰਡ ਤੱਕ ਪਹੁੰਚਣ। ਉਦੇਸ਼ ਵਿਦਿਆਰਥੀਆਂ, ਔਰਤਾਂ ਅਤੇ ਕੰਮ ਕਰਨ ਵਾਲੇ ਪੇਸ਼ੇਵਰਾਂ ਨੂੰ ਜਨਤਕ ਬੱਸਾਂ ਦੀ ਪੂਰੀ ਹੱਦ ਤੱਕ ਵਰਤੋਂ ਕਰਨ ਲਈ ਉਤਸ਼ਾਹਿਤ ਕਰਨਾ ਹੈ, ਜਿਸ ਨਾਲ ਨਿੱਜੀ ਵਾਹਨਾਂ 'ਤੇ ਨਿਰਭਰਤਾ ਵਿੱਚ ਕਮੀ ਆਵੇਗੀ। ਉਨ੍ਹਾਂ ਨੇ ਪਿੰਡਾਂ ਦੇ 'ਸਰਕਲ' ਬਣਾਉਣ ਦਾ ਬਾਕੀ ਸਫ਼ਾ 7 'ਤੇ

ਗੁਰਦਾਸਪੁਰ/ਦੀਨਾਨਗਰ/ਕਾਦੀਆਂ ਨਗਰ ਕੌਂਸਲ ਆਮ ਚੋਣਾਂ 13 ਜੂਨ ਨੂੰ

ਦੇਸ਼ ਪ੍ਰਦੇਸ਼
ਗੁਰਦਾਸਪੁਰ, 26 ਮਈ (ਗੁਲਸ਼ਨ ਰਣੀਆ) : ਸਥਾਨਕ ਸਰਕਾਰਾਂ ਵਿਭਾਗ, ਪੰਜਾਬ ਦੁਆਰਾ ਪੰਜਾਬ ਮਿਊਂਸੀਪਲ ਐਕਟ, 1911 ਦੀ ਧਾਰਾ 13-ਏ ਅਧੀਨ ਜਾਰੀ ਨੋਟੀਫਿਕੇਸ਼ਨ ਨੰਬਰ 03/01/ਈਲੈਕਸ਼ਨਸ(ਐਸ-2)/ਐਮਈਬੀ/2026/78 ਮਿਤੀ 21.05.2026 ਅਨੁਸਾਰ ਰਾਜ ਚੋਣ ਕਮਿਸ਼ਨ ਪੰਜਾਬ ਨੇ ਨਗਰ ਕੌਂਸਲ ਦੀਨਾਨਗਰ, ਨਗਰ ਕੌਂਸਲ ਗੁਰਦਾਸਪੁਰ, ਨਗਰ ਕੌਂਸਲ ਕਾਦੀਆਂ ਅਤੇ ਨਗਰ ਕੌਂਸਲ ਸ਼ਾਮ ਚੌਰਾਸੀ ਦੇ ਮੈਂਬਰਾਂ ਦੀ ਚੋਣ ਲਈ ਆਮ ਚੋਣਾਂ ਕਰਵਾਉਣ ਦੀਆਂ ਤਰੀਕਾਂ ਦਾ ਐਲਾਨ ਕੀਤਾ ਹੈ ਚੋਣ ਸ਼ਡਿਊਲ ਅਨੁਸਾਰ, ਨਾਮਜ਼ਦਗੀ ਪੱਤਰ 30.05.2026 (ਸ਼ਨੀਵਾਰ) ਨੂੰ ਸਵੇਰੇ 11:00 ਵਜੇ ਤੋਂ ਦੁਪਹਿਰ 03:00 ਵਜੇ ਤੱਕ ਸਬੰਧਤ ਰਿਟਰਨਿੰਗ ਅਫਸਰ ਦੇ ਦਫ਼ਤਰ ਵਿਖੇ ਦਾਖਲ ਕੀਤੇ ਜਾਣੇ ਸ਼ੁਰੂ ਹੋਣਗੇ ਅਤੇ ਆਖਰੀ ਮਿਤੀ 03.06.2026 (ਬੁੱਧਵਾਰ) ਦੁਪਹਿਰ 03:00 ਵਜੇ ਤੱਕ ਦਾਖਲ ਕੀਤੇ ਜਾ ਸਕਦੇ ਹਨ। ਨਾਮਜ਼ਦਗੀਆਂ ਦੀ ਜਾਂਚ 04.06.2026 (ਵੀਰਵਾਰ) ਨੂੰ ਹੋਵੇਗੀ। ਨਾਮਜ਼ਦਗੀਆਂ ਵਾਪਸ ਲੈਣ ਦੀ ਮਿਤੀ 05.06.2026 (ਸ਼ੁੱਕਰਵਾਰ) ਦੁਪਹਿਰ 03:00 ਵਜੇ ਤੱਕ ਹੋਵੇਗੀ। ਇਨ੍ਹਾਂ ਨਗਰ ਕੌਂਸਲਾਂ ਦੀਆਂ ਚੋਣਾਂ 13.06.2026 (ਸ਼ਨੀਵਾਰ) ਨੂੰ ਸਵੇਰੇ 08:00 ਵਜੇ ਤੋਂ ਸ਼ਾਮ 04:00 ਵਜੇ ਤੱਕ ਹੋਣਗੀਆਂ। ਵੋਟਾਂ ਦੀ ਗਿਣਤੀ ਵੋਟਾਂ ਪੈਣ ਤੋਂ ਤੁਰੰਤ ਬਾਅਦ ਉਸੇ ਦਿਨ ਕੀਤੀ ਜਾਵੇਗੀ ਕਮਿਸ਼ਨ ਨੇ ਇਨ੍ਹਾਂ ਚੋਣਾਂ ਨੂੰ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਹਨ ਚੋਣ ਸ਼ਡਿਊਲ ਦੇ ਐਲਾਨ ਨਾਲ, ਇਨ੍ਹਾਂ ਨਗਰ ਕੌਂਸਲਾਂ ਦੇ ਅਧਿਕਾਰ ਖੇਤਰ ਵਿੱਚ, ਜਿੱਥੇ ਚੋਣਾਂ ਹੋਣੀਆਂ ਹਨ, ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਹੈ ਅਤੇ ਇਹ ਚੋਣ ਪ੍ਰਕਿਰਿਆ ਦੇ ਮੁਕੰਮਲ ਹੋਣ ਤੱਕ ਲਾਗੂ ਰਹੇਗਾ।



ਮੁੱਖ ਮੰਤਰੀ ਮਾਨ ਦੇ ਸਾਬਕਾ ਓਐਸਡੀ ਗ੍ਰਿਫ਼ਤਾਰ



ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਪੁਲਿਸ ਨੇ ਮੰਗਲਵਾਰ ਨੂੰ ਧੂਰੀ ਵਿੱਚ ਚੱਲ ਰਹੀਆਂ ਨਗਰ ਕੌਂਸਲ ਚੋਣਾਂ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਸਾਬਕਾ ਓਐਸਡੀ ਪ੍ਰੋਫੈਸਰ ਓਂਕਾਰ ਸਿੰਘ ਨੂੰ ਹਿਰਾਸਤ ਵਿੱਚ ਲੈ ਲਿਆ। ਪ੍ਰੋਫੈਸਰ ਓਂਕਾਰ ਸਿੰਘ ਨੇ ਕੁਝ ਮਹੀਨੇ ਪਹਿਲਾਂ ਆਮ ਆਦਮੀ ਪਾਰਟੀ ਤੋਂ ਅਸਤੀਫਾ ਦੇ ਦਿੱਤਾ ਸੀ ਅਤੇ ਬਾਅਦ ਵਿੱਚ ਭਾਜਪਾ ਵਿੱਚ ਸ਼ਾਮਲ ਹੋ ਗਏ ਸਨ। ਰਿਪੋਰਟਾਂ ਅਨੁਸਾਰ, ਉਨ੍ਹਾਂ ਨੂੰ ਧੂਰੀ ਨਗਰ ਕੌਂਸਲ ਚੋਣਾਂ ਨਾਲ ਸਬੰਧਤ ਪੋਲਿੰਗ ਦੌਰਾਨ ਪੁਲਿਸ ਹਿਰਾਸਤ ਵਿੱਚ ਲਿਆ ਗਿਆ ਸੀ। ਹਾਲਾਂਕਿ, ਹਿਰਾਸਤ ਪਿੱਛੇ ਸਹੀ ਕਾਰਨ ਦਾ ਤੁਰੰਤ ਪਤਾ ਨਹੀਂ ਲੱਗ ਸਕਿਆ।

ਜਲੰਧਰ ਕੇਂਦਰੀ ਦੇ ਵਿਧਾਇਕ ਰਮਨ ਅਰੋੜਾ ਨੂੰ ਈਡੀ ਨੇ ਭੇਜਿਆ ਸੰਮਨ, ਭ੍ਰਿਸ਼ਟਾਚਾਰ ਦੇ ਮਾਮਲੇ 'ਚ ਮਿਲੀ ਹੋਈ ਜ਼ਮਾਨਤ

ਦੇਸ਼ ਪ੍ਰਦੇਸ਼
ਜਲੰਧਰ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਈਡੀ ਨੇ ਜਲੰਧਰ ਕੇਂਦਰੀ ਦੇ ਵਿਧਾਇਕ ਰਮਨ ਅਰੋੜਾ ਨੂੰ ਸੰਮਨ ਭੇਜਿਆ ਹੈ। ਵਿਜੀਲੈਂਸ ਬਿਊਰੋ ਵੱਲੋਂ ਦਾਇਰ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਜ਼ਮਾਨਤ 'ਤੇ ਚੱਲ ਰਹੇ ਵਿਧਾਇਕ ਨੂੰ ਹੋਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਦੱਸਿਆ ਜਾ ਰਿਹਾ ਹੈ ਕਿ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਵਿਧਾਇਕ ਖ਼ਿਲਾਫ਼ ਦਰਜ ਐਫਆਈਆਰ ਦੇ ਆਧਾਰ 'ਤੇ ਈਡੀ ਨੇ ਮਨੀ ਲਾਂਡਰਿੰਗ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਈਡੀ ਅਧਿਕਾਰੀਆਂ ਨੇ ਵਿਧਾਇਕ ਰਮਨ ਅਰੋੜਾ ਨੂੰ ਜਾਂਚ ਵਿੱਚ ਸ਼ਾਮਲ ਹੋਣ ਲਈ ਤਲਬ ਕੀਤਾ ਹੈ। ਉਨ੍ਹਾਂ ਨੂੰ ਜੂਨ ਦੇ ਪਹਿਲੇ ਹਫ਼ਤੇ ਪੁੱਛਗਿੱਛ ਲਈ ਪੇਸ਼ ਹੋਣ ਲਈ ਕਿਹਾ ਗਿਆ ਹੈ। ਜ਼ਿਕਰਯੋਗ ਹੈ ਕਿ ਵਿਧਾਇਕ ਰਮਨ ਅਰੋੜਾ ਨੂੰ ਪਿਛਲੇ ਸਾਲ 23 ਮਈ ਨੂੰ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਵਿਜੀਲੈਂਸ ਬਿਊਰੋ ਨੇ ਗ੍ਰਿਫ਼ਤਾਰ ਕੀਤਾ ਸੀ। ਬਾਅਦ ਵਿੱਚ ਸਤੰਬਰ 2025 ਤੱਕ ਜੇਲ੍ਹ ਵਿੱਚ ਰਹਿਣ ਤੋਂ ਬਾਅਦ ਉਨ੍ਹਾਂ ਨੂੰ ਜ਼ਮਾਨਤ ਦੇ ਦਿੱਤੀ ਗਈ ਸੀ। ਜ਼ਿਕਰਯੋਗ ਹੈ ਕਿ ਬਾਕੀ ਸਫ਼ਾ 7 'ਤੇ

ਪੰਜਾਬ ਕਾਂਗਰਸ ਮੁਖੀ ਨਵੇਂ ਮੁਸੀਬਤ 'ਚ ਫਸੇ: ਐਸਸੀ ਕਮਿਸ਼ਨ ਨੇ ਰਾਜਾ ਵੜਿੰਗ ਨੂੰ ਵਿਵਾਦਪੂਰਨ ਬਿਆਨ 'ਤੇ ਕੀਤਾ ਨੋਟਿਸ ਜਾਰੀ

ਦੇਸ਼ ਪ੍ਰਦੇਸ਼
ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਰਾਜ ਅਨੁਸੂਚਿਤ ਜਾਤੀ ਕਮਿਸ਼ਨ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ, ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਜੁੜੇ ਇੱਕ ਕਥਿਤ ਆਡੀਓ ਕਲਿੱਪ ਬਾਰੇ ਸਖ਼ਤ ਰੁਖ਼ ਅਪਣਾਇਆ ਹੈ। ਇਹ ਦੋਸ਼ ਲਗਾਇਆ ਗਿਆ ਹੈ ਕਿ ਵਾਇਰਲ ਆਡੀਓ ਕਲਿੱਪ ਵਿੱਚ ਇਤਰਾਜ਼ਯੋਗ ਟਿੱਪਣੀਆਂ ਹਨ, ਜਿਵੇਂ ਕਿ 'ਡੇਢ [ਲੋਕ] ਇੱਕ ਹਜ਼ਾਰ [ਰੁਪਏ] ਲਈ' ਅਤੇ 'ਭੇਡਾਂ ਦੋ ਹਜ਼ਾਰ [ਰੁਪਏ] ਲਈ'। ਮਾਮਲੇ ਦਾ 'ਖੁਦ ਨੋਟਿਸ' ਲੈਂਦੇ ਹੋਏ, ਕਮਿਸ਼ਨ ਨੇ ਮੁਕਤਸਰ ਦੇ ਸੀਨੀਅਰ ਪੁਲਿਸ ਸੁਪਰਡੈਂਟ (ਐਸਐਸਪੀ) ਨੂੰ 29 ਮਈ ਨੂੰ ਸਵੇਰੇ 9:00 ਵਜੇ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਹਨ। ਕਮਿਸ਼ਨ ਦੀ ਕਾਰਵਾਈ ਸਮਾਜਿਕ ਸੁਰੱਖਿਆ ਮੰਤਰੀ, ਡਾ. ਬਲਜੀਤ ਕੌਰ ਤੋਂ ਪ੍ਰਾਪਤ ਇੱਕ ਪੱਤਰ ਤੋਂ ਬਾਅਦ ਹੋਈ ਹੈ। ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਐਕਟ, 2004 ਦੀ ਧਾਰਾ 10 ਤਹਿਤ ਜਾਂਚ ਸ਼ੁਰੂ ਕੀਤੀ ਗਈ ਹੈ। ਕਮਿਸ਼ਨ ਨੇ ਪੁਲਿਸ ਨੂੰ ਆਡੀਓ ਨਮੂਨੇ ਦੀ ਫੋਰੈਂਸਿਕ ਜਾਂਚ ਕਰਨ ਅਤੇ ਇੱਕ ਵਿਆਪਕ ਤੱਥ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਹਨ। ਨੋਟਿਸ ਵਿੱਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਹੈ ਕਿ ਆਪਣੇ ਆਦੇਸ਼ਾਂ ਦੀ ਪਾਲਣਾ ਬਾਕੀ ਸਫ਼ਾ 7 'ਤੇ

328 ਪਾਵਨ ਸਰੂਪਾਂ ਦੇ ਮਾਮਲੇ 'ਤੇ ਬਣੀ ਸਿੱਟ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਅਧਿਕਾਰਾਂ 'ਚ ਦੇ ਰਹੀ ਹੈ ਦਖ਼ਲ : ਐਡਵੋਕੇਟ ਹਰਜਿੰਦਰ ਸਿੰਘ ਧਾਮੀ

ਦੇਸ਼ ਪ੍ਰਦੇਸ਼ ਅੰਮ੍ਰਿਤਸਰ, 26 ਮਈ (ਮੋਹਕਮ ਸਿੰਘ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਵੱਲੋਂ 328 ਪਾਵਨ ਸਰੂਪਾਂ ਦੇ ਮਾਮਲੇ ਸਬੰਧੀ ਬਣਾਈ ਗਈ ਵਿਸ਼ੇਸ਼ ਜਾਂਚ ਟੀਮ (ਸਿੱਟ) ਦੀ ਕਾਰਗੁਜ਼ਾਰੀ 'ਤੇ ਗੰਭੀਰ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਹੈ ਕਿ ਸਿੱਟ ਆਪਣੇ ਅਧਿਕਾਰ ਖੇਤਰ ਤੋਂ ਬਾਹਰ ਜਾ ਕੇ ਸ਼੍ਰੋਮਣੀ ਕਮੇਟੀ ਦੇ ਅੰਦਰੂਨੀ ਅਤੇ ਪ੍ਰਬੰਧਕੀ ਮਾਮਲਿਆਂ ਵਿੱਚ ਗੈਰ-ਜ਼ਰੂਰੀ ਦਖਲਅੰਦਾਜ਼ੀ ਕਰ ਰਹੀ ਹੈ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਜਾਂਚ ਦੇ ਨਾਮ ਹੇਠ ਸਿੱਖਾਂ ਦੀ ਪ੍ਰਮੁੱਖ ਧਾਰਮਿਕ ਸੰਸਥਾ ਦੀ ਸੰਵਿਧਾਨਕ ਹਸਤੀ ਨੂੰ ਸੱਟ ਮਾਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਨੂੰ ਕਿਸੇ ਵੀ ਸੂਰਤ ਵਿੱਚ ਸਵੀਕਾਰ ਨਹੀਂ ਕੀਤਾ ਜਾ ਸਕਦਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਸ਼ੁਰੂ ਤੋਂ ਹੀ ਪੂਰੀ ਸੁਹਿਰਦਤਾ ਅਤੇ ਪਾਰਦਰਸ਼ਤਾ ਨਾਲ ਜਾਂਚ ਟੀਮ ਨੂੰ ਸਹਿਯੋਗ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਨੂੰ ਮੁੱਖ ਰੱਖਦਿਆਂ ਸਿੱਟ ਨੂੰ ਹਰ ਲੋੜੀਂਦੀ ਜਾਣਕਾਰੀ ਅਤੇ ਸਹਾਇਤਾ ਪ੍ਰਦਾਨ ਕੀਤੀ ਗਈ, ਪਰੰਤੂ ਦੁੱਖ ਦੀ ਗੱਲ ਹੈ ਕਿ ਸਿੱਟ ਨੇ ਇਸ ਸਹਿਯੋਗ ਨੂੰ ਸਮਝਣ ਦੀ ਬਜਾਏ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਅਤੇ ਅੰਦਰੂਨੀ ਮਾਮਲਿਆਂ ਨੂੰ ਆਪਣੇ ਏਜੰਡੇ ਦਾ ਹਿੱਸਾ ਬਣਾ ਲਿਆ ਹੈ। ਉਨ੍ਹਾਂ ਕਿਹਾ ਕਿ ਸਿੱਟ ਵੱਲੋਂ ਲਗਾਤਾਰ ਅਜਿਹੀਆਂ ਜਾਣਕਾਰੀਆਂ ਮੰਗੀਆਂ ਜਾ ਰਹੀਆਂ ਹਨ, ਜਿਨ੍ਹਾਂ ਦਾ 328 ਪਾਵਨ ਸਰੂਪਾਂ ਦੇ ਮਾਮਲੇ ਨਾਲ ਦੂਰ-ਦੂਰ ਤੱਕ ਕੋਈ ਸੰਬੰਧ ਨਹੀਂ ਬਣਦਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਤਰਾਜ਼ ਜਤਾਉਂਦਿਆਂ ਕਿਹਾ ਕਿ ਸਿੱਟ ਵੱਲੋਂ ਸ਼੍ਰੋਮਣੀ ਕਮੇਟੀ ਦੇ ਵਿੱਤੀ ਖਾਤਿਆਂ, ਬੈਂਕ ਲੈਣ-ਦੇਣ ਅਤੇ ਸਮੁੱਚੇ ਆਰਥਿਕ ਬਾਕੀ ਸਫ਼ਾ 7 'ਤੇ

ਰਾਮ ਰਹੀਮ ਨੂੰ 16ਵੀਂ ਵਾਰ ਮਿਲੀ ਪੈਰੋਲ, 30 ਦਿਨਾਂ ਲਈ ਮਿਲੀ ਮਨਜ਼ੂਰੀ

ਦੇਸ਼ ਪ੍ਰਦੇਸ਼ ਰੋਹਤਕ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਡੇਰਾ ਸੱਚਾ ਸੌਦਾ ਮੁਖੀ ਰਾਮ ਰਹੀਮ ਨੂੰ 30 ਦਿਨਾਂ ਦੀ ਹੋਰ ਪੈਰੋਲ ਮਿਲਣ ਤੋਂ ਬਾਅਦ ਮੰਗਲਵਾਰ ਨੂੰ ਰੋਹਤਕ ਦੀ ਸੁਨਾਰੀਆ ਜੇਲ੍ਹ ਤੋਂ ਬਾਹਰ ਆ ਗਿਆ। 2020 ਤੋਂ ਬਾਅਦ ਇਹ 16ਵੀਂ ਵਾਰ ਹੈ, ਜਦੋਂ ਉਹ ਪੈਰੋਲ 'ਤੇ ਜੇਲ੍ਹ ਤੋਂ ਬਾਹਰ ਆਇਆ ਹੈ। ਰਾਮ ਰਹੀਮ ਇਸ ਸਮੇਂ ਹਰਿਆਣਾ ਦੇ ਰੋਹਤਕ ਦੀ ਸੁਨਾਰੀਆ ਜੇਲ੍ਹ ਵਿੱਚ ਬੰਦ ਹੈ, ਆਪਣੇ ਦੋ ਚੇਲਿਆਂ ਨਾਲ ਜਿਨਸੀ ਸ਼ੋਸ਼ਣ ਦੇ ਦੋਸ਼ੀ ਠਹਿਰਾਏ ਜਾਣ ਤੋਂ ਬਾਅਦ 20 ਸਾਲ ਦੀ ਸਜ਼ਾ ਕੱਟ ਰਿਹਾ ਹੈ। ਅਧਿਕਾਰੀਆਂ ਅਨੁਸਾਰ, ਰਾਮ ਰਹੀਮ ਪੈਰੋਲ ਦੀ ਮਿਆਦ ਦੌਰਾਨ ਸਿਰਸਾ ਸਥਿਤ ਆਪਣੇ ਡੇਰਾ ਹੈੱਡਕੁਆਰਟਰ ਵਿੱਚ ਰਹੇਗਾ। ਉਸਨੂੰ ਆਪਣੇ ਡੇਰਿਆਂ ਵਿੱਚ ਆਪਣੇ ਪੈਰੋਕਾਰਾਂ ਨੂੰ ਇਕੱਠਾ ਕਰਨ ਦੀ ਇਜਾਜ਼ਤ ਨਹੀਂ ਹੈ, ਪਰ ਉਹ ਉਨ੍ਹਾਂ ਨੂੰ ਵਰਚੁਅਲੀ ਸੰਬੋਧਨ ਕਰ ਸਕਦਾ ਹੈ। ਗੁਰਮੀਤ ਰਾਮ ਰਹੀਮ ਸਿੰਘ ਪਹਿਲਾਂ 24 ਅਕਤੂਬਰ, 2020 (1 ਦਿਨ ਦੀ ਪੈਰੋਲ) ਨੂੰ ਜੇਲ੍ਹ ਤੋਂ ਬਾਹਰ ਆਇਆ; ਫਿਰ 21 ਮਈ, 2021 ਨੂੰ (ਆਪਣੀ ਬਿਮਾਰ ਮਾਂ ਨੂੰ ਮਿਲਣ ਲਈ 12 ਘੰਟੇ ਦੀ ਪੈਰੋਲ); 7 ਫਰਵਰੀ, 2022 (21 ਦਿਨ ਦੀ ਫਰਲੋ); ਜੂਨ 2022 (30 ਦਿਨ ਦੀ ਪੈਰੋਲ); 14 ਅਕਤੂਬਰ, 2022 (40 ਦਿਨ ਦੀ ਪੈਰੋਲ)। ਫਿਰ ਉਸਨੂੰ 21 ਜਨਵਰੀ, 2023 (40 ਦਿਨ ਦੀ ਪੈਰੋਲ); 20 ਜੁਲਾਈ, 2023 (30 ਦਿਨ ਦੀ ਪੈਰੋਲ); 21 ਨਵੰਬਰ, 2023 (21 ਦਿਨ ਦੀ ਫਰਲੋ); 19 ਜਨਵਰੀ, 2024 (50 ਦਿਨ ਦੀ ਫਰਲੋ); 13 ਅਗਸਤ, 2024 (21 ਦਿਨ ਦੀ ਫਰਲੋ); 2 ਅਕਤੂਬਰ, 2024 (20-ਦਿਨਾਂ ਦੀ ਪੈਰੋਲ); 28 ਜਨਵਰੀ, 2025 (30-ਦਿਨਾਂ ਦੀ ਪੈਰੋਲ); 9 ਅਪ੍ਰੈਲ 2025 (21-ਦਿਨਾਂ ਦੀ ਫਰਲੋ) ਅਤੇ 5 ਅਗਸਤ, 2025 (40-ਦਿਨਾਂ ਦੀ ਪੈਰੋਲ)।



ਮਨੀ ਲਾਂਡਰਿੰਗ ਦੇ ਮਾਮਲੇ 'ਚ ਈਡੀ ਵੱਲੋਂ ਰੌਇਲ ਅਸਟੇਟ ਗਰੁੱਪ ਦੇ ਦਫ਼ਤਰਾਂ ਤੇ ਪ੍ਰਮੋਟਰਾਂ ਦੇ ਟਿਕਾਣਿਆਂ ਤੇ ਛਾਪੇ

ਦੇਸ਼ ਪ੍ਰਦੇਸ਼ ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਐਨਫੋਰਸਮੈਂਟ ਡਾਇਰੈਕਟੋਰੇਟ ਨੇ ਅੱਜ ਨਿਗਮ ਤੇ ਕੌਂਸਲ ਚੋਣਾਂ ਦਰਮਿਆਨ ਮਨੀ ਲਾਂਡਰਿੰਗ ਦੇ ਮਾਮਲੇ 'ਚ ਰੌਇਲ ਅਸਟੇਟ ਗਰੁੱਪ ਅਤੇ ਚੰਡੀਗੜ੍ਹ ਰੌਇਲ ਸਿਟੀ ਪ੍ਰਮੋਟਰਜ਼ ਪ੍ਰਾਈਵੇਟ ਲਿਮਟਿਡ ਦੇ ਅੱਧੀ ਦਰਜਨ ਟਿਕਾਣਿਆਂ 'ਤੇ ਛਾਪੇ ਮਾਰੇ। ਇਨ੍ਹਾਂ ਕੰਪਨੀਆਂ ਨਾਲ ਜੁੜੇ ਰੀਅਲ ਅਸਟੇਟ ਡਿਵੈਲਪਰ ਪਰਵੀਨ ਕਾਂਸਲ ਉਰਫ਼ ਰੌਕੀ ਦੀ ਚੰਡੀਗੜ੍ਹ ਦੇ ਸੈਕਟਰ 20 ਵਿਚਲੀ ਰਿਹਾਇਸ਼ 'ਤੇ ਵੀ ਈ ਡੀ ਦੀ ਟੀਮ ਨੇ ਛਾਪਾ ਮਾਰਿਆ। ਪਰਵੀਨ ਕਾਂਸਲ ਰੌਕੀ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਦਾ ਨੇੜਲਾ ਰਿਹਾ ਹੈ ਅਤੇ ਰਾਮਪੁਰਾ ਫੂਲ ਦਾ ਰਹਿਣ ਵਾਲਾ ਹੈ। ਈ ਡੀ ਦੀਆਂ ਟੀਮਾਂ ਨੇ ਪਰਵੀਨ ਕਾਂਸਲ ਉਰਫ਼ ਰੌਕੀ ਤੋਂ ਇਲਾਵਾ ਨੀਰਜ ਕਾਂਸਲ, ਅਨੁਰਾਗ ਮਿੱਢਾ, ਦਲਜੀਤ ਸਿੰਘ, ਸੁਮਿਤ ਬਾਂਸਲ, ਲਿਆਕਤ ਅਲੀ ਨਾਲ ਜੁੜੇ ਟਿਕਾਣਿਆਂ 'ਤੇ ਛਾਪੇ ਮਾਰ ਕੇ ਤਲਾਸ਼ੀ ਮੁਹਿੰਮ ਚਲਾਈ। ਈ ਡੀ ਦੇ ਰਡਾਰ 'ਤੇ ਕੁੱਝ ਸਮੇਂ ਤੋਂ ਪਰਵੀਨ ਕਾਂਸਲ ਅਤੇ ਨੀਰਜ ਕਾਂਸਲ ਸਨ ਅਤੇ ਇਹ ਮਾਮਲਾ ਜ਼ਮੀਨ ਨਾਲ ਕਥਿਤ ਬੇਨਿਯਮੀਆਂ ਨਾਲ ਜੁੜਿਆ ਵੀ ਦੱਸਿਆ ਜਾ ਰਿਹਾ ਹੈ। ਈ ਡੀ ਦੀਆਂ ਟੀਮਾਂ ਨੇ ਅੱਜ ਸਵੇਰ ਛੇ ਵਜੇ ਮੁਹਾਲੀ, ਜ਼ੀਰਕਪੁਰ ਅਤੇ ਚੰਡੀਗੜ੍ਹ 'ਚ ਉਪਰੋਕਤ ਕੰਪਨੀ ਦੇ ਟਿਕਾਣਿਆਂ 'ਤੇ ਇੱਕੋ ਸਮੇਂ ਛਾਪੇਮਾਰੀ ਕੀਤੀ। ਕੰਪਨੀ ਦੇ ਚੰਡੀਗੜ੍ਹ ਦਿੱਲੀ ਕੌਮੀ ਮਾਰਗ 'ਤੇ ਪੈਂਦੇ ਮੁੱਖ ਦਫ਼ਤਰ ਦੀ ਵੀ ਤਲਾਸ਼ੀ ਲਈ ਗਈ। ਪਤਾ ਲੱਗਿਆ ਹੈ ਕਿ ਈ ਡੀ ਦੀਆਂ ਟੀਮਾਂ ਵੱਲੋਂ ਜਾਇਦਾਦਾਂ ਨਾਲ ਸਬੰਧਿਤ ਦਸਤਾਵੇਜ਼ਾਂ, ਡਿਜੀਟਲ ਡਿਵਾਈਸ ਅਤੇ ਵਿੱਤੀ ਲੈਣ ਦੇਣ ਨਾਲ ਸਬੰਧਿਤ ਰਿਕਾਰਡ ਜ਼ਬਤ ਵੀ ਕੀਤਾ ਗਿਆ ਹੈ। ਈ ਡੀ ਬਾਕੀ ਸਫ਼ਾ 7 'ਤੇ



ਲੈਫਟੀਨੈਂਟ ਜਨਰਲ ਹਰਜੀਤ ਸਿੰਘ ਸਾਹੀ ਨੇ ਪੱਛਮੀ ਕਮਾਂਡ ਦੇ ਚੀਫ਼ ਆਫ਼ ਸਟਾਫ਼ ਵਜੋਂ ਅਹੁਦਾ ਸੰਭਾਲਿਆ

ਦੇਸ਼ ਪ੍ਰਦੇਸ਼
ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਲੈਫਟੀਨੈਂਟ ਜਨਰਲ ਹਰਜੀਤ ਸਿੰਘ ਸਾਹੀ, ਪੀਵੀਐਸਐਮ, ਯੂਵਾਈਐਸਐਮ, ਏਵੀਐਸਐਮ, ਵਾਈਐਸਐਮ, ਐਸਐਮ, ਨੇ 26 ਮਈ, 2026 ਨੂੰ ਹੈੱਡਕੁਆਰਟਰ ਪੱਛਮੀ ਕਮਾਂਡ, ਚੰਡੀਮੰਦਰ ਮਿਲਟਰੀ ਸਟੇਸ਼ਨ ਵਿਖੇ ਚੀਫ਼ ਆਫ਼ ਸਟਾਫ਼ ਵਜੋਂ ਅਹੁਦਾ ਸੰਭਾਲਿਆ। ਉਹ ਲੈਫਟੀਨੈਂਟ ਜਨਰਲ ਪੁਨੀਤ ਆਹੂਜਾ, ਏਵੀਐਸਐਮ, ਐਸਐਮ, ਵੀਐਸਐਮ ਦੀ ਥਾਂ ਲੈਣਗੇ, ਜਿਨ੍ਹਾਂ ਨੇ ਆਰਮੀ ਹੈੱਡਕੁਆਰਟਰ ਵਿਖੇ ਡਾਇਰੈਕਟਰ ਜਨਰਲ ਰਣਨੀਤਕ ਯੋਜਨਾਬੰਦੀ ਦੀ ਨਿਯੁਕਤੀ ਸੰਭਾਲ ਲਈ ਹੈ। ਪੰਜਾਬ ਪਬਲਿਕ ਸਕੂਲ, ਨਾਭਾ ਅਤੇ ਇੰਡੀਅਨ ਮਿਲਟਰੀ ਅਕੈਡਮੀ, ਦੇਹਰਾਦੂਨ ਦੇ ਸਾਬਕਾ ਵਿਦਿਆਰਥੀ, ਲੈਫਟੀਨੈਂਟ ਜਨਰਲ ਸਾਹੀ ਨੂੰ ਦਸੰਬਰ 1988 ਵਿੱਚ ਰਾਜਪੂਤ ਰੈਜੀਮੈਂਟ ਦੀ 23ਵੀਂ ਬਟਾਲੀਅਨ ਵਿੱਚ ਕਮਿਸ਼ਨ ਦਿੱਤਾ ਗਿਆ ਸੀ ਅਤੇ ਵਰਤਮਾਨ ਵਿੱਚ ਰਾਜਪੂਤ ਰੈਜੀਮੈਂਟ ਦੇ ਕਰਨਲ ਦੀ ਵਿਸ਼ੇਸ਼ ਨਿਯੁਕਤੀ ਹੈ। ਜਨਰਲ ਅਫਸਰ ਕੋਲ ਸਿਆਚਿਨ ਗਲੇਸ਼ੀਅਰ ਸਮੇਤ ਉੱਤਰੀ, ਪੱਛਮੀ ਅਤੇ ਪੂਰਬੀ ਸੈਕਟਰਾਂ ਵਿੱਚ ਵਿਆਪਕ ਸੰਚਾਲਨ ਦਾ ਤਜਰਬਾ ਹੈ। ਉਸਨੇ ਜੰਮੂ-ਕਸ਼ਮੀਰ ਵਿੱਚ ਕੰਟਰੋਲ ਰੇਖਾ ਦੇ ਨਾਲ ਬਾਕੀ ਸਫ਼ਾ 7 'ਤੇ

ਪਵਨ ਦੀਵਾਨ ਨੇ ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵਿੱਚ ਤੁਰੰਤ ਕਟੌਤੀ ਦੀ ਮੰਗ ਕੀਤੀ

• ਰਿਕਾਰਡ ਤੇਲ ਮੁਨਾਫ਼ਿਆਂ ਦੇ ਬਾਵਜੂਦ ਲਗਾਤਾਰ ਤੇਲ ਮਹਿੰਗਾ ਕਰਨ ਦੀ ਕੀਤੀ ਨਿੰਦਾ

ਲੁਧਿਆਣਾ, 26 ਮਈ (ਸੂਰਜ) ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਰ-ਵਾਰ ਕੀਤੇ ਜਾ ਰਹੇ ਵਾਧੇ ਨੂੰ ਲੈ ਕੇ ਮੋਦੀ ਸਰਕਾਰ ਨੂੰ ਘੇਰਦਿਆਂ, ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਕਿਹਾ ਕਿ ਸਿਰਫ਼ 10 ਦਿਨਾਂ ਦੇ ਅੰਦਰ ਲਗਾਤਾਰ ਚਾਰ ਵਾਧਿਆਂ ਰਾਹੀਂ ਪ੍ਰਤੀ ਲੀਟਰ ਲਗਭਗ 7.5 ਰੁਪਏ ਦੇ ਕੁੱਲ ਵਾਧੇ ਨੇ ਦੇਸ਼ ਭਰ ਦੇ ਲੋਕਾਂ ਨੂੰ ਹੈਰਾਨ ਅਤੇ ਪਰੇਸ਼ਾਨ ਕਰ ਦਿੱਤਾ ਹੈ। ਇਸ ਕਾਰਨ ਪਰਿਵਾਰਾਂ ਲਈ ਆਪਣੇ ਘਰੇਲੂ ਖਰਚੇ ਚਲਾਉਣਾ ਹੋਰ ਵੀ ਮੁਸ਼ਕਲ ਹੋ ਗਿਆ ਹੈ। ਇੱਥੇ ਜਾਰੀ ਇੱਕ ਬਿਆਨ ਵਿੱਚ, ਦੀਵਾਨ ਨੇ ਇਸਨੂੰ ਵੱਡਾ ਦੁੱਖ ਕਰਾਰ ਦਿੱਤਾ ਹੈ ਕਿ ਜਦੋਂ ਸਰਕਾਰੀ ਤੇਲ ਮਾਰਕੀਟਿੰਗ ਕੰਪਨੀਆਂ (ਓਐਮਸੀਜ਼) ਭਾਰੀ ਮੁਨਾਫ਼ੇ ਕਮਾ ਰਹੀਆਂ ਹਨ, ਉਸੇ ਸਮੇਂ ਤੇਲ ਦੀਆਂ ਕੀਮਤਾਂ ਛੋਟੇ-ਛੋਟੇ ਅੰਤਰਾਲਾਂ ਵਿੱਚ ਲਗਾਤਾਰ ਵਧਾਈਆਂ ਜਾ ਰਹੀਆਂ ਹਨ। ਉਨ੍ਹਾਂ ਨੇ ਖ਼ੁਲਾਸਾ ਕੀਤਾ ਕਿ ਵਿੱਤੀ ਸਾਲ 2025-26 ਦੌਰਾਨ ਓਐਮਸੀਜ਼ ਨੇ 77,280.65 ਕਰੋੜ ਰੁਪਏ ਦਾ ਸ਼ਾਨਦਾਰ ਮੁਨਾਫ਼ਾ ਦਰਜ ਕੀਤਾ, ਜਿਹੜੇ ਪਿਛਲੇ ਸਾਲ ਦੇ ਮੁਕਾਬਲੇ ਲਗਭਗ 130 ਫੀਸਦੀ ਵੱਧ ਹੈ। ਇਸਦੇ ਬਾਵਜੂਦ ਖਪਤਕਾਰਾਂ ਉੱਤੇ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਰ-ਵਾਰ ਵਾਧੇ ਦਾ ਬੋਝ ਪਾਇਆ ਜਾ ਰਿਹਾ ਹੈ। ਦੀਵਾਨ ਨੇ ਕਿਹਾ ਕਿ ਐਨੇ ਵੱਡੇ ਮੁਨਾਫ਼ਿਆਂ ਦੇ ਮੱਦੇਨਜ਼ਰ ਸਰਕਾਰ ਦੀ ਕੀਮਤ ਨਿਰਧਾਰਨ ਨੀਤੀ ਦਾ ਬਚਾਅ ਕਰਨਾ ਅਸੰਭਵ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਰ ਕੁਝ ਦਿਨਾਂ ਬਾਅਦ ਕੀਤੇ ਜਾ ਰਹੇ ਗੈਰ-ਵਾਜਬ ਵਾਧਿਆਂ ਨਾਲ ਆਮ ਪਰਿਵਾਰਾਂ ਅਤੇ ਛੋਟੇ ਕਾਰੋਬਾਰਾਂ ਉੱਤੇ ਆਰਥਿਕ ਬੋਝ ਲਗਾਤਾਰ ਵਧ ਰਿਹਾ ਹੈ।ਉਨ੍ਹਾਂ ਨੇ ਮੋਦੀ ਸਰਕਾਰ ਉੱਤੇ ਲੋਕ ਭਲਾਈ ਨਾਲੋਂ ਕਾਰਪੋਰੇਟ ਮੁਨਾਫ਼ਿਆਂ ਨੂੰ ਤਰਜੀਹ ਦੇਣ ਦਾ ਦੋਸ਼ ਲਗਾਉਂਦਿਆਂ, ਕਿਹਾ ਕਿ ਇਹ ਬਹੁਤ ਹੀ ਹੈਰਾਨੀਜਨਕ ਹੈ ਕਿ ਵਿਸ਼ਵ ਪੱਧਰ 'ਤੇ ਕੱਚੇ ਤੇਲ ਦੀਆਂ ਕੀਮਤਾਂ ਘਟਣ ਦੇ ਬਾਵਜੂਦ ਦੇਸ਼ ਵਿੱਚ ਈਂਧਨ ਦੀਆਂ ਕੀਮਤਾਂ ਵਧ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਜਦੋਂ ਕੱਚੇ ਤੇਲ ਦੀ ਕੀਮਤ ਘਟਦੀ ਹੈ, ਤਾਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵੀ ਘਟਣੀਆਂ ਚਾਹੀਦੀਆਂ ਹਨ, ਪਰ ਇਸ ਸਰਕਾਰ ਹੇਠ ਤਸਵੀਰ ਬਿਲਕੁਲ ਵੱਖਰੀ ਹੈ। ਦੀਵਾਨ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਦੀ ਛਿਪੀ ਹੋਈ ਕੀਮਤ ਨਿਰਧਾਰਨ ਪ੍ਰਣਾਲੀ ਤੇਲ ਕੰਪਨੀਆਂ ਦੇ ਹਿੱਤਾਂ ਦੀ ਰੱਖਿਆ ਕਰਨ ਦਾ ਸਾਧਨ ਬਣ ਗਈ ਹੈ, ਜਦਕਿ ਆਮ ਲੋਕਾਂ ਨੂੰ ਇਸ ਦਾ ਖਮਿਆਜ਼ਾ ਭੁਗਤਣਾ ਪੈ ਰਿਹਾ ਹੈ। ਪਾਰਦਰਸ਼ੀ ਕੀਮਤ ਨਿਰਧਾਰਨ ਅਤੇ ਜਵਾਬਦੇਹੀ ਦੀ ਮੰਗ ਕਰਦਿਆਂ,।ਦੀਵਾਨ ਨੇ ਸਰਕਾਰ ਤੋਂ ਤੁਰੰਤ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਘਟਾਉਣ ਦੀ ਮੰਗ ਕੀਤੀ ਹੈ, ਤਾਂ ਜੋ ਘਰੇਲੂ ਪਰਿਵਾਰਾਂ, ਰੋਜ਼ਾਨਾ ਯਾਤਰੀਆਂ ਅਤੇ ਛੋਟੇ ਕਾਰੋਬਾਰਾਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਨੇ ਕਿਹਾ ਕਿ ਰਾਹਤ ਵਿੱਚ ਹੋਰ ਦੇਰੀ ਨਹੀਂ ਹੋਣੀ ਚਾਹੀਦੀ। ਲੋਕ ਇਨਸਾਫ਼ ਦੇ ਹੱਕਦਾਰ ਹਨ, ਸ਼ੋਸ਼ਣ ਦੇ ਨਹੀਂ।

ਇੱਕ ਨਜ਼ਰ ...

ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀ ਚੋਣਾਂ ਦੌਰਾਨ ਵੋਟਿੰਗ ਪ੍ਰਕਿਰਿਆ ਦਾ ਕੰਮ ਅਮਨ ਅਮਾਨ ਨਾਲ ਨੇਪਰੇ ਚੜ੍ਹਿਆ- ਜ਼ਿਲ੍ਹਾ ਚੋਣ ਅਫ਼ਸਰ

ਜ਼ਿਲ੍ਹੇ ਵਿੱਚ ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਵਿੱਚ ਕਰੀਬ 69.10 ਫੀਸਦੀ ਮਤਦਾਨ ਹੋਇਆ

ਫ਼ਤਹਿਗੜ੍ਹ ਸਾਹਿਬ, 26 ਮਈ (ਅਭਿਸ਼ੇਕ ਮਲਹੋਤਰਾ) ਜ਼ਿਲ੍ਹੇ ਅੰਦਰ ਨਗਰ ਕੌਂਸਲ ਸਰਹਿੰਦ-ਫ਼ਤਹਿਗੜ੍ਹ ਸਾਹਿਬ, ਮੰਡੀ ਗੋਬਿੰਦਗੜ੍ਹ, ਬੱਸੀ ਪਠਾਣਾਂ ਅਤੇ ਨਗਰ ਪੰਚਾਇਤ ਖਮਾਣੋਂ ਦੇ ਕੁੱਲ 80 ਵਾਰਡਾਂ ਦੀਆਂ ਚੋਣਾਂ ਸ਼ਾਂਤਮਈ ਢੰਗ ਨਾਲ ਨੇਪਰੇ ਚੜ੍ਹ ਗਈਆਂ ਹਨ। ਇਨ੍ਹਾਂ ਚੋਣਾਂ ਨੂੰ ਅਮਨ-ਅਮਾਨ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ [illegible] ਅਤੇ ਐਸ.ਐਸ.ਪੀ ਸ੍ਰੀ ਸ਼ੁਭਮ ਅਗਰਵਾਲ ਨੇ ਜ਼ਿਲ੍ਹੇ ਦੇ ਸਮੂਹ ਵੋਟਰਾਂ ਸਮੇਤ ਚੋਣ ਡਿਊਟੀ ਤੇ ਤਾਇਨਾਤ ਸਮੂੰਹ ਸਿਵਲ ਅਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹਨਾਂ ਚੋਣਾਂ ਵਿੱਚ ਵੋਟਰਾਂ ਨੇ ਆਪਣਾ ਪੂਰਾ ਉਤਸ਼ਾਹ ਦਿਖਾਇਆ ਅਤੇ ਸੁਚੱਜੇ ਢੰਗ ਨਾਲ ਆਪਣੀ ਵੋਟ ਦੇ ਅਧਿਕਾਰ ਦਾ ਇਸਤੇਮਾਲ ਕੀਤਾ। ਉਹਨਾਂ ਦੱਸਿਆ ਕਿ ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਵਿਖੇ 71.11 ਫੀਸਦੀ, ਸਰਹਿੰਦ-ਫ਼ਤਹਿਗੜ੍ਹ ਸਾਹਿਬ 64.05 ਫੀਸਦੀ, ਬੱਸੀ ਪਠਾਣਾਂ ਵਿਖੇ 67.77 ਫੀਸਦੀ ਅਤੇ ਨਗਰ ਪੰਚਾਇਤ ਖਮਾਣੋਂ ਵਿਖੇ 73.56 ਫੀਸਦੀ ਮਤਦਾਨ ਹੋਇਆ। ਇਸ ਤਰ੍ਹਾਂ ਜ਼ਿਲ੍ਹੇ ਵਿੱਚ ਕੁੱਲ 69.10 ਫੀਸਦੀ ਮਤਦਾਨ ਹੋਇਆ ਹੈ। ਉਨ੍ਹਾਂ ਦੱਸਿਆ ਕਿ ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।

ਅਮਨ ਅਮਾਨ ਨਾਲ ਨੇਪਰੇ ਚੜੀਆਂ ਨਗਰ ਕੌਂਸਲ ਚੋਣਾਂ

ਭਵਾਨੀਗੜ੍ਹ, 25 ਮਈ (ਹੈਪੀ ਸ਼ਰਮਾ) -ਨਗਰ ਕੌਂਸਲ ਭਵਾਨੀਗੜ੍ਹ ਦੀਆਂ 15 ਵਾਰਡਾਂ ਦੀਆਂ ਚੋਣਾਂ ਅਮਨ ਅਮਾਨ ਨਾਲ ਨੇਪਰੇ ਚੜੀਆਂ। ਸਮੁੱਚੇ 15 ਵਾਰਡਾਂ ਦੇ ਕੁੱਲ 18500 ਵੋਟਰ ਹਨ ਜਿੰਨ੍ਹਾਂ ਵਿਚੋਂ 13225 ਵੋਟਰਾਂ ਨੇ ਆਪਦੀ ਵੋਟ ਦਾ ਇਸਤੇਮਾਲ ਕੀਤਾ ਜਿੰਨ੍ਹਾਂ ਦੀ ਕੁੱਲ 71.4 ਫੀਸਦੀ ਵੋਟ ਪੋਲ ਹੋਈ। ਹਲਕਾ ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਕਾਂਗਰਸੀ ਹਲਕਾ ਇੰਚਾਰਜ ਸਾਬਕਾ ਮੰਤਰੀ ਵਿਜੇਇੰਦਰ ਸਿੰਗਲਾ ਤੇ ਧੱਕੇ ਨਾਲ ਬੂਥਾਂ ਦੇ ਅੰਦਰ ਜਾਣ ਤੇ ਆਪਣੀ ਭੜਾਸ ਕੱਢੀ ਅਤੇ ਕਿਹਾ ਕਿ ਆਜਾ ਹੁਣ ਦੁਬਾਰਾ ਅੰਦਰ ਵੜਕੇ ਦਿਖਾ। ਕਾਂਗਰਸੀ ਅਤੇ ਅਕਾਲੀ ਦਲ ਦੇ ਉਮੀਦਵਾਰਾਂ ਨੇ ਸੀਲਾਂ ਸਹੀ ਢੰਗ ਨਾਲ ਲਾਉਣ ਦਾ ਦੋਸ਼ ਲਾਉਂਦਿਆਂ ਘਪਲਾ ਹੋਣ ਦਾ ਦੋਸ਼ ਲਗਾਇਆ। ਗਰਮੀ ਦਾ ਮੌਸਮ ਹੋਣ ਦੇ ਬਾਵਜੂਦ ਵੀ ਲੋਕਾਂ ਵਿਚ ਵੋਟ ਦਾ ਭਾਰੀ ਉਤਸ਼ਾਹ ਦਿਖਿਆ। ਸਾਰੇ ਬੂਥਾਂ ਤੇ ਪਾਣੀ ਅਤੇ ਲੰਗਰ ਦਾ ਪ੍ਰਬੰਧ ਕੀਤਾ ਗਿਆ ਸੀ। ਬਜ਼ੁਰਗ ਵੋਟਰਾਂ ਨੂੰ ਘਰੋਂ ਲਿਆਉਣ ਦਾ ਵੀ ਪੂਰਾ ਪ੍ਰਬੰਧ ਉਮੀਦਵਾਰਾਂ ਵਲੋਂ ਕੀਤਾ ਹੋਇਆ ਸੀ।

ਮਾਲੇਰਕੋਟਲਾ ਨੇ ਫਿਰ ਦਿੱਤਾ ਭਾਈਚਾਰਕ ਸਾਂਝ ਅਤੇ ਅਮਨ-ਅਮਾਨ ਦਾ ਸੁਨੇਹਾ - ਐੱਸ.ਐੱਸ.ਪੀ. ਗੁਰਮੀਤ ਸਿੰਘ

ਮਾਲੇਰਕੋਟਲਾ, 26 ਮਈ :(ਮੁਨਸ਼ੀ ਫਾਰੂਕ) ਨਗਰ ਕੌਂਸਲ ਚੋਣਾਂ ਦੌਰਾਨ ਵਾਰਡ ਨੰਬਰ-8 ਵਿਖੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਮੌਕੇ ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਗੁਰਮੀਤ ਸਿੰਘ ਨੇ ਕਿਹਾ ਕਿ ਮਾਲੇਰਕੋਟਲਾ ਹਮੇਸ਼ਾ ਤੋਂ ਭਾਈਚਾਰਕ ਸਾਂਝ, ਅਮਨ-ਅਮਾਨ ਅਤੇ ਆਪਸੀ ਪਿਆਰ ਦਾ ਪ੍ਰਤੀਕ ਰਿਹਾ ਹੈ ਅਤੇ ਇਸ ਵਾਰ ਵੀ ਚੋਣਾਂ ਦੌਰਾਨ ਲੋਕਾਂ ਨੇ ਉਸ ਪਰੰਪਰਾ ਨੂੰ ਕਾਇਮ ਰੱਖਿਆ ਹੈ ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਕੁਝ ਅਫਵਾਹਾਂ ਫੈਲਾਈਆਂ ਜਾ ਰਹੀਆਂ ਸਨ ਕਿ ਵਾਰਡ ਨੰਬਰ-8 ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਆ ਸਕਦੀ ਹੈ, ਪਰ ਸਾਰੇ ਉਮੀਦਵਾਰਾਂ, ਸਿਆਸੀ ਪਾਰਟੀਆਂ, ਵਰਕਰਾਂ ਅਤੇ ਵੋਟਰਾਂ ਨੇ ਮਿਲਜੁਲ ਕੇ ਸ਼ਾਂਤਮਈ ਅਤੇ ਨਿਰਪੱਖ ਚੋਣ ਪ੍ਰਕਿਰਿਆ ਨੂੰ ਯਕੀਨੀ ਬਣਾਇਆ ਹੈ ਉਨ੍ਹਾਂ ਦੱਸਿਆ ਕਿ ਸਾਰੇ ਉਮੀਦਵਾਰਾਂ ਨੇ ਆਪਸੀ ਸਹਿਮਤੀ ਨਾਲ ਭਾਈਚਾਰਕ ਸਾਂਝ ਅਤੇ ਕਾਨੂੰਨ ਦੀ ਪਾਲਣਾ ਨੂੰ ਪਹਿਲ ਦਿੱਤੀ, ਜਿਸ ਕਾਰਨ ਲੋਕ ਨੇ ਬਿਨਾਂ ਕਿਸੇ ਡਰ ਜਾਂ ਦਬਾਅ ਤੋਂ ਆਪਣੀ ਵੋਟ ਦਾ ਇਸਤੇਮਾਲ ਕੀਤਾ ।ਐੱਸ.ਐੱਸ.ਪੀ. ਨੇ ਕਿਹਾ ਕਿ ਪੁਲਿਸ ਵੱਲੋਂ ਲਗਾਤਾਰ ਇਲਾਕੇ ਵਿੱਚ ਚੌਕਸੀ ਅਤੇ ਮੁਸਤੈਦੀ ਨਾਲ ਡਿਊਟੀ ਨਿਭਾਈ ਜਾ ਰਹੀ ਹੈ ਅਤੇ ਹਰ ਪੋਲਿੰਗ ਬੂਥ 'ਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਜ਼ਿਲ੍ਹੇ ਦੇ ਸਾਰੇ ਉਮੀਦਵਾਰਾਂ, ਉਨ੍ਹਾਂ ਦੇ ਸਮਰਥਕਾਂ, ਵੋਟਰਾਂ ਅਤੇ ਆਮ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਲੇਰਕੋਟਲਾ ਦਾ ਮੁਹੱਬਤ ਦਾ ਗੁਲਦਸਤਾ ਵਾਲਾ ਸੁਨੇਹਾ ਸਾਰਿਆਂ ਨੇ ਮਿਲ ਕੇ ਸੱਚੇ ਅਰਥਾਂ ਵਿੱਚ ਪੇਸ਼ ਕੀਤਾ ਹੈ। ਉਨ੍ਹਾਂ ਬਾਕੀ ਰਹਿੰਦੇ ਵਾਰਡਾਂ ਦੇ ਵੋਟਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਇਸੇ ਤਰ੍ਹਾਂ ਅਮਨ-ਅਮਾਨ, ਭਾਈਚਾਰਕ ਸਾਂਝ ਅਤੇ ਲੋਕਤੰਤਰਿਕ ਕਦਰਾਂ-ਕੀਮਤਾਂ ਨੂੰ ਕਾਇਮ ਰੱਖਦੇ ਹੋਏ ਸਮਾਜ ਵਿੱਚ ਸੁਚੇਤ ਨਾਗਰਿਕ ਵਜੋਂ ਅਹਿਮ ਰੋਲ ਨਿਭਾਉਂਦੇ ਰਹਿਣ ।

ਸ਼ਾਰਟ ਸਰਕਟ ਕਾਰਨ ਕਰਿਆਨੇ ਦੀ ਦੁਕਾਨ ਨੂੰ ਲੱਗੀ ਅੱਗ

ਸ਼ਾਹਕੋਟ, 26 ਮਈ (ਕੁਲਜੀਤ ਸਿੰਘ ਖਿੰਡਾ): ਬੀਤੀ ਰਾਤ ਪਿੰਡ ਚੱਕ ਚੇਲਾ ਵਿਖੇ ਇਕ ਕਰਿਆਨੇ ਦੀ ਦੁਕਾਨ ਵਿਚ ਅਚਾਨਕ ਭਿਆਨਕ ਅੱਗ ਲੱਗਣ ਦਾ ਮਾਮਲਾ ਸਾਹਮਣੇ ਆਇਆ ਹੈ। ਅੱਗ ਲੱਗਣ ਦੀ ਇਹ ਘਟਨਾ ਦੇਰ ਰਾਤ ਕਰੀਬ ਢਾਈ ਵਜੇ ਵਾਪਰੀ, ਜਿਸ ਬਾਰੇ ਆਸ-ਪਾਸ ਦੇ ਲੋਕਾਂ ਨੇ ਦੁਕਾਨ ਮਾਲਕ ਨੂੰ ਸੂਚਿਤ ਕੀਤਾ। ਜਾਣਕਾਰੀ ਅਨੁਸਾਰ ਅੱਗ ਲੱਗਣ ਦਾ ਮੁੱਖ ਕਾਰਨ ਸ਼ਾਰਟ ਸਰਕਟ ਦੱਸਿਆ ਜਾ ਰਿਹਾ ਹੈ। ਇਸ ਹਾਦਸੇ ਵਿਚ ਦੁਕਾਨ ਅੰਦਰ ਪਿਆ ਇਕ ਫਰਿੱਜ ਅਤੇ ਕਰਿਆਨੇ ਦਾ ਹੋਰ ਸਾਰਾ ਸਾਮਾਨ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਿਆ। ਦੁਕਾਨ ਮਾਲਕ ਲਖਵੀਰ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਚੱਕ ਚੇਲਾ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਦੁਕਾਨ ਬੰਦ ਕਰਕੇ ਗਿਆ ਸੀ। ਅੱਗ ਲੱਗਣ ਤੋਂ ਬਾਅਦ ਦੁਕਾਨ ਨੇੜੇ ਰਹਿੰਦੇ ਲੋਕਾਂ ਵੱਲੋਂ ਉਨ੍ਹਾਂ ਨੂੰ ਦੱਸਿਆ ਗਿਆ। ਜਦੋਂ ਮੌਕੇ 'ਤੇ ਆ ਕੇ ਦੇਖਿਆ ਤਾਂ ਸਮਾਨ ਸੜ ਕੇ ਸੁਆਹ ਹੋ ਚੁੱਕਾ ਸੀ। ਉਨ੍ਹਾਂ ਦੱਸਿਆ ਕਿ ਅੱਗ ਲੱਗਣ ਕਾਰਨ ਕਰੀਬ 50 ਤੋਂ 60 ਹਜ਼ਾਰ ਰੁਪਏ ਦਾ ਮਾਲੀ ਨੁਕਸਾਨ ਹੋਇਆ ਹੈ।

ਜਿਲਾ ਪਠਾਨਕੋਟ ਪੁਲਿਸ ਨੇ ਪਾਕਿਸਤਾਨੀ ਖੁਫੀਆ ਏਜੰਸੀ ਲਈ ਜਾਸੂਸੀ ਕਰਨ ਵਾਲੇ 5 ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਕੀਤੀ ਹਾਸਲ

ਪਠਾਨਕੋਟ 26, ਮਈ (ਤਰੁਣ ਸਣਹੋਤਰਾ) ਜਿਲਾ ਪਠਾਨਕੋਟ ਪੁਲਿਸ ਨੇ ਪਾਕਿਸਤਾਨੀ ਖੁਫੀਆ ਏਜੰਸੀ ਲਈ ਜਾਸੂਸੀ ਕਰਨ ਵਾਲੇ ਇਕ ਵੱਡੇ ਗਿਰੋਹ ਦਾ ਪਰਦਾਫਾਸ ਕਰਦਿਆਂ ਪੰਜ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਬੁਲਾਰੇ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਡੀਜੀਪੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਦੇਸ਼ ਵਿਰੋਧੀ ਤੱਤਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਪੁਲਿਸ ਮੁਤਾਬਕ 21 ਮਈ 2026 ਨੂੰ ਖੁਫੀਆ ਸੂਚਨਾ ਮਿਲੀ ਸੀ ਕਿ ਬਲਜੀਤ ਸਿੰਘ ਉਰਫ਼ ਬੀਤੂ ਵਾਸੀ ਚੱਕ ਧਾਰੀਵਾਲ ਅਤੇ ਉਸ ਦੇ ਸਾਥੀ ਪਾਕਿਸਤਾਨੀ ਏਜੰਸੀ ISI ਲਈ ਕੰਮ ਕਰ ਰਹੇ ਹਨ। ਦੋਸ਼ੀਆਂ ਵੱਲੋਂ ਸੁਜਾਨਪੁਰ ਨੇੜੇ ©8-44 'ਤੇ ਪੁੱਲ ਨੰਬਰ 4 ਅਤੇ 5 ਦੇ ਵਿਚਕਾਰ ਇਕ ਦੁਕਾਨ 'ਤੇ ਸੀਸੀਟੀਵੀ ਕੈਮਰੇ ਲਗਾ ਕੇ ਆਰਮੀ ਅਤੇ ਪੈਰਾਮਿਲਟਰੀ ਫੋਰਸਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖੀ ਜਾ ਰਹੀ ਸੀ। ਇਹ ਲਾਈਵ ਫੀਡ ਇਲੈਕਟ੍ਰਾਨਿਕ ਮਾਧਿਅਮ ਰਾਹੀਂ ਪਾਕਿਸਤਾਨ ਭੇਜੀ ਜਾਂਦੀ ਸੀ। ਇਸ ਮਾਮਲੇ ਵਿੱਚ ਥਾਣਾ ਸੁਜਾਨਪੁਰ ਵਿਖੇ ਕੇਸ ਦਰਜ ਕੀਤਾ ਗਿਆ। ਜਾਂਚ ਦੌਰਾਨ ਦੁਕਾਨ ਮਾਲਕ ਅੰਕਿਤ ਸ਼ਰਮਾ ਨੂੰ ਵੀ ਗ੍ਰਿਫਤਾਰ ਕੀਤਾ ਗਿਆ। ਇਸ ਤੋਂ ਇਲਾਵਾ ਬਲਜੀਤ ਦੇ ਭਰਾ ਹਰਦੀਪ ਸਿੰਘ 'ਤੇ ਸਬੂਤ ਨਸ਼ਟ ਕਰਨ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਗਿਆ। ਤਫਤੀਸ਼ ਵਿੱਚ ਇਹ ਵੀ ਸਾਹਮਣੇ ਆਇਆ ਕਿ ਬਲਜਿੰਦਰ ਸਿੰਘ ਉਰਫ਼ ਵਿੱਕੀ ਅਤੇ ਤਰਨਪ੍ਰੀਤ ਸਿੰਘ ਉਰਫ਼ ਤੰਨੂ, ਜੋ ਪਹਿਲਾਂ ਤੋਂ ਆਈਐਸਆਈ ਏਜੰਟਾਂ ਨਾਲ ਸੰਪਰਕ ਵਿੱਚ ਸਨ, ਇਸ ਜਾਸੂਸੀ ਗਿਰੋਹ ਦੇ ਅਹਿਮ ਮੈਂਬਰ ਸਨ। ਦੋਹਾਂ ਨੂੰ ਵੀ ਪੁਲਿਸ ਨੇ ਕਾਬੂ ਕਰ ਲਿਆ ਹੈ। ਪਠਾਨਕੋਟ ਪੁਲਿਸ ਨੇ ਕਿਹਾ ਕਿ ਦੇਸ਼ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਅਜਿਹੇ ਮਾਮਲਿਆਂ ਵਿੱਚ ਸਖ਼ਤ ਕਾਰਵਾਈ ਜਾਰੀ ਰਹੇਗੀ।

ਸੰਜੀਤ ਸਿੰਘ ਸੰਨੀ ਗਿੱਲ ਸਿੰਘ ਭੁੱਲਰ ਨੇ ਸ਼੍ਰੋਮਣੀ ਅਕਾਲੀ ਦਲ ਦੇ ਵੋਟਰਾਂ ਤੇ ਸਪੋਰਟਰਾਂ ਦਾ ਕੀਤਾ ਧੰਨਵਾਦ

ਕਿਹਾ ਸਤਾਧਾਰੀ ਸਰਕਾਰ ਦੀ ਧੱਕੇਸ਼ਾਹੀ ਦੇ ਬਾਵਜੂਦ ਵੀ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵੱਡੀ ਲੀਡ ਨਾਲ ਜਿੱਤਣਗੇ

=ਮੋਗਾ 26 ਮਈ (ਜਗਰਾਜ ਸਿੰਘ ਸੰਘਾ) ਅੱਜ ਨਗਰ ਨਿਗਮ ਮੋਗਾ ਦੀਆਂ ਹੋਈਆਂ ਚੋਣਾਂ ਵਿੱਚ ਸਤਾਧਾਰੀ ਆਪ ਸਰਕਾਰ ਦੀ ਧੱਕੇਸ਼ਾਹੀ ਦੇ ਬਾਵਜੂਦ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰ ਅਤੇ ਸਪੋਰਟਰ ਚੋਣ ਮੈਦਾਨ ਵਿੱਚ ਪੂਰੀ ਤਰ੍ਹਾਂ ਡਟੇ ਰਹੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ। ਸਰਕਾਰ ਦੇ ਆਗੂ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਤੇ ਵੋਟਰਾਂ ਤੇ ਦਬਾਅ ਪਾਉਂਦੇ ਵੇਖੇ ਗਏ ਪਰ ਵੋਟਰਾਂ ਨੇ ਬਿਨਾਂ ਕਿਸੇ ਡਰ ਦੇ ਆਪਣੀਆਂ ਵੋਟਾਂ ਦਾ ਮੱਤਦਾਨ ਕੀਤਾ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸੰਨੀ ਗਿੱਲ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਆਪ ਪਾਰਟੀ ਦੀ ਨਗਰ ਨਿਗਮ ਹੁੰਦਿਆਂ ਸ਼ਹਿਰ ਵਾਸੀਆਂ ਲਈ ਮਾੜੀ ਕਾਰਗੁਜ਼ਾਰੀ ਕਰਕੇ ਸਹਿਰ ਵਾਸੀ ਇਨ੍ਹਾਂ ਨੂੰ ਮੂੰਹ ਨਹੀਂ ਲਗਾ ਰਹੇ ਤੇ ਉਹ ਸਰਕਾਰੀ ਤੰਤਰ ਦਾ ਸਹਾਰਾ ਲੈਕੇ ਨਗਰ ਨਿਗਮ ਤੇ ਦੁਬਾਰਾ ਕਾਬਜ ਹੋਣ ਦੀ ਸੋਚ ਰਹੇ ਹਨ ਪਰ ਉਨ੍ਹਾਂ ਦੀਆਂ ਚਾਲਾਂ ਸਫਲ ਨਹੀਂ ਹੋਣ ਦਿੱਤੀਆਂ ਜਾਣਗੀਆਂ ਕਿਉਂਕਿ ਆਪ ਸਰਕਾਰ ਨਗਰ ਨਿਗਮ ਮੋਗਾ ਅੰਦਰ ਆਪਣੀ ਹਾਰ ਕਬੂਲ ਚੁੱਕੇ ਹਨ ਅਤੇ ਨਗਰ ਨਿਗਮ ਮੋਗਾ ਅਤੇ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਹੁਣ ਲੋਕ ਸ਼੍ਰੋਮਣੀ ਅਕਾਲੀ ਦਲ ਦਾ ਸਾਥ ਦੇ ਰਹੇ ਹਨ ਅਤੇ ਨਗਰ ਨਿਗਮ ਅੰਦਰ ਸ਼੍ਰੋਮਣੀ ਅਕਾਲੀ ਦਲ ਦਾ ਮੇਅਰ ਚੁਣਕੇ ਲੋਕਾਂ ਨੂੰ ਉਹ ਬੁਨਿਆਦੀ ਸਹੂਲਤਾਂ ਦੇਵਾਂਗੇ ਜੋ ਆਪ ਵਾਲੇ ਨਹੀਂ ਦੇ ਸਕੇ। ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਨਗਰ ਨਿਗਮ ਦੀਆਂ ਚੋਣਾਂ ਆਉਣ ਵਾਲੀਆਂ ਕੁਝ ਮਹੀਨਿਆਂ ਤੱਕ ਸਾਲ 2027 ਦੀਆਂ ਚੋਣਾਂ ਦਾ ਵੀ ਮੁੱਢ ਬੰਨੇਗੀ ਤੇ ਲੋਕ ਆਪ ਪਾਰਟੀ ਵਾਲਿਆਂ ਨੂੰ ਚੱਲਦਾ ਕਰਕੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣਗੇ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ, ਉਮੀਦਵਾਰਾਂ, ਵੋਟਰਾਂ ਤੇ ਸਪੋਰਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਨ੍ਹਾਂ ਨੇ ਬਿਨਾਂ ਕਿਸੇ ਡਰ ਭੈਅ ਦੇ ਆਪਣੀ ਜ਼ੁੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਈ ਇਸ ਮੌਕੇ ਤੇ ਉਹਨਾਂ ਦੇ ਨਾਲ ਰਵਦੀਪ ਸਿੰਘ ਸੰਘਾ ਦਾਰਾਪੁਰ ਬਿਪਨ ਪਾਲ ਸਿੰਘ ਖੋਸਾ ਰਾਜਵੰਤ ਸਿੰਘ ਮਾਹਲਾ ਗੁਰਜੰਟ ਸਿੰਘ ਤਲਵੰਡੀ ਚਰਨਜੀਤ ਸਿੰਘ ਧਾਲੀਵਾਲ ਤਲਵੰਡੀ ਭਜੇਰੀਆ ਅਤੇ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਮੌਜੂਦ ਸਨ

ਨਵਾਂਗਾਓਂ ਨਗਰ ਕੌਂਸਲ ਚੋਣਾਂ: ਵਾਰਡ ਨੰਬਰ 19 (ਬੂਥ 45-46) ਅਤੇ ਵਾਰਡ ਨੰਬਰ 21 (ਬੂਥ 50-51) ਦੇ ਉਮੀਦਵਾਰਾਂ ਨੇ ਦੁਰਵਿਵਹਾਰ ਦਾ ਦੋਸ਼ ਲਗਾਇਆ ਹੈ

ਜੇ.ਕੇ. ਬੱਤਾ - ਨਵਾਂ ਚੰਡੀਗੜ੍ਹ - ਖਰੜ ਨਵਾਂਗਾਓਂ ਨਗਰ ਕੌਂਸਲ ਚੋਣਾਂ ਲੜ ਰਹੇ ਸਾਰੇ ਉਮੀਦਵਾਰਾਂ - ਖਾਸ ਕਰਕੇ ਵਾਰਡ ਨੰਬਰ 19 (ਬੂਥ 45-46) ਅਤੇ ਵਾਰਡ ਨੰਬਰ 21 (ਬੂਥ 50-51) ਦੇ ਉਮੀਦਵਾਰਾਂ, ਜੋ ਕਿ ਸ਼ਿਸ਼ੂ ਨਿਕੇਤਨ ਸਕੂਲ, ਕਾਹਲੋਂ ਫਾਰਮ ਵਿਖੇ ਸਥਿਤ ਹਨ - ਨੇ ਦੱਸਿਆ ਹੈ ਕਿ ਸ਼ਾਮ 5:00 ਵਜੇ, ਚੋਣ ਅਧਿਕਾਰੀ ਨੇ ਬੈਲਟ ਬਕਸਿਆਂ @ਤੇ ਉਨ੍ਹਾਂ ਦੇ ਦਸਤਖਤ ਲਏ, ਬਕਸਿਆਂ ਨੂੰ ਸੀਲ ਕਰ ਦਿੱਤਾ, ਅਤੇ ਫਿਰ ਸ਼ਾਮ 5:10 ਵਜੇ ਸਾਰੇ ਚੋਣ ਲੜ ਰਹੇ ਉਮੀਦਵਾਰਾਂ ਨੂੰ ਪੋਲਿੰਗ ਬੂਥਾਂ ਤੋਂ ਬਾਹਰ ਕੱਢ ਦਿੱਤਾ। ਸ਼ਾਮ 6:20 ਵਜੇ, ਉਮੀਦਵਾਰਾਂ ਨੇ ਰਿਪੋਰਟ ਦਿੱਤੀ, ÷ਅਸੀਂ ਇੱਕ ਘੰਟੇ ਤੋਂ ਵੱਧ ਸਮੇਂ ਤੋਂ ਪੋਲਿੰਗ ਬੂਥਾਂ ਦੇ ਬਾਹਰ ਖੜ੍ਹੇ ਹਾਂ, ਅਤੇ ਕਿਸੇ ਨੂੰ ਵੀ ਪਤਾ ਨਹੀਂ ਹੈ ਕਿ ਅੰਦਰ ਕੀ ਹੋ ਰਿਹਾ ਹੈ।÷ ਉਨ੍ਹਾਂ ਦਾ ਕਹਿਣਾ ਹੈ ਕਿ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ, ਚੋਣ ਅਧਿਕਾਰੀ ਅਤੇ ਉਮੀਦਵਾਰਾਂ ਦੀ ਸਾਂਝੀ ਨਿਗਰਾਨੀ ਹੇਠ ਬੈਲਟ ਬਾਕਸ ਸੀਲ ਕੀਤੇ ਜਾਣੇ ਚਾਹੀਦੇ ਹਨ। ਹਾਲਾਂਕਿ, ਚੋਣ ਅਧਿਕਾਰੀ ਨੇ ਇਸ ਦੀ ਬਜਾਏ ਸਾਰੇ ਉਮੀਦਵਾਰਾਂ ਨੂੰ ਅਹਾਤੇ ਤੋਂ ਹਟਾ ਦਿੱਤਾ ਹੈ। ਇਸ ਸਥਿਤੀ ਦੇ ਮੱਦੇਨਜ਼ਰ, ਸਾਰੇ ਉਮੀਦਵਾਰਾਂ ਨੇ ਚੋਣ ਅਧਿਕਾਰੀ ਦੁਆਰਾ ਇੱਕ ਘੰਟੇ ਤੋਂ ਵੱਧ ਸਮੇਂ ਦੌਰਾਨ ਪੋਲਿੰਗ ਬੂਥਾਂ ਦੇ ਬਾਹਰ ਰੱਖੇ ਜਾਣ @ਤੇ ਕੀਤੀ ਗਈ ਕਾਰਵਾਈ ਬਾਰੇ ਸ਼ੱਕ ਪ੍ਰਗਟ ਕੀਤਾ - ਇੱਕ ਅਜਿਹੀ ਸਥਿਤੀ ਜੋ ਹੁਣ ਸ਼ੱਕ ਦੇ ਘੇਰੇ ਵਿੱਚ ਆ ਗਈ ਹੈ। ਇਹ ਮਾਮਲਾ ਪ੍ਰੈਸ ਮੈਂਬਰਾਂ ਦੁਆਰਾ ਮੋਹਾਲੀ ਜ਼ਿਲ੍ਹਾ ਕਮਿਸ਼ਨਰ ਕੋਮਲ ਮਿੱਤਲ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ।

ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਸਵੇਰੇ-ਸਵੇਰੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਕੇ ਭਾਜਪਾ ਉਮੀਦਵਾਰਾਂ ਨੂੰ ਉਤਸ਼ਾਹਿਤ ਕੀਤਾ

• ਭਾਜਪਾ ਉਮੀਦਵਾਰ ਪਹਿਲੀ ਵਾਰ ਨਗਰ ਨਿਗਮ ਚੋਣਾਂ ਵਿੱਚ ਦੂਜੀਆਂ ਰਾਜਨੀਤਿਕ ਪਾਰਟੀਆਂ ਨੂੰ ਸਖ਼ਤ ਟੱਕਰ ਦੇ ਰਹੇ ਹਨ ਜਦੋਂ ਕਿ ਆਜ਼ਾਦ ਤੌਰ 'ਤੇ ਚੋਣ ਲੜ ਰਹੇ ਹਨ: ਡਾ. ਸੀਮਾਂਤ ਗਰਗ

ਮੋਗਾ, 26 ਮਈ (ਜਗਰਾਜ ਸਿੰਘ ਸੰਘਾ) : ਅੱਜ, ਮੋਗਾ ਨਗਰ ਨਿਗਮ ਚੋਣਾਂ ਲਈ ਵੋਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਹੀ, ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਭਾਜਪਾ ਉਮੀਦਵਾਰਾਂ ਨੂੰ ਉਤਸ਼ਾਹਿਤ ਕਰਨ ਲਈ ਸਵੇਰੇ-ਸਵੇਰੇ ਵੱਖ-ਵੱਖ ਵਾਰਡਾਂ ਦਾ ਦੌਰਾ ਕੀਤਾ। ਉਨ੍ਹਾਂ ਭਰੋਸਾ ਦਿੱਤਾ ਕਿ, ਪਹਿਲੀ ਵਾਰ, ਭਾਜਪਾ ਉਮੀਦਵਾਰ ਨਗਰ ਨਿਗਮ ਚੋਣਾਂ ਵਿੱਚ ਦੂਜੀਆਂ ਰਾਜਨੀਤਿਕ ਪਾਰਟੀਆਂ ਨੂੰ ਇੱਕ ਵੱਡੀ ਚੁਣੌਤੀ ਦੇ ਰਹੇ ਹਨ, ਜਿਸ ਨਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਲਈ ਰਾਹ ਆਸਾਨ ਹੋ ਗਿਆ ਹੈ। ਇਸ ਮੌਕੇ ਆਈਟੀ ਸੈੱਲ ਇੰਚਾਰਜ ਮੁਕੇਸ਼ ਸ਼ਰਮਾ, ਜਤਿੰਦਰ ਚੱਢਾ, ਵਾਰਡ ਨੰਬਰ 21 ਦੇ ਉਮੀਦਵਾਰ ਵਿੱਕੀ ਸਿਤਾਰਾ, ਵਾਰਡ ਨੰਬਰ 39 ਦੇ ਉਮੀਦਵਾਰ ਨਰਿੰਦਰ ਬਾਲੀ, ਦੀਪਕ ਤਲਵਾੜ, ਸ਼ਿਵ ਟੰਡਨ ਅਤੇ ਬੋਹੜ ਸਿੰਘ ਸਮੇਤ ਹੋਰ ਭਾਜਪਾ ਵਰਕਰ ਮੌਜੂਦ ਸਨ। ਡਾ. ਸੀਮਾਂਤ ਗਰਗ ਨੇ ਟਿੱਪਣੀ ਕੀਤੀ ਕਿ ਜਿੱਥੇ ਭਾਜਪਾ ਉਮੀਦਵਾਰਾਂ ਵਿੱਚ ਨਗਰ ਨਿਗਮ ਚੋਣਾਂ ਪ੍ਰਤੀ ਭਾਰੀ ਉਤਸ਼ਾਹ ਦਿਖਾਈ ਦੇ ਰਿਹਾ ਹੈ, ਉੱਥੇ ਹੀ ਆਮ ਲੋਕਾਂ ਵਿੱਚ ਵੀ ਭਾਜਪਾ ਉਮੀਦਵਾਰਾਂ ਦੇ ਹੱਕ ਵਿੱਚ ਉਤਸ਼ਾਹ ਦੀ ਲਹਿਰ ਦੇਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਨਗਰ ਨਿਗਮ ਚੋਣਾਂ ਵਿੱਚ ਸ਼ਹਿਰ ਦੇ ਵਸਨੀਕਾਂ ਵੱਲੋਂ ਭਾਜਪਾ ਨੂੰ ਮਿਲ ਰਿਹਾ ਸਮਰਥਨ ਨਾ ਸਿਰਫ਼ ਪਾਰਟੀ ਨੂੰ ਦੂਜੀਆਂ ਰਾਜਨੀਤਿਕ ਪਾਰਟੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚੁਣੌਤੀ ਦੇਣ ਦੇ ਯੋਗ ਬਣਾਉਂਦਾ ਹੈ, ਸਗੋਂ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ ਵਿੱਚ ਭਾਜਪਾ ਸਰਕਾਰ ਸਥਾਪਤ ਕਰਨ ਲਈ ਇੱਕ ਅਨੁਕੂਲ ਰਸਤਾ ਵੀ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਜਿੱਥੇ ਪੂਰੇ ਦੇਸ਼ ਦੇ ਲੋਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਤੋਂ ਸਕਾਰਾਤਮਕ ਤੌਰ @ਤੇ ਪ੍ਰਭਾਵਿਤ ਹੋ ਰਹੇ ਹਨ, ਉੱਥੇ ਹੀ ਪੰਜਾਬ ਦੇ ਹਰ ਵਰਗ ਦੇ ਲੋਕ ਹੁਣ ਭਾਜਪਾ ਨਾਲ ਜੁੜ ਰਹੇ ਹਨ; ਇਸ ਤੋਂ ਇਲਾਵਾ, ਵੱਖ-ਵੱਖ ਹੋਰ ਰਾਜਨੀਤਿਕ ਪਾਰਟੀਆਂ ਦੇ ਆਗੂ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ, ਜਿਸ ਨਾਲ ਪਾਰਟੀ ਮਜ਼ਬੂਤ ਹੋ ਰਹੀ ਹੈ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਇਹ ਪਛਾਣਨ ਕਿ ਆਉਣ ਵਾਲੇ ਸਮੇਂ ਵਿੱਚ, ਪੰਜਾਬ ਵਿੱਚ ਭਾਜਪਾ ਨੂੰ ਸੱਤਾ ਵਿੱਚ ਲਿਆਉਣਾ ਸੂਬੇ ਨੂੰ ਆਰਥਿਕ ਤੌਰ @ਤੇ ਮਜ਼ਬੂਤ ਕਰਨ ਅਤੇ ਇਸਦੇ ਸਮੁੱਚੇ ਵਿਕਾਸ ਅਤੇ ਤਰੱਕੀ ਨੂੰ ਯਕੀਨੀ ਬਣਾਉਣ ਲਈ ਸਮੇਂ ਦੀ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ, ਇਸ ਵੇਲੇ ਪੰਜਾਬ ਵਿੱਚ ਕਾਨੂੰਨ ਵਿਵਸਥਾ ਲਗਭਗ ਨਾ-ਮਾਤਰ ਹੈ, ਦਿਨ-ਦਿਹਾੜੇ ਕਤਲ ਅਤੇ ਹਿੰਸਕ ਅਪਰਾਧ ਹੋ ਰਹੇ ਹਨ, ਜਿਸ ਨਾਲ ਪੂਰੇ ਰਾਜ ਵਿੱਚ ਡਰ ਅਤੇ ਡਰ ਦਾ ਮਾਹੌਲ ਪੈਦਾ ਹੋ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਮੌਜੂਦਾ ਸਰਕਾਰ ਨਸ਼ਿਆਂ ਦੇ ਕੋਹੜ ਨੂੰ ਰੋਕਣ ਵਿੱਚ ਵੀ ਪੂਰੀ ਤਰ੍ਹਾਂ ਅਸਫਲ ਸਾਬਤ ਹੋਈ ਹੈ। ਨਤੀਜੇ ਵਜੋਂ, ਨੌਜਵਾਨ ਨਸ਼ੇ ਦਾ ਸ਼ਿਕਾਰ ਹੋ ਰਹੇ ਹਨ ਅਤੇ ਆਪਣੀਆਂ ਜਾਨਾਂ ਗੁਆ ਰਹੇ ਹਨ। ਭਾਜਪਾ ਦੇ ਨਗਰ ਨਿਗਮ ਉਮੀਦਵਾਰਾਂ ਨੂੰ ਉਤਸ਼ਾਹਿਤ ਕਰਦੇ ਹੋਏ, ਉਨ੍ਹਾਂ ਕਿਹਾ ਕਿ ਚੋਣਾਂ ਵਿੱਚ ਜਿੱਤ ਬਹੁਤ ਮਹੱਤਵਪੂਰਨ ਨਹੀਂ ਹੈ; ਸਗੋਂ, ਇਹ ਚੋਣਾਂ ਆਉਣ ਵਾਲੇ ਸਮੇਂ ਵਿੱਚ ਭਾਜਪਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੀਆਂ, ਜਿਸ ਨਾਲ ਪਾਰਟੀ ਨੂੰ ਪੰਜਾਬ ਵਿੱਚ ਸੱਤਾ ਸੰਭਾਲਣ ਦਾ ਰਾਹ ਪੱਧਰਾ ਹੋਵੇਗਾ।

ਸਟੇਟ ਪਬਲਿਕ ਸਕੂਲ ਸ਼ਾਹਕੋਟ ਵਿਖੇ ਕਰਵਾਇਆ ਇੰਟਰ-ਹਾਊਸ ਸੰਗੀਤ ਮੁਕਾਬਲਾ

ਸ਼ਾਹਕੋਟ, 26 ਮਈ (ਕੁਲਜੀਤ ਸਿੰਘ ਖਿੰਡਾ): ਸਟੇਟ ਪਬਲਿਕ ਸਕੂਲ ਸ਼ਾਹਕੋਟ ਵਿਚ ਵਿਦਿਆਰਥੀਆਂ ਦੀ ਕਲਾ ਤੇ ਹੁਨਰ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪ੍ਰਧਾਨ ਡਾ. ਨਰੋਤਮ ਸਿੰਘ, ਉੱਪ ਪ੍ਰਧਾਨ ਡਾ. ਗਗਨਦੀਪ ਕੌਰ ਦੀ ਅਗਵਾਈ ਤੇ ਪ੍ਰਿੰਸੀਪਲ ਡਾ. ਕੰਵਰ ਨੀਲ ਕਮਲ ਦੀ ਦੇਖ-ਰੇਖ ਹੇਠ ਇੰਟਰ-ਹਾਊਸ ਸੰਗੀਤ ਮੁਕਾਬਲਾ ਕਰਵਾਇਆ ਗਿਆ। ਮੁਕਾਬਲੇ ਵਿਚ ਸਕੂਲ ਦੇ ਚਾਰ ਸਦਨਾਂ—ਮਦਰ ਟੈਰੇਸਾ ਸਦਨ, ਹੈਲਨ ਕੈਲਰ ਸਦਨ, ਅੰਮ੍ਰਿਤਾ ਪ੍ਰੀਤਮ ਸਦਨ ਅਤੇ ਕਲਪਨਾ ਚਾਵਲਾ ਸਦਨ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲੇ ਨੂੰ ਤਿੰਨ ਸ਼੍ਰੇਣੀਆਂ—ਸੋਲੋ ਸੌਂਗ, ਗਰੁੱਪ ਸੌਂਗ ਅਤੇ ਆਰਕੈਸਟਰਾ ਵਿਚ ਵੰਡਿਆ ਗਿਆ। ਵਿਦਿਆਰਥੀਆਂ ਨੇ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਵਾਲੇ ਗੀਤ ਪੇਸ਼ ਕਰਕੇ ਦਰਸ਼ਕਾਂ ਵਿਚ ਜੋਸ਼ ਭਰ ਦਿੱਤਾ। ਇਸ ਦੌਰਾਨ ਵਿਦਿਆਰਥੀਆਂ ਨੇ ਆਪਸੀ ਤਾਲਮੇਲ ਨਾਲ ਸੁਰ-ਤਾਲ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਦਕਿ ਆਰਕੈਸਟਰਾ ਵਿਚ ਤਬਲਾ, ਹਰਮੋਨੀਅਮ ਤੇ ਗਿਟਾਰ ਦੀਆਂ ਧੁਨਾਂ ਨੇ ਸਭ ਦਾ ਮਨ ਮੋਹ ਲਿਆ। ਸੋਲੋ ਸੌਂਗ ਵਿਚ ਐਸ਼ਮੀਨ (ਮਦਰ ਟੈਰੇਸਾ ਸਦਨ) ਨੇ ਪਹਿਲਾ ਸਥਾਨ, ਜੋਬਨ (ਹੈਲਨ ਕੈਲਰ ਸਦਨ) ਨੇ ਦੂਜਾ ਸਥਾਨ ਅਤੇ ਸਹਿਜਪ੍ਰੀਤ ਕੌਰ (ਅੰਮ੍ਰਿਤਾ ਪ੍ਰੀਤਮ ਸਦਨ) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਗਰੁੱਪ ਸੌਂਗ ਵਿਚ ਅੰਮ੍ਰਿਤਾ ਪ੍ਰੀਤਮ ਸਦਨ ਪਹਿਲੇ ਸਥਾਨ 'ਤੇ, ਹੈਲਨ ਕੈਲਰ ਸਦਨ ਦੂਜੇ ਸਥਾਨ ਅਤੇ ਮਦਰ ਟੈਰੇਸਾ ਸਦਨ ਤੀਜੇ ਸਥਾਨ 'ਤੇ ਰਿਹਾ। ਆਰਕੈਸਟਰਾ ਵਿਚ ਮਦਰ ਟੈਰੇਸਾ ਸਦਨ ਨੇ ਪਹਿਲਾ ਸਥਾਨ, ਹੈਲਨ ਕੈਲਰ ਸਦਨ ਨੇ ਦੂਜਾ ਸਥਾਨ ਅਤੇ ਅੰਮ੍ਰਿਤਾ ਪ੍ਰੀਤਮ ਸਦਨ ਨੇ ਤੀਜਾ ਸਥਾਨ ਹਾਸਲ ਕੀਤਾ। ਸਮੁੱਚੇ ਤੌਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮਦਰ ਟੈਰੇਸਾ ਸਦਨ ਪਹਿਲੇ ਸਥਾਨ 'ਤੇ ਰਿਹਾ, ਹੈਲਨ ਕੈਲਰ ਸਦਨ ਦੂਜੇ ਸਥਾਨ ਅਤੇ ਅੰਮ੍ਰਿਤਾ ਪ੍ਰੀਤਮ ਸਦਨ ਤੀਜੇ ਸਥਾਨ 'ਤੇ ਰਿਹਾ। ਇਸ ਪੂਰੇ ਕਾਰਜਕ੍ਰਮ ਦਾ ਸਫਲ ਸੰਚਾਲਨ ਸੰਗੀਤ ਅਧਿਆਪਕ ਵਿਨੇ ਕੁਮਾਰ ਤੇ ਲਵਦੀਪ ਕੌਰ ਵੱਲੋਂ ਬਾਖ਼ੂਬੀ ਕੀਤਾ ਗਿਆ। ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਪ੍ਰਿੰਸੀਪਲ ਡਾ. ਕੰਵਰ ਨੀਲ ਕਮਲ ਨੇ ਕਿਹਾ ਕਿ ਸੰਗੀਤ ਰੂਹ ਦੀ ਭਾਸ਼ਾ ਹੈ। ਅਜਿਹੇ ਮੁਕਾਬਲੇ ਵਿਦਿਆਰਥੀਆਂ ਦੀ ਰਚਨਾਤਮਕ ਪ੍ਰਤਿਭਾ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਵਿਚ ਟੀਮ ਭਾਵਨਾ ਅਤੇ ਅਨੁਸ਼ਾਸਨ ਵੀ ਵਿਕਸਿਤ ਕਰਦੇ ਹਨ।

ਹਰਜਿੰਦਰ ਸਿੰਘ ਨੇ ਥਾਣਾ ਢਿੱਲਵਾਂ ਦਾ ਚਾਰਜ ਸੰਭਾਲਿਆ

ਢਿੱਲਵਾਂ 25 ਮਈ (ਹਰਜਿੰਦਰ ਸਿੰਘ ਢਿੱਲਵਾਂ) ਐਸ. ਐਸ.ਪੀ. ਗੌਰਵ ਤੂਰਾ ਵੱਲੋਂ ਥਾਣਾ ਸੁਭਾਨਪੁਰ ਦੇ ਐਸ. ਐਚ. ਓ. ਹਰਜਿੰਦਰ ਸਿੰਘ ਦਾ ਤਬਾਦਲਾ ਕਰਕੇ ਉਨ੍ਹਾਂ ਨੂੰ ਥਾਣਾ ਢਿੱਲਵਾਂ ਵਿਖੇ ਨਿਯੁਕਤ ਕੀਤਾ ਹੈ। ਥਾਣਾ ਢਿੱਲਵਾਂ ਵਿਖੇ ਨਵ- ਨਿਯੁਕਤ ਐਸ.ਐਚ.ਉ ਹਰਜਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪਹਿਲ ਕਦਮੀ ਨਸ਼ੇ ਨੂੰ ਖਤਮ ਕਰਨ ਦੀ ਹੋਵੇਗੀ। ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਜਲਦੀ ਹੀ ਇਲਾਕੇ ਦੇ ਮੋਹਤਬਰਾਂ ਨਾਲ ਥਾਣਾ ਢਿੱਲਵਾ ਵਿਖੇ ਮੀਟਿੰਗ ਕੀਤੀ ਜਾਵੇਗੀ ਤੇ ਨਸ਼ੇ ਨੂੰ ਖਤਮ ਕਰਨ ਲਈ ਲੋਕਾਂ ਦਾ ਸਹਿਜੋਗ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ੇ ਵੇਚਣ ਵਾਲੇ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਗੁਪਤ ਰੱਖਿਆ ਜਾਵੇਗਾ। ਉਨ੍ਹਾਂ ਨਸ਼ੇ ਦੇ ਸੌਦਾਗਰਾਂ ਨੂੰ ਸਖਤ ਸ਼ਬਦਾਂ ਵਿੱਚ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜਾਂ ਤਾਂ ਉਹ ਆਪਣਾ ਕਾਰੋਬਾਰ ਬਦਲ ਲੈਣ ਨਹੀਂ ਤਾਂ ਇਲਾਕਾ ਛੱਡ ਕੇ ਕਿਤੇ ਦੂਰ ਚਲੇ ਜਾਣ।

ਮਲਟੀਪਰਪਜ ਹੈਲਥ ਇੰਪਲਾਈਜ਼ ਯੂਨੀਅਨ ਵੱਲੋਂ ਵੱਡੇ ਸੰਘਰਸ਼ ਦਾ ਐਲਾਨ

ਨਵਾਂਸ਼ਹਿਰ 26 ਮਈ (ਜਤਿੰਦਰ ਪਾਲ ਸਿੰਘ ਕਲੇਰ) ਸਿਹਤ ਵਿਭਾਗ ਪੰਜਾਬ ਦੀ ਸਿਰਮੌਰ ਜਥੇਬੰਦੀ ਮਲਟੀਪਰਪਜ ਹੈਲਥ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਸੀਨੀਅਰ ਮੀਤ ਪ੍ਰਧਾਨ ਦਲਜੀਤ ਸਿੰਘ ਤੇ ਉਪ ਪ੍ਰਧਾਨ ਮਨਿੰਦਰ ਸਿੰਘ ਦੀ ਅਗਵਾਈ ਹੇਠ ਕੇਡਰ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਨਾ ਮੰਨਣ ਦੇ ਰੋਸ ਵੱਜੋਂ ਸੂਬਾ ਸਰਕਾਰ ਖਿਲਾਫ ਆਰ ਪਾਰ ਦੀ ਲੜਾਈ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ ਜਿਸ ਸਬੰਧੀ ਜਿਲ੍ਹਾ ਇਕਾਈ ਨਵਾਂਸ਼ਹਿਰ ਵਲੋਂ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਰਾਹੀਂ ਇਕ ਮੰਗ ਪੱਤਰ ਵੀ ਦਿੱਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮਨਿੰਦਰ ਸਿੰਘ ਨੇ ਦੱਸਿਆ ਕਿ ਜਥੇਬੰਦੀ ਪਿਛਲੇ ਲੰਬੇ ਸਮੇਂ ਤੋਂ ਕੇਡਰ ਦੇ ਨਾਮ ਬਦਲੀ, ਵਰਦੀ ਭੱਤਾ, ਐਫਟੀਏ, ਡਾਈਟ, ਭੱਤਾ ਲਗਾਉਣ, ਪੁਰਾਣੀ ਪੈਨਸ਼ਨ ਬਹਾਲ ਕਰਨ, ਪੰਜਾਬ ਸਕੇਲ ਲਾਗੂ ਕਰਨ, ਨਵ ਨਿਯੁਕਤ ਸਿਹਤ ਕਾਮਿਆਂ ਦਾ ਪਰਖ ਕਾਲ ਸਮਾਂ ਘਟਾਉਣ, ਮਾਨਯੋਗ ਹਾਈਕੋਰਟ ਦੇ ਫੈਸਲੇ ਨੂੰ ਜਰਨਲਾਈਜ ਕਰਕੇ ਤਨਖਾਹ ਸਕੇਲ ਸੋਧਣ ਆਦਿ ਸਮੇਤ ਕਈ ਮੰਗਾਂ ਲਈ ਸਿਹਤ ਮੰਤਰੀ ਪੰਜਾਬ, ਮੁੱਖ ਮੰਤਰੀ ਪੰਜਾਬ ਦੇ ਓਐਸਡੀ ਅਤੇ ਸਿਹਤ ਡਾਇਰੈਕਟਰ ਪੰਜਾਬ ਨਾਲ ਕਈ ਵਾਰ ਮੀਟਿੰਗਾਂ ਕਰ ਚੁੱਕੀ ਹੈ ਪਰ ਵਾਰ-ਵਾਰ ਇਹਨਾਂ ਮੰਗਾਂ @ਤੇ ਸਹਿਮਤੀ ਪ੍ਰਗਟਾਉਂਦੇ ਹੋਏ ਮੰਗਾਂ ਨੂੰ ਲਟਕਾਉਣ ਦੀ ਨੀਤੀ ਅਪਣਾਈ ਜਾ ਰਹੀ ਹੈ ਜੋ ਕਿ ਮੰਦਭਾਗੀ ਹੈ। ਉਹਨਾਂ ਕਿਹਾ ਕਿ ਜਥੇਬੰਦੀ ਹੁਣ ਵੱਡੇ ਸੰਘਰਸ਼ ਦੇ ਰਾਹ @ਤੇ ਹੈ ਜਿਸ ਤਹਿਤ ਜਿਲਾ ਹੈਡਕੁਆਟਰਾਂ ਰਾਹੀਂ ਮੰਗ ਪੱਤਰ ਭੇਜੇ ਜਾਣਗੇ ਅਤੇ ਉਸ ਤੋਂ ਬਾਅਦ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ 4 ਜੂਨ ਨੂੰ ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਦਫਤਰ ਅੱਗੇ ਸੂਬਾ ਪੱਧਰੀ ਰੋਸ ਧਰਨਾ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਜਥੇਬੰਦੀ ਕਦੇ ਵੀ ਸੰਘਰਸ਼ ਤੋਂ ਪਿੱਛੇ ਨਹੀਂ ਹਟੀ ਤੇ ਹੁਣ ਵੀ ਡੱਟਵਾਂ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਦੋਆਬਾ ਜੋਨ ਦੇ ਪ੍ਰਧਾਨ ਗੁਲਸ਼ਨ ਕੁਮਾਰ, ਸਤੀਸ਼ ਕੁਮਾਰ, ਗੁਰਮੁਖ ਸਿੰਘ, ਪ੍ਰਵੀਨ ਕੁਮਾਰ, ਮਨਜੋਤ ਸਿੰਘ, ਬਲਵੰਤ ਸਿੰਘ ਰਵੀਇੰਦਰ ਸਿੰਘ, ਮੰਗਲ ਸਿੰਘ,ਸਚਦੀਪ ਸਿੰਘ,ਰਜੀਵ ਕੁਮਾਰ, ਰਜੇਸ਼ ਕੁਮਾਰ ਆਦਿ ਹਾਜ਼ਰ ਸਨ ।

ਚਮੜੀ ਰੋਗੀਆਂ ਲਈ ਰਾਹਤ ਦੀ ਖ਼ਬਰ, ਡਾ. ਇਸ਼ਾਨ ਬਾਂਸਲ ਹਰ ਬੁੱਧਵਾਰ ਭੁੱਚੋ ਮੰਡੀ ਵਿਖੇ ਦੇਣਗੇ ਸੇਵਾਵਾਂ

ਭੁੱਚੋ ਮੰਡੀ, 26 ਮਈ (ਚਰਨਜੀਤ ਖੁਰਮੀ) : ਸਥਾਨਕ ਸ਼ਹਿਰ ਅਤੇ ਨੇੜਲੇ ਪਿੰਡਾਂ ਦੇ ਚਮੜੀ ਰੋਗੀਆਂ ਲਈ ਵੱਡੀ ਰਾਹਤ ਵਾਲੀ ਖ਼ਬਰ ਸਾਹਮਣੇ ਆਈ ਹੈ। ਪ੍ਰਸਿੱਧ ਚਮੜੀ ਰੋਗ ਮਾਹਰ ਡਾ. ਇਸ਼ਾਨ ਬਾਂਸਲ (ਐਮ.ਡੀ.) ਹੁਣ ਹਰ ਹਫ਼ਤੇ ਬੁੱਧਵਾਰ ਨੂੰ ਗਿਆਨੀ ਮਾਰਕੀਟ ਸਥਿਤ ਡਾ. ਹਾਕਮ ਸਿੰਘ ਦੇ ਹਸਪਤਾਲ ਵਿਖੇ ਆਪਣੀਆਂ ਸੇਵਾਵਾਂ ਪ੍ਰਦਾਨ ਕਰਨਗੇ। ਡਾ. ਇਸ਼ਾਨ ਬਾਂਸਲ ਨੇ ਦੱਸਿਆ ਕਿ ਇਲਾਕੇ ਵਿੱਚ ਚਮੜੀ ਦੇ ਰੋਗੀਆਂ ਦੀ ਗਿਣਤੀ ਕਾਫੀ ਵੱਧ ਹੈ ਅਤੇ ਕਈ ਲੋਕ ਬਠਿੰਡਾ ਜਾਣ ਤੋਂ ਅਸਮਰਥ ਸਨ। ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਹਰ ਬੁੱਧਵਾਰ ਸਵੇਰੇ 9 ਵਜੇ ਤੋਂ 11 ਵਜੇ ਤੱਕ ਭੁੱਚੋ ਮੰਡੀ ਵਿਖੇ ਮਰੀਜ਼ਾਂ ਦੀ ਜਾਂਚ ਅਤੇ ਇਲਾਜ ਕੀਤਾ ਜਾਵੇਗਾ। ਉਨ੍ਹਾਂ ਚਮੜੀ ਰੋਗੀਆਂ ਨੂੰ ਸਲਾਹ ਦਿੰਦਿਆਂ ਕਿਹਾ ਕਿ ਆਪਣੀ ਮਰਜ਼ੀ ਨਾਲ ਦਵਾਈਆਂ ਖਾਣ ਤੋਂ ਪਰਹੇਜ਼ ਕੀਤਾ ਜਾਵੇ ਅਤੇ ਕਿਸੇ ਵੀ ਦਵਾਈ ਦੀ ਵਰਤੋਂ ਮਾਹਰ ਡਾਕਟਰ ਦੀ ਸਲਾਹ ਤੋਂ ਬਿਨਾਂ ਨਾ ਕੀਤੀ ਜਾਵੇ। ਡਾ. ਬਾਂਸਲ ਨੇ ਗਰਮੀਆਂ ਦੇ ਮੌਸਮ ਵਿੱਚ ਸਾਵਧਾਨ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਤੇਜ਼ ਧੁੱਪ ਵਿੱਚ ਘੱਟ ਨਿਕਲਿਆ ਜਾਵੇ, ਸਿਰ ਨੂੰ ਕਪੜੇ ਜਾਂ ਟੋਪੀ ਨਾਲ ਢੱਕਿਆ ਜਾਵੇ ਅਤੇ ਵੱਧ ਤੋਂ ਵੱਧ ਪਾਣੀ ਪੀਤਾ ਜਾਵੇ ਤਾਂ ਜੋ ਸਰੀਰ ਵਿੱਚ ਪਾਣੀ ਦੀ ਕਮੀ ਨਾ ਹੋਵੇ। ਉਨ੍ਹਾਂ ਕਿਹਾ ਕਿ ਧੁੱਪ ਤੋਂ ਬਚਾਅ ਲਈ ਛਤਰੀ ਅਤੇ ਹਲਕੇ ਰੰਗ ਦੇ ਕਪੜਿਆਂ ਦੀ ਵਰਤੋਂ ਲਾਭਦਾਇਕ ਰਹਿੰਦੀ ਹੈ। ਇਸ ਮੌਕੇ ਡਾ. ਹਾਕਮ ਸਿੰਘ ਨੇ ਕਿਹਾ ਕਿ ਇਲਾਕੇ ਦੇ ਲੋਕ ਚਮੜੀ ਰੋਗ ਮਾਹਰ ਡਾ. ਇਸ਼ਾਨ ਬਾਂਸਲ ਦੀਆਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

ਚੋਣ ਅਬਜ਼ਰਵਰ ਹਰਸੁਹਿੰਦਰ ਪਾਲ ਸਿੰਘ ਬਰਾੜ ਵੱਲੋਂ ਵੱਖ-ਵੱਖ ਥਾਵਾਂ ਦੇ ਪੋਲਿੰਗ ਬੂਥਾਂ ਦਾ ਨਿਰੀਖਣ

ਚੋਣ ਅਮਲੇ ਅਤੇ ਵੋਟਰਾਂ ਨਾਲ ਕੀਤੀ ਗੱਲਬਾਤ

ਬਠਿੰਡਾ, 26 ਮਈ :(ਰਾਣਾ ਸ਼ਰਮਾ) ਨਗਰ ਨਿਗਮ/ਨਗਰ ਕੌਂਸਲ ਤੇ ਨਗਰ ਪੰਚਾਇਤ ਚੋਣਾਂ ਦੀ ਅੱਜ ਹੋ ਰਹੀ ਵੋਟਿੰਗ ਦੇ ਨਿਰੀਖਣ ਸਬੰਧੀ ਚੋਣ ਅਬਜ਼ਰਵਰ ਹਰਸੁਹਿੰਦਰ ਪਾਲ ਸਿੰਘ ਬਰਾੜ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਥਾਵਾਂ ਦੇ ਪੋਲਿੰਗ ਬੂਥਾਂ ਦਾ ਨਿਰੀਖਣ ਕੀਤਾ ਗਿਆ। ਚੋਣ ਅਬਜ਼ਰਵਰ ਹਰਸੁਹਿੰਦਰ ਪਾਲ ਸਿੰਘ ਬਰਾੜ ਵੱਲੋਂ ਅੱਜ ਵੱਖ-ਵੱਖ ਪੋਲਿੰਗ ਬੂਥਾਂ ਜਿੰਨ੍ਹਾਂ ਵਿੱਚ ਹਰਕ੍ਰਿਸ਼ਨ ਪਬਲਿਕ ਸਕੂਲ ਬਠਿੰਡਾ, ਮਾਰਕੀਟ ਕਮੇਟੀ ਭੁੱਚੋ, ਗੁਰੂ ਨਾਨਕ ਸਕੂਲ ਭੁੱਚੋ ਆਦਿ ਬੂਥਾਂ ਤੇ ਪਹੁੰਚ ਕੇ ਪੋਲਿੰਗ ਬੂਥਾਂ ਦਾ ਨਿਰੀਖਣ ਕਰਦਿਆਂ ਪੋਲਿੰਗ ਸਟਾਫ਼ ਨਾਲ ਗੱਲਬਾਤ ਕੀਤੀ ਤੇ ਪ੍ਰਬੰਧਾਂ ਤੇ ਤਸੱਲੀ ਪ੍ਰਗਟਾਈ। ਉਨ੍ਹਾਂ ਵੋਟਰਾਂ ਨਾਲ ਵੀ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਆਪਣੀ ਵੋਟ ਦਾ ਇਸਤੇਮਾਲ ਬਿਨ੍ਹਾਂ ਕਿਸੇ ਲਾਲਚ, ਡਰ, ਭੈਅ ਆਦਿ ਤੋਂ ਕਰਦਿਆਂ ਆਪਣਾ ਮਨਪਸੰਦ ਨੁਮਾਇੰਦਾ ਚੁਣਿਆ ਜਾਵੇ।

ਇਸ ਦੌਰਾਨ ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੋਟਾਂ ਦੀ ਸਮੁੱਚੀ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੁਖਤਾ ਪ੍ਰਬੰਧ ਕੀਤੇ ਹੋਏ ਹਨ ਤਾਂ ਜੋ ਕਿਸੇ ਨੂੰ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਪੰਜਾਬ ਦੇ ਕਿਸਾਨ ਆਗੂਆਂ ਨੇ ਸੀਐਮ ਸੈਨੀ ਨਾਲ ਮੁਲਾਕਾਤ ਕਿਸਾਨਾਂ ਦੇ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ

ਪੰਜਾਬ 'ਚ ਭਾਜਪਾ ਦੀ ਸਰਕਾਰ ਬਣਨ 'ਤੇ ਕਿਸਾਨਾਂ ਦੇ ਮੁੱਦਿਆਂ ਅਤੇ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ

ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ)-: ਪੰਜਾਬ ਦੇ ਵੱਖ-ਵੱਖ ਕਿਸਾਨ ਸੰਗਠਨਾਂ ਦੇ ਪ੍ਰਤੀਨਿਧੀਆਂ ਦੇ ਇੱਕ ਵਫ਼ਦ ਨੇ 'ਸੰਤ ਕਬੀਰ ਕੁਟੀਰ' ਵਿਖੇ ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਨੀ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਮੀਟਿੰਗ ਦੌਰਾਨ, ਕਿਸਾਨਾਂ, ਖੇਤੀਬਾੜੀ ਪ੍ਰਣਾਲੀ ਅਤੇ ਪੰਜਾਬ ਦੇ ਕਿਸਾਨਾਂ ਦੀ ਮੌਜੂਦਾ ਸਥਿਤੀ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਮੁੱਖ ਮੰਤਰੀ ਨਾਲ ਮੁਲਾਕਾਤ ਕਰਨ ਵਾਲੇ ਵਫ਼ਦ ਵਿੱਚ ਦੋਆਬਾ ਕਿਸਾਨ ਯੂਨੀਅਨ, ਕਿਸਾਨ ਬਚਾਓ ਮੋਰਚਾ ਅਤੇ ਕੰਬੋਜ ਬਿਰਾਦਰੀ ਦੇ ਮੈਂਬਰ ਸ਼ਾਮਲ ਸਨ।

ਵਫ਼ਦ ਨੇ ਮੁੱਖ ਮੰਤਰੀ ਨੂੰ ਪੰਜਾਬ ਵਿੱਚ ਕਿਸਾਨਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਅਤੇ ਚੁਣੌਤੀਆਂ ਤੋਂ ਜਾਣੂ ਕਰਵਾਇਆ। ਇਸ ਦਾ ਜਵਾਬ ਦਿੰਦੇ ਹੋਏ, ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਕਰਨਾ ਅਤੇ ਉਨ੍ਹਾਂ ਦੇ ਮੁੱਦਿਆਂ ਦਾ ਹੱਲ ਕਰਨਾ ਭਾਜਪਾ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚੋਂ ਇੱਕ ਹੈ। ਉਨ੍ਹਾਂ ਅੱਗੇ ਕਿਹਾ ਕਿ ਹਰਿਆਣਾ ਸਰਕਾਰ ਕਿਸਾਨ-ਪੱਖੀ ਨੀਤੀਆਂ ਰਾਹੀਂ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ? ?ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ।

ਮੁੱਖ ਮੰਤਰੀ ਨੇ ਵਫ਼ਦ ਨੂੰ ਦੱਸਿਆ ਕਿ ਹਰਿਆਣਾ ਵਿੱਚ, ਸਰਕਾਰ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) 'ਤੇ ਕਿਸਾਨਾਂ ਦੀਆਂ ਫਸਲਾਂ ਦੀ ਖਰੀਦ ਨੂੰ ਯਕੀਨੀ ਬਣਾਉਂਦੀ ਹੈ। ਇਸ ਤੋਂ ਇਲਾਵਾ, ਕੁਦਰਤੀ ਆਫ਼ਤਾਂ ਜਾਂ ਫਸਲਾਂ ਦੇ ਨੁਕਸਾਨ ਦੀ ਸਥਿਤੀ ਵਿੱਚ, ਕਿਸਾਨਾਂ ਨੂੰ ਸਮੇਂ ਸਿਰ ਮੁਆਵਜ਼ਾ ਪ੍ਰਦਾਨ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਯਕੀਨੀ ਬਣਾਉਣ ਅਤੇ ਖੇਤੀ ਨੂੰ ਵਧੇਰੇ ਲਾਭਦਾਇਕ ਉੱਦਮ ਬਣਾਉਣ ਲਈ ਤਿਆਰ ਕੀਤੇ ਗਏ ਸਿਸਟਮ ਵਿਕਸਤ ਕੀਤੇ ਹਨ।

ਸ਼੍ਰੀ ਨਾਇਬ ਸਿੰਘ ਸੈਨੀ ਨੇ ਜ਼ੋਰ ਦੇ ਕੇ ਕਿਹਾ ਕਿ ਕਿਸਾਨ ਦੇਸ਼ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ, ਅਤੇ ਉਨ੍ਹਾਂ ਦੀ ਭਲਾਈ ਹਮੇਸ਼ਾ ਭਾਰਤੀ ਜਨਤਾ ਪਾਰਟੀ ਸਰਕਾਰ ਲਈ ਇੱਕ ਤਰਜੀਹ ਰਹੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਜੇਕਰ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਦੀ ਹੈ, ਤਾਂ ਕਿਸਾਨਾਂ ਨਾਲ ਸਬੰਧਤ ਮੁੱਦਿਆਂ ਅਤੇ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਕੇਂਦਰ ਅਤੇ ਰਾਜ ਦੋਵੇਂ ਭਾਜਪਾ ਸਰਕਾਰਾਂ ਕਿਸਾਨਾਂ ਦੀ ਭਲਾਈ, ਖੇਤੀਬਾੜੀ ਖੇਤਰ ਦੇ ਵਿਕਾਸ ਅਤੇ ਪੇਂਡੂ ਆਰਥਿਕਤਾ ਦੀ ਮਜ਼ਬੂਤੀ ਪ੍ਰਤੀ ਅਟੁੱਟ ਵਚਨਬੱਧਤਾ ਨਾਲ ਕੰਮ ਕਰ ਰਹੀਆਂ ਹਨ। ਵਫ਼ਦ ਵਿੱਚ ਦੋਆਬਾ ਕਿਸਾਨ ਯੂਨੀਅਨ (ਡੀਕੇਯੂ) ਪੰਜਾਬ ਦੇ ਪ੍ਰਧਾਨ ਕੁਲਦੀਪ ਸਿੰਘ ਬਾਜੀਦਪੁਰ ਸ਼ਾਮਲ ਸਨ; ਜਨਰਲ ਸਕੱਤਰ ਕੁਲਦੀਪ ਸਿੰਘ ਦਿਆਲਾ; ਯੂਥ ਪ੍ਰਧਾਨ ਜਸਕਰਨ ਸਿੰਘ; ਕਿਰਪਾ ਸਿੰਘ ਨੱਥੂਵਾਲਾ, ਕਿਸਾਨ ਬਚਾਓ ਮੋਰਚਾ ਦੇ ਪ੍ਰਧਾਨ ਡਾ. ਜਨਰਲ ਸਕੱਤਰ ਗੋਮਾ ਸਿੰਘ; ਮੀਤ ਪ੍ਰਧਾਨ ਬੇਅੰਤ ਸਿੰਘ; ਚੇਅਰਪਰਸਨ ਸਲਿੰਦਰ ਕੌਰ; ਸਾਬਕਾ ਚੇਅਰਪਰਸਨ ਜਰਨੈਲ ਸਿੰਘ ਸੰਧਾ; ਅਤੇ ਲਖਵਿੰਦਰ ਸਿੰਘ ਮੋਮੀ, ਭਾਜਪਾ ਕਿਸਾਨ ਮੋਰਚਾ ਦੇ ਸੂਬਾ ਮੀਤ ਪ੍ਰਧਾਨ ਸ.ਵਫ਼ਦ ਨੇ ਮੁੱਖ ਮੰਤਰੀ ਸਾਹਮਣੇ ਪੰਜਾਬ ਵਿੱਚ ਕਿਸਾਨਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਅਤੇ ਚੁਣੌਤੀਆਂ ਪੇਸ਼ ਕੀਤੀਆਂ। ਇਸ ਦਾ ਜਵਾਬ ਦਿੰਦੇ ਹੋਏ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਦੇ ਮੁੱਦਿਆਂ ਦਾ ਹੱਲ ਕਰਨਾ ਭਾਜਪਾ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚੋਂ ਇੱਕ ਹੈ। ਉਨ੍ਹਾਂ ਅੱਗੇ ਕਿਹਾ ਕਿ ਹਰਿਆਣਾ ਸਰਕਾਰ ਕਿਸਾਨ-ਪੱਖੀ ਨੀਤੀਆਂ ਰਾਹੀਂ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਵਫ਼ਦ ਵਿੱਚ ਕੁਲਦੀਪ ਸਿੰਘ ਬਜੀਦਪੁਰ (ਪ੍ਰਧਾਨ, ਦੋਆਬਾ ਕਿਸਾਨ ਯੂਨੀਅਨ [ਡੀਕੇਯੂ] ਪੰਜਾਬ), ਕੁਲਦੀਪ ਸਿੰਘ ਦਿਆਲਾ (ਜਨਰਲ ਸਕੱਤਰ), ਜਸਕਰਨ ਸਿੰਘ (ਯੂਥ ਪ੍ਰਧਾਨ), ਕਿਰਪਾ ਸਿੰਘ ਨੱਥੂਵਾਲਾ (ਪ੍ਰਧਾਨ, ਕਿਸਾਨ ਬਚਾਓ ਮੋਰਚਾ), ਗੋਮਾ ਸਿੰਘ (ਜਨਰਲ ਸਕੱਤਰ), ਬੇਅੰਤ ਸਿੰਘ (ਉਪ ਪ੍ਰਧਾਨ), ਸਲਿੰਦਰ ਕੌਰ (ਚੇਅਰਪਰਸਨ), ਜਰਨੈਲ ਸਿੰਘ ਸੰਧਾ (ਸਾਬਕਾ ਚੇਅਰਪਰਸਨ), ਅਤੇ ਲਖਵਿੰਦਰ ਸਿੰਘ ਮੋਮੀ (ਰਾਜ ਉਪ ਪ੍ਰਧਾਨ, ਭਾਜਪਾ ਕਿਸਾਨ ਮੋਰਚਾ) ਸ਼ਾਮਲ ਸਨ।

ਭਾਜਪਾ ਦੇ ਜ਼ਿਲ੍ਹੇ ਦੇ ਉਪ ਪ੍ਰਧਾਨ ਪਵਨ ਮਨੋਚਾ ਵਲੋਂ ਨਗਰ ਕੌਂਸਲ ਚੋਣਾਂ ਦੇ ਨਤੀਜੇ ਵੋਟਾਂ ਪੈਣ ਦੇ ਤੁਰੰਤ ਬਾਅਦ ਨਾ ਘੋਸ਼ਿਤ ਕਰਨ ਦੀ ਕੀਤੀ ਨਿਖੇਧੀ

ਸ਼ਸ਼ੀ ਪਾਲ ਜੈਨ

ਖਰੜ 26 ਮਈ-ਭਾਜਪਾ ਦੇ ਜਿਲਾ ਮੁਹਾਲੀ ਦੇ ਸੀਨੀਅਰ ਆਗੂ ਅਤੇ ਉਪ ਪ੍ਰਧਾਨ ਪਵਨ ਮਨੋਚਾ ਨੇ ਇਸ ਗੱਲ ਦੀ ਨਿਖੇਧੀ ਕੀਤੀ ਹੈ ਕਿ ਅੱਜ ਜਦੋਂ ਰਾਜ ਵਿਚ ਸਥਾਨਕ ਸਰਕਾਰਾਂ ਦੀਆਂ ਚੋਣਾਂ ਹੋ ਗਈਆਂ ਹਨ ਤਾਂ ਇਨਾਂ ਦੇ ਨਤੀਜੇ ਪਹਿਲਾਂ ਦੀ ਤਰਾਂ ਅੱਜ ਕਿਉਂ ਨਹੀ ਘੋਸ਼ਿਤ ਕੀਤੇ ਜਾ ਰਹੇ ?



ਅੱਜ ਇਥੇ ਉਨਾਂ ਕਿਹਾ ਕਿ ਪਿਛਲੇ ਦੋ ਤਿੰਨ ਦਹਾਕਿਆਂ ਤੋਂ ਹਮੇਸ਼ਾਂ ਹੀ ਏਦਾ ਹੁੰਦਾ ਹੈ ਕਿ ਜਦੋਂ ਵੋਟਾਂ ਪੈਂਦੀਆਂ ਹਨ ਤਾਂ ਵੋਟਾਂ ਪੈਣ ਦਾ ਕੰਮ ਖਤਮ ਹੋਣ ਉਪਰੰਤ ਹੀ ਵੋਟਾਂ ਦੀ ਗਿਣਤੀ ਹੋ ਜਾਂਦੀ ਹੈ ਅਤੇ ਨਤੀਜੇ ਘੋਸ਼ਿਤ ਕਰ ਦਿੱਤੇ ਜਾਂਦੇ ਹਨ। ਉਨਾਂ ਕਿਹਾ ਕਿ ਸ਼ਾਇਦ ਪਹਿਲੀ ਵਾਰ ਹੋ ਰਿਹਾ ਹੈ ਕਿ ਅੱਜ ਹੋਈ ਪੋਲਿੰਗ ਤੋਂ 2 ਦਿਨਾਂ ਬਾਅਦ ਭਾਵ 29 ਮਈ ਨੂੰ ਵੋਟਾਂ ਦੀ ਗਿਣਤੀ ਹੋਵੇਗੀ। ਉਸਨੇ ਕਿਹਾ ਕਿ ਇਸ ਨਾਲ ਸਾਰੀਆਂ ਹੀ ਵਿਰੋਧੀ ਪਾਰਟੀਆਂ ਵਿਚ ਸੱਕ ਪੈਦਾ ਹੋ ਗਿਆ ਹੈ ਕਿ ਰਾਜ ਦੀ ਮੌਜੂਦਾ ਆਪ ਪਾਰਟੀ ਦੀ ਸਰਕਾਰ ਧੱਕਾ ਨਾ ਕਰੇ। ਉਨਾਂ ਮੰਗ ਕੀਤੀ ਹੈ ਕਿ ਵੋਟਾਂ ਦੀ ਗਿਣਤੀ ਤੁਰੰਤ ਕਰਵਾਈ ਜਾਵੇ।

ਕੁਰਾਲੀ ਦੇ ਖ਼ਾਲਸਾ ਸਕੂਲ ਵਿਖੇ ਆਪਣੇ ਪਰਿਵਾਰ ਸਮੇਤ ਵੋਟ ਪਾ ਕੇ ਵਾਪਸ ਆਉਂਦੇ ਇੱਕ ਬਜ਼ੁਰਗ । ਤਸਵੀਰ ਤੇ ਵੇਰਵਾ: ਪ੍ਰਭਦੀਪ ਸਿੰਘ ਸੋਢੀ

ਕੁਰਾਲੀ ਵਿਖੇ ਆਪਣੀ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਦੇ ਹੋਏ ਬੀਬੀ ਸੁਖਜੀਤ ਕੌਰ ਸੋਢੀ ਸਾਬਕਾ ਕੌਂਸਲਰ, ਬੀਬੀ ਜਸਵੰਤ ਕੌਰ ਪ੍ਰਧਾਨ ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਸਮਾਜ ਸੇਵੀ ਸੁਖਜਿੰਦਰ ਸੋਢੀ ਅਤੇ ਹੋਰ। ਪ੍ਰਭਦੀਪ ਸਿੰਘ ਸੋਢੀ

ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਰਣਜੀਤ ਸਿੰਘ ਗਿੱਲ ਵੱਲੋਂ ਵਾਰਡ ਨੰਬਰ 5 ਕੁਰਾਲੀ ਤੋਂ ਉਮੀਦਵਾਰ ਲਖਵਿੰਦਰ ਕੌਰ ਠਾਕੁਰ ਦੇ ਬੂਥ 'ਤੇ ਪਹੁੰਚ ਕੇ ਵਰਕਰਾਂ ਦਾ ਹੌਸਲਾ ਅਫਜ਼ਾਈ ਕਰਦਿਆਂ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਦਿਆਂ ਵੋਟ ਪਾਉਣ ਲਈ ਪ੍ਰੇਰਿਤ ਕੀਤਾ। ਤਸਵੀਰ ਤੇ ਵੇਰਵਾ:ਪ੍ਰਭਦੀਪ ਸਿੰਘ ਸੋਢੀ ਕੁਰਾਲੀ

ਖਰੜ ਅਗਰਵਾਲ ਸਭਾ ਦੇ ਮੈਂਬਰ ਬਣਨ ਲਈ ਅਗਰਵਾਲਾਂ ਨੂੰ ਅਪੀਲ

ਸ਼ਸ਼ੀ ਪਾਲ ਜੈਨ

ਖਰੜ 26 ਮਈ-ਅਗਰਵਾਲ ਸਭਾ ਖਰੜ ਪਿਛਲੇ ਕਈ ਸਾਲਾਂ ਤੋਂ ਸਮਾਜ ਸੇਵਾ ਵਿਚ ਅਹਿਮ ਭੂਮਿਕਾ ਨਿਭਾ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿਚ ਇਸ ਸਭਾ ਨਾਲ ਵਧੇਰੇ ਮੈਂਬਰ ਜੋੜ ਕੇ ਸਮਾਜ ਸੇਵਾ ਦਾ ਇੱਕ ਬਹੁਤ ਵੱਡਾ ਉਪਰਾਲਾ ਕੀਤਾ ਜਾਵੇਗਾ। ਅੱਜ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਅਗਰਵਾਲ ਸਭਾ ਖਰੜ ਦੇ ਪ੍ਰਧਾਨ ਰਵੀ ਕਾਂਤ ਗੁਪਤਾ, ਸਕੱਤਰ ਦਵਿੰਦਰ ਗੁਪਤਾ ਅਤੇ ਕੈਸ਼ੀਅਰ ਰਾਮੇਸ਼ ਗੁਪਤਾ ਬੰਟੀ ਨੇ ਦੱਸਿਆ ਕਿ ਇਸ ਸਮੇਂ ਖਰੜ ਦੀ ਆਬਾਦੀ ਲਗਭਗ 3 ਲੱਖ ਦੇ ਕਰੀਬ ਹੈ ਅਤੇ ਉਸ ਵਿਚੋਂ ਅਗਰਵਾਲ ਬਰਾਦਰੀ ਨਾਲ ਸਬੰਧਤ ਵਸਨੀਕਾਂ ਦੀ ਆਬਾਦੀ 50 ਹਜ਼ਾਰ ਤੋਂ ਉਪਰ ਹੈ ਅਤੇ ਇਥੇ ਖਰੜ ਨਗਰ ਕੌਂਸਲ ਵਿਚ 10 ਹਜ਼ਾਰ ਤੋਂ ਵੱਧ ਅਗਰਵਾਲ ਭਾਈਚਾਰੇ ਨਾਲ ਸਬੰਧਤ ਪਰਿਵਾਰ ਰਹਿ ਰਹੇ ਹਨ।

ਉਨਾਂ ਦੱਸਿਆ ਕਿ ਇਸ ਲਈ ਸਾਰੇ ਅਗਰਵਾਲ ਭਾਈਚਾਰੇ ਦੇ ਵਸਨੀਕਾਂ ਨੂੰ ਬੇਨਤੀ ਹੈ ਕਿ ਉਹ ਅਗਰਵਾਲ ਸਭਾ ਜਿਸ ਦੇ ਹੁਣ ਤੱਕ 514 ਮੈਂਬਰ ਹਨ, ਨਾਲ ਆਪਣੇ ਆਪ ਨੂੰ ਜੋੜਨ ਤਾਂ ਕਿ ਭਵਿੱਖ ਵਿਚ ਅਸੀਂ ਇੱਕ ਜੁਟ ਹੋ ਕੇ ਕੋਈ ਵੱਡਾ ਉਪਰਾਲਾ ਕਰ ਸਕੀਏ।

ਨਯਾਗਾਓਂ 'ਚ ਨਗਰ ਕੌਂਸਲ ਚੋਣ ਪੋਲਿੰਗ ਬੂਥ ਛਾਂ ਜਾਂ ਪਾਣੀ ਤੋਂ ਸੱਖਣੇ

ਨਿਊ - ਚੰਡੀਗੜ੍ਹ, ਖਰੜ, 26 ਮਈ (ਜੇ.ਕੇ ਬੱਤਾ)- ਜ਼ਿਲ੍ਹਾ ਚੋਣ ਅਧਿਕਾਰੀ ਨੇ ਸਬੰਧਤ ਅਧਿਕਾਰੀਆਂ ਨੂੰ ਜ਼ਰੂਰੀ ਨਿਰਦੇਸ਼ ਜਾਰੀ ਕੀਤੇ ਸਨ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਨਯਾਗਾਓਂ ਵਿੱਚ ਨਗਰ ਕੌਂਸਲ ਚੋਣਾਂ ਦੌਰਾਨ ਵੋਟਰਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਸ ਦੇ ਬਾਵਜੂਦ, ਪੋਲਿੰਗ ਬੂਥਾਂ 'ਤੇ ਨਾ ਤਾਂ ਛਾਂ ਅਤੇ ਨਾ ਹੀ ਪਾਣੀ ਦਾ ਪ੍ਰਬੰਧ ਕੀਤਾ ਗਿਆ। ਤੇਜ਼ ਧੁੱਪ ਕਾਰਨ ਵੋਟਰਾਂ ਨੂੰ ਪੋਲਿੰਗ ਬੂਥਾਂ 'ਤੇ ਲਾਈਨ ਵਿੱਚ ਖੜ੍ਹੇ ਹੋ ਕੇ ਬਹੁਤ ਜ਼ਿਆਦਾ ਪਸੀਨਾ ਵਹਾਉਣਾ ਪਿਆ। ਵ ?ਹੀਲਚੇਅਰਾਂ ਵੀ ਉਪਲਬਧ ਨਹੀਂ ਸਨ, ਅਤੇ ਕਈ ਹੋਰ ਅਸੁਵਿਧਾਵਾਂ ਪੈਦਾ ਹੋਈਆਂ। ਚੋਣ ਸ਼ਡਿਊਲ ਜਾਰੀ ਹੋਣ ਤੋਂ ਬਾਅਦ, ਜ਼ਿਲ੍ਹਾ ਚੋਣ ਅਧਿਕਾਰੀ ਨੇ ਚੋਣ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਾਰੇ ਪੋਲਿੰਗ ਬੂਥਾਂ 'ਤੇ ਪਾਣੀ, ਬਿਜਲੀ ਅਤੇ ਛਾਂ ਦਾ ਪ੍ਰਬੰਧ ਯਕੀਨੀ ਬਣਾਉਣ ਤਾਂ ਜੋ ਵੋਟਰਾਂ ਨੂੰ ਵੋਟ ਪਾਉਣ ਦੌਰਾਨ ਕੋਈ ਅਸੁਵਿਧਾ ਨਾ ਹੋਵੇ। ਇਸ ਦੇ ਬਾਵਜੂਦ, ਜਲ ਨਿਗਮ, ਬਿਜਲੀ ਵਿਭਾਗ ਅਤੇ ਨਯਾਗਾਓਂ ਨਗਰ ਕੌਂਸਲ ਕੋਈ ਜਵਾਬ ਨਹੀਂ ਦੇ ਰਹੀ। ਸਥਿਤੀ ਇੰਨੀ ਗੰਭੀਰ ਬਣੀ ਰਹੀ ਕਿ ਨਾਡਾ ਪਿੰਡ ਅਤੇ ਨਯਾਗਾਓਂ ਦੇ ਹੋਰ ਖੇਤਰਾਂ ਦੇ ਜ਼ਿਆਦਾਤਰ ਪੋਲਿੰਗ ਬੂਥਾਂ 'ਤੇ ਅਸੁਵਿਧਾ ਦਾ ਸਾਹਮਣਾ ਕਰਨਾ ਪਿਆ। ਬੂਥਾਂ 'ਤੇ ਛਾਂ ਅਤੇ ਪਾਣੀ ਦਾ ਪ੍ਰਬੰਧ ਨਾ ਹੋਣ ਕਾਰਨ ਵੋਟਰਾਂ ਨੂੰ ਤੇਜ਼ ਧੁੱਪ ਵਿੱਚ ਪਰੇਸ਼ਾਨੀ ਝੱਲਣੀ ਪਈ। ਉਹ ਕਤਾਰ ਵਿੱਚ ਖੜ੍ਹੇ ਹੋ ਕੇ ਪਿਆਸ ਮਿਟਾਉਂਦੇ ਰਹੇ। ਧੁੱਪ ਤੋਂ ਬਚਣ ਲਈ ਲੋਕਾਂ ਨੇ ਤੌਲੀਏ, ਸਕਾਰਫ਼ ਆਦਿ ਦਾ ਸਹਾਰਾ ਲਿਆ। ਪੋਲਿੰਗ ਬੂਥਾਂ 'ਤੇ ਹਫੜਾ-ਦਫੜੀ ਕਾਰਨ ਅਧਿਕਾਰੀਆਂ ਪ੍ਰਤੀ ਅਸੰਤੁਸ਼ਟੀ ਸੀ। ਨਯਾਗਾਓਂ ਦੇ ਪੋਲਿੰਗ ਬੂਥਾਂ 'ਤੇ ਤੇਜ਼ ਧੁੱਪ ਵਿੱਚ ਵੋਟਰਾਂ ਨੂੰ ਪ੍ਰੇਸ਼ਾਨੀ ਝੱਲਣੀ ਪਈ। ਨਗਰ ਕੌਂਸਲ ਨਯਾਗਾਓਂ ਨੇ ਇਨ੍ਹਾਂ ਕੇਂਦਰਾਂ 'ਤੇ ਟੈਂਟਾ ਆਦਿ ਦਾ ਕੋਈ ਪ੍ਰਬੰਧ ਨਹੀਂ ਕੀਤਾ ਸੀ, ਹਾਲਾਂਕਿ ਕੰਪਲੈਕਸ ਵਿੱਚ ਕਈ ਥਾਵਾਂ 'ਤੇ ਦਰੱਖਤ ਨਹੀਂ ਸਨ। ਵਰਾਂਡੇ ਵਿੱਚ ਬੈਠਣ ਲਈ ਕਾਫ਼ੀ ਜਗ੍ਹਾ ਨਹੀਂ ਸੀ।

ਮੋਹਾਲੀ ਨਗਰ ਨਿਗਮ ਚੋਣਾਂ 'ਚ ਪਰਿਵਾਰ ਸਮੇਤ ਸ਼ਮੂਲੀਅਤ ਕਰਕੇ ਵਿਧਾਇਕ ਕੁਲਵੰਤ ਸਿੰਘ ਨੇ ਇਸਤੇਮਾਲ ਕੀਤਾ ਵੋਟ ਦਾ ਹੱਕ

ਮੋਹਾਲੀ, 26 ਮਈ (ਦੇਸ਼ ਪ੍ਰਦੇਸ਼ ਬਿਊਰੋ)-: ਸਰਦਾਰ ਕੁਲਵੰਤ ਸਿੰਘ ਵਿਧਾਇਕ ਐਸ.ਏ.ਐਸ. ਨਗਰ (ਮੋਹਾਲੀ) ਨੇ ਅੱਜ ਆਪਣੇ ਪੁੱਤਰ ਸਰਬਜੀਤ ਸਿੰਘ ਅਤੇ ਪਰਿਵਾਰਕ ਮੈਂਬਰਾਂ ਸਮੇਤ ਨਗਰ ਨਿਗਮ ਮੋਹਾਲੀ ਚੋਣਾਂ ਲਈ ਵਾਰਡ ਨੰਬਰ 42 ਵਿੱਚ ਆਪਣਾ ਵੋਟ ਪਾਇਆ।ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਲੋਕਤੰਤਰ ਵਿੱਚ ਵੋਟ ਦਾ ਅਧਿਕਾਰ ਸਭ ਤੋਂ ਵੱਡੀ ਤਾਕਤ ਹੈ ਅਤੇ ਹਰ ਨਾਗਰਿਕ ਨੂੰ ਆਪਣੇ ਇਸ ਸੰਵਿਧਾਨਕ ਹੱਕ ਦਾ ਜ਼ਰੂਰ ਇਸਤੇਮਾਲ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਦੀਆਂ ਚੋਣਾਂ ਲੋਕਾਂ ਨੂੰ ਆਪਣੇ ਇਲਾਕੇ ਦੇ ਵਿਕਾਸ ਅਤੇ ਭਵਿੱਖ ਲਈ ਯੋਗ ਪ੍ਰਤੀਨਿਧ ਚੁਣਨ ਦਾ ਮੌਕਾ ਦਿੰਦੀਆਂ ਹਨ। ਉਨ੍ਹਾਂ ਮੋਹਾਲੀ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਘਰਾਂ ਤੋਂ ਬਾਹਰ ਨਿਕਲ ਕੇ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਨ ਤਾਂ ਜੋ ਮਜ਼ਬੂਤ ਅਤੇ ਜ਼ਿੰਮੇਵਾਰ ਲੋਕਤੰਤਰ ਦੀ ਸਥਾਪਨਾ ਹੋ ਸਕੇ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਲੋਕਾਂ ਦਾ ਭਰੋਸਾ ਅਤੇ ਸਹਿਯੋਗ ਹੀ ਲੋਕ ਸੇਵਾ ਲਈ ਸਭ ਤੋਂ ਵੱਡੀ ਪ੍ਰੇਰਣਾ ਹੁੰਦਾ ਹੈ ਅਤੇ ਉਹ ਹਮੇਸ਼ਾਂ ਮੋਹਾਲੀ ਦੇ ਵਿਕਾਸ, ਸਹੂਲਤਾਂ ਅਤੇ ਲੋਕ ਭਲਾਈ ਲਈ ਵਚਨਬੱਧ ਰਹਿਣਗੇ।

ਡਿਪਟੀ ਕਮਿਸ਼ਨਰ-ਕਮ-ਆਬਕਾਰੀ ਕਮਿਸ਼ਨਰ, ਚੰਡੀਗੜ੍ਹ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ

ਚੰਡੀਗੜ੍ਹ, 26 ਮਈ, (ਦੇਸ਼ ਪ੍ਰਦੇਸ਼ ਬਿਊਰੋ)- ਅੱਜ ਚੰਡੀਗੜ੍ਹ ਦੇ ਸਾਰੇ ਸ਼ਰਾਬ ਲਾਇਸੈਂਸ ਧਾਰਕਾਂ ਦੀ ਇੱਕ ਮੀਟਿੰਗ ਡਿਪਟੀ ਕਮਿਸ਼ਨਰ-ਕਮ-ਆਬਕਾਰੀ ਕਮਿਸ਼ਨਰ, ਚੰਡੀਗੜ੍ਹ, ਨਿਸ਼ਾਂਤ ਕੁਮਾਰ ਯਾਦਵ, ਆਈ.ਏ.ਐਸ. ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦਾ ਉਦੇਸ਼ ਆਬਕਾਰੀ ਨੀਤੀ ਦੀ ਪਾਲਣਾ ਦੀ ਸਮੀਖਿਆ ਕਰਨਾ ਅਤੇ ਹਾਲ ਹੀ ਵਿੱਚ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਾਹਮਣੇ ਆਈਆਂ ਉਲੰਘਣਾਵਾਂ 'ਤੇ ਚਰਚਾ ਕਰਨਾ ਸੀ। ਮੀਟਿੰਗ ਦੌਰਾਨ, ਡਿਪਟੀ ਕਮਿਸ਼ਨਰ-ਕਮ-ਆਬਕਾਰੀ ਕਮਿਸ਼ਨਰ ਨੇ ਇੱਕ ਸੋਸ਼ਲ ਮੀਡੀਆ ਐਪਲੀਕੇਸ਼ਨ 'ਤੇ ਘੁੰਮ ਰਹੀ ਇੱਕ 'ਰੀਲ' ਦਾ ਗੰਭੀਰ ਨੋਟਿਸ ਲਿਆ, ਜਿਸ ਵਿੱਚ ਇੱਕ ਸ਼ਰਾਬ ਵਿਕਰੇਤਾ ਨੂੰ ਬ੍ਰਾਂਡ ਪ੍ਰਮੋਸ਼ਨ ਦੀ ਆੜ ਵਿੱਚ ਮੁਫ਼ਤ ਸ਼ਰਾਬ ਪਰੋਸਦੇ ਦੇਖਿਆ ਗਿਆ। ਚੇਅਰਪਰਸਨ ਨੇ ਹਾਜ਼ਰੀਨ ਨੂੰ ਦੱਸਿਆ ਕਿ ਉਕਤ ਮਾਮਲੇ ਵਿੱਚ ਦੋਸ਼ੀ ਵਿਰੁੱਧ ਪਹਿਲਾਂ ਹੀ ਐਫਆਈਆਰ ਦਰਜ ਕੀਤੀ ਜਾ ਚੁੱਕੀ ਹੈ, ਅਤੇ ਸਖ਼ਤ ਕਾਰਵਾਈ ਸ਼ੁਰੂ ਕੀਤੀ ਜਾ ਰਹੀ ਹੈ। ਮੀਟਿੰਗ ਦੀ ਸਮਾਪਤੀ ਕਰਦੇ ਹੋਏ, ਸ਼੍ਰੀ ਨਿਸ਼ਾਂਤ ਕੁਮਾਰ ਯਾਦਵ ਨੇ ਸਾਰੇ ਲਾਇਸੈਂਸ ਧਾਰਕਾਂ ਵਿੱਚ ਸਿਹਤਮੰਦ ਅਤੇ ਨਿਰਪੱਖ ਮੁਕਾਬਲਾ ਬਣਾਈ ਰੱਖਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਹਾਲਾਂਕਿ, ਉਨ੍ਹਾਂ ਨੇ ਪੁਸ਼ਟੀ ਕੀਤੀ ਕਿ ਪ੍ਰਸ਼ਾਸਨ ਆਬਕਾਰੀ ਨੀਤੀ ਦੇ ਉਪਬੰਧਾਂ ਤੋਂ ਕਿਸੇ ਵੀ ਭਟਕਣਾ ਦੇ ਨਾਲ-ਨਾਲ ਜਨਤਕ ਹਿੱਤ ਜਾਂ ਰੈਗੂਲੇਟਰੀ ਅਨੁਸ਼ਾਸਨ ਲਈ ਨੁਕਸਾਨਦੇਹ ਮੰਨੀਆਂ ਜਾਣ ਵਾਲੀਆਂ ਕਿਸੇ ਵੀ ਗਤੀਵਿਧੀਆਂ ਨਾਲ ਸਖ਼ਤੀ ਅਤੇ ਦ੍ਰਿੜਤਾ ਨਾਲ ਨਜਿੱਠੇਗਾ।

ਕੁਰਾਲੀ 'ਚ ਚੋਣਾਂ ਦਾ ਕੰਮ ਅਮਨ ਅਮਾਨ ਨਾਲ ਨੇਪਰੇ ਚੜ੍ਹਿਆ

ਕੁਰਾਲੀ, 26 ਮਈ (ਪ੍ਰਭਦੀਪ ਸਿੰਘ ਸੋਢੀ)- ਕੁਰਾਲੀ ਸ਼ਹਿਰ ਵਿੱਚ ਅੱਜ ਹੋਈਆਂ ਨਗਰ ਕੌਂਸਲ ਚੋਣਾਂ ਦੌਰਾਨ ਵੋਟਿੰਗ ਦਾ ਕੰਮ ਕੁੱਲ ਮਿਲਾ ਕੇ ਅਮਨ-ਅਮਾਨ ਅਤੇ ਸ਼ਾਂਤੀਪੂਰਵਕ ਢੰਗ ਨਾਲ ਸੰਪੰਨ ਹੋਇਆ। ਸਵੇਰ ਤੋਂ ਹੀ ਸ਼ਹਿਰ ਦੇ ਵੱਖ-ਵੱਖ ਬੂਥਾਂ 'ਤੇ ਵੋਟਰਾਂ ਦੀਆਂ ਲੰਬੀਆਂ ਕਤਾਰਾਂ ਦੇਖਣ ਨੂੰ ਮਿਲੀਆਂ ਅਤੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਆਪਣੇ ਮਤ ਦਾ ਪ੍ਰਯੋਗ ਕੀਤਾ। ਚੋਣਾਂ ਨੂੰ ਲੈ ਕੇ ਲੋਕਾਂ ਵਿੱਚ ਕਾਫ਼ੀ ਉਤਸ਼ਾਹ ਨਜ਼ਰ ਆਇਆ, ਪਰ ਇਸਦੇ ਨਾਲ ਹੀ ਬਹੁਤ ਸਾਰੇ ਬੂਥਾਂ 'ਤੇ ਪ੍ਰਸ਼ਾਸਨਿਕ ਪ੍ਰਬੰਧਾਂ ਦੀ ਕਮੀ ਵੀ ਸਾਫ਼ ਤੌਰ 'ਤੇ ਮਹਿਸੂਸ ਕੀਤੀ ਗਈ। ਤਿੱਖੀ ਗਰਮੀ ਅਤੇ ਸਿਖਰ ਦੁਪਹਿਰ ਦੇ ਸਮੇਂ ਵੋਟ ਪਾਉਣ ਲਈ ਪਹੁੰਚੇ ਸ਼ਹਿਰ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਵੱਡੀ ਕਮੀ ਦਾ ਸਾਹਮਣਾ ਕਰਨਾ ਪਿਆ। ਕਈ ਬੂਥਾਂ 'ਤੇ ਨਾ ਤਾਂ ਠੰਢੇ ਪਾਣੀ ਦਾ ਕੋਈ ਢੁੱਕਵਾਂ ਪ੍ਰਬੰਧ ਸੀ ਅਤੇ ਨਾ ਹੀ ਲੋਕਾਂ ਲਈ ਬੈਠਣ ਦੀ ਕੋਈ ਵਿਵਸਥਾ ਦਿਖਾਈ ਦਿੱਤੀ। ਖਾਸ ਕਰਕੇ ਬਜ਼ੁਰਗਾਂ, ਮਹਿਲਾਵਾਂ ਅਤੇ ਅਪਾਹਿਜ ਵੋਟਰਾਂ ਨੂੰ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ। ਵੀਲ ਚੇਅਰਾਂ ਦੇ ਪ੍ਰਬੰਧ ਨਾ ਹੋਣ ਕਾਰਨ ਕਈ ਬਜ਼ੁਰਗ ਵੋਟਰਾਂ ਨੂੰ ਆਪਣੇ ਪਰਿਵਾਰਕ ਮੈਂਬਰਾਂ ਦੇ ਸਹਾਰੇ ਬੂਥਾਂ ਤੱਕ ਪਹੁੰਚਣਾ ਪਿਆ। ਵੋਟਰਾਂ ਵੱਲੋਂ ਇਸ ਮਾਮਲੇ 'ਤੇ ਨਾਰਾਜ਼ਗੀ ਵੀ ਜਤਾਈ ਗਈ ਅਤੇ ਪ੍ਰਸ਼ਾਸਨ ਤੋਂ ਭਵਿੱਖ ਵਿੱਚ ਵਧੀਆ ਪ੍ਰਬੰਧ ਕਰਨ ਦੀ ਮੰਗ ਕੀਤੀ ਗਈ। ਵੋਟਿੰਗ ਦੌਰਾਨ ਖਾਲਸਾ ਸਕੂਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਅਤੇ ਚਕਵਾਲ ਸਕੂਲ ਵਿਖੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਸਮਰਥਕਾਂ ਵਿਚਾਲੇ ਹਲਕੀ-ਫੁਲਕੀ ਬਹਿਸਬਾਜ਼ੀ ਵੀ ਹੁੰਦੀ ਰਹੀ। ਹਾਲਾਂਕਿ ਮੌਕੇ 'ਤੇ ਤਾਇਨਾਤ ਪੁਲਿਸ ਅਤੇ ਸੁਰੱਖਿਆ ਕਰਮਚਾਰੀਆਂ ਨੇ ਸਥਿਤੀ ਨੂੰ ਤੁਰੰਤ ਕਾਬੂ ਵਿੱਚ ਰੱਖਿਆ ਅਤੇ ਕਿਸੇ ਵੀ ਅਣਚਾਹੀ ਘਟਨਾ ਨੂੰ ਵਾਪਰਨ ਤੋਂ ਰੋਕਿਆ। ਸ਼ਹਿਰ ਦੇ ਸੰਵੇਦਨਸ਼ੀਲ ਬੂਥਾਂ 'ਤੇ ਪੁਲਿਸ ਵੱਲੋਂ ਵਿਸ਼ੇਸ਼ ਨਿਗਰਾਨੀ ਰੱਖੀ ਗਈ ਸੀ। ਚੋਣਾਂ ਦੌਰਾਨ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੇ ਵੀ ਸ਼ਹਿਰ ਦੇ ਬੂਥਾਂ ਦਾ ਦੌਰਾ ਕਰਕੇ ਆਪਣੇ ਵਰਕਰਾਂ ਅਤੇ ਸਮਰਥਕਾਂ ਦਾ ਹੌਸਲਾ ਵਧਾਇਆ। ਕਾਂਗਰਸ ਪਾਰਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਕਮਲ ਕਿਸ਼ੋਰ ਕਾਲਾ, ਸਾਬਕਾ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਜੀਤੀ ਪਡਿਆਲਾ, ਗੁਰਿੰਦਰ ਸਿੰਘ ਕੈਰੋਂ, ਕਮਲਜੀਤ ਸਿੰਘ ਚਾਵਲਾ ਅਤੇ ਜਸਵਿੰਦਰ ਸਿੰਘ ਗੋਲਡੀ ਵੱਲੋਂ ਵੱਖ-ਵੱਖ ਬੂਥਾਂ 'ਤੇ ਪਹੁੰਚ ਕਰਕੇ ਚੋਣ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਭਾਜਪਾ ਵੱਲੋਂ ਰਣਜੀਤ ਸਿੰਘ ਗਿੱਲ ਅਤੇ ਚਰਨਜੀਤ ਸਿੰਘ ਕਾਲੇਵਾਲ ਨੇ ਆਪਣੇ ਸਮਰਥਕਾਂ ਨਾਲ ਸੰਪਰਕ ਬਣਾਈ ਰੱਖਿਆ ਅਤੇ ਵਰਕਰਾਂ ਨੂੰ ਉਤਸ਼ਾਹਿਤ ਕੀਤਾ। ਇਸੇ ਤਰ੍ਹਾਂ ਆਮ ਆਦਮੀ ਪਾਰਟੀ ਵੱਲੋਂ ਯੂਥ ਵੈਲਫੇਅਰ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਨੇ ਵੀ ਬੂਥਾਂ ਦਾ ਦੌਰਾ ਕਰਕੇ ਪਾਰਟੀ ਵਰਕਰਾਂ ਨਾਲ ਗੱਲਬਾਤ ਕੀਤੀ। ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਰਵਿੰਦਰ ਸਿੰਘ ਖੇੜਾ ਅਤੇ ਚੌਧਰੀ ਸ਼ਿਆਮ ਲਾਲ ਗੂੜ੍ਹਾ ਨੇ ਵੀ ਵੱਖ-ਵੱਖ ਬੂਥਾਂ 'ਤੇ ਪਹੁੰਚ ਕੇ ਸਮਰਥਕਾਂ ਨੂੰ ਹੌਸਲਾ ਦਿੱਤਾ ਅਤੇ ਵੋਟਰਾਂ ਨਾਲ ਸੰਪਰਕ ਕੀਤਾ।ਸ਼ਾਮ ਤੱਕ ਸ਼ਹਿਰ ਦੇ ਬਹੁਤ ਸਾਰੇ ਬੂਥਾਂ 'ਤੇ ਵੋਟਿੰਗ ਸ਼ਾਂਤੀਪੂਰਵਕ ਢੰਗ ਨਾਲ ਜਾਰੀ ਰਹੀ ਅਤੇ ਲੋਕਾਂ ਨੇ ਲੋਕਤੰਤਰ ਦੇ ਇਸ ਤਿਉਹਾਰ ਵਿੱਚ ਵੱਧ ਚੜ੍ਹ ਕੇ ਭਾਗ ਲਿਆ। ਭਾਵੇਂ ਕੁਝ ਥਾਵਾਂ 'ਤੇ ਪ੍ਰਬੰਧਾਂ ਦੀ ਕਮੀ ਨੂੰ ਲੈ ਕੇ ਲੋਕਾਂ ਵਿੱਚ ਨਾਰਾਜ਼ਗੀ ਵੀ ਰਹੀ, ਪਰ ਸਮੂਹਕ ਤੌਰ 'ਤੇ ਚੋਣ ਪ੍ਰਕਿਰਿਆ ਸ਼ਾਂਤੀ ਅਤੇ ਸੁਚੱਜੇ ਮਾਹੌਲ ਵਿੱਚ ਸੰਪੰਨ ਹੋਈ।

ਡੇਰਾਬੱਸੀ ਨਗਰ ਕੌਂਸਲ ਚੋਣਾਂ ਦੌਰਾਨ ਹੰਗਾਮਾ

ਵਾਰਡ ਨੰਬਰ 5 ਵਿੱਚ ਬੂਥ ਕੈਪਚਰਿੰਗ ਦੇ ਦੋਸ਼

ਡੇਰਾਬੱਸੀ, 26 ਮਈ (ਸੁਖਵਿੰਦਰ ਸੈਣੀ)- ਨਗਰ ਕੌਂਸਲ ਡੇਰਾਬੱਸੀ ਦੇ 18 ਵਾਰਡਾਂ ਲਈ ਹੋਈਆਂ ਚੋਣਾਂ ਸੋਮਵਾਰ ਨੂੰ ਜ਼ਿਆਦਾਤਰ ਥਾਵਾਂ 'ਤੇ ਸ਼ਾਂਤੀਪੂਰਨ ਢੰਗ ਨਾਲ ਸੰਪੰਨ ਹੋ ਗਈਆਂ,ਪਰ ਵਾਰਡ ਨੰਬਰ 5 ਵਿੱਚ ਚੋਣ ਪ੍ਰਕਿਰਿਆ ਦੌਰਾਨ ਤਣਾਅਪੂਰਨ ਮਾਹੌਲ ਬਣ ਗਿਆ, ਜਿੱਥੇ ਵਿਰੋਧੀ ਧਿਰਾਂ ਵੱਲੋਂ ਬੂਥ ਕੈਪਚਰਿੰਗ ਅਤੇ ਧੱਕੇਸ਼ਾਹੀ ਦੇ ਗੰਭੀਰ ਦੋਸ਼ ਲਗਾਏ ਗਏ।

ਕਾਂਗਰਸ ਅਤੇ ਭਾਜਪਾ ਦੇ ਉਮੀਦਵਾਰਾਂ ਨੇ ਦੋਸ਼ ਲਗਾਇਆ ਕਿ ਸੱਤਾਧਾਰੀ ਧਿਰ ਵੱਲੋਂ ਬਾਹਰਲੇ ਲੋਕਾਂ ਨੂੰ ਬੁਲਾ ਕੇ ਬੂਥ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਕਿਹਾ ਕਿ ਪੋਲਿੰਗ ਏਜੰਟਾਂ ਨੂੰ ਬੂਥ ਤੋਂ ਬਾਹਰ ਕੱਢ ਦਿੱਤਾ ਗਿਆ ਅਤੇ ਸੀਸੀਟੀਵੀ ਕੈਮਰਿਆਂ ਦਾ ਰੁੱਖ ਵੀ ਮੋੜ ਦਿੱਤਾ ਗਿਆ। ਇਸ ਤੋਂ ਬਾਅਦ ਬੂਥ ਦੇ ਦਰਵਾਜ਼ੇ ਬੰਦ ਕਰਕੇ ਕਥਿਤ ਤੌਰ 'ਤੇ ਸੈਂਕੜਿਆਂ ਜਾਲੀ ਵੋਟਾਂ ਪਾਈਆਂ ਗਈਆਂ।ਮਾਮਲੇ ਦੀ ਜਾਣਕਾਰੀ ਮਿਲਦੇ ਹੀ ਕਾਂਗਰਸੀ ਅਤੇ ਭਾਜਪਾ ਉਮੀਦਵਾਰਾਂ ਨੇ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨੂੰ ਲਗਾਤਾਰ ਫੋਨ ਕਰਕੇ ਦਖ਼ਲ ਦੀ ਮੰਗ ਕੀਤੀ ਅਤੇ ਮੀਡੀਆ ਨੂੰ ਵੀ ਮੌਕੇ 'ਤੇ ਬੁਲਾਇਆ। ਹਾਲਾਤ ਤਣਾਅਪੂਰਨ ਬਣਦੇ ਦੇਖ ਐਸਪੀ ਡੇਰਾਬੱਸੀ ਬਿਕਰਮ ਸਿੰਘ ਬਰਾੜ ਅਤੇ ਥਾਣਾ ਮੁਖੀ ਸੁਮਿਤ ਮੋਰ ਭਾਰੀ ਪੁਲਿਸ ਫੋਰਸ ਸਮੇਤ ਮੌਕੇ 'ਤੇ ਪਹੁੰਚੇ ਅਤੇ ਸਥਿਤੀ 'ਤੇ ਕਾਬੂ ਪਾਇਆ। ਕਾਂਗਰਸ ਦੀ ਉਮੀਦਵਾਰ ਇੰਦੂ ਸੈਣੀ ਅਤੇ ਭਾਜਪਾ ਦੀ ਉਮੀਦਵਾਰ ਸੋਨੀਆ ਮੁਦਗਿਲ ਨੇ ਮੀਡੀਆ ਸਾਹਮਣੇ ਸਰਕਾਰ ਖ਼ ?ਲਾਫ਼ ਖੁੱਲ੍ਹ ਕੇ ਗੁੱਸਾ ਜਤਾਇਆ। ਉਨ੍ਹਾਂ ਕਿਹਾ ਕਿ ਲੋਕਤੰਤਰ ਦਾ ਗਲਾ ਘੋਟਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਅਤੇ ਵਿਰੋਧੀ ਉਮੀਦਵਾਰਾਂ ਨੂੰ ਹਰਾਉਣ ਲਈ ਪ੍ਰਸ਼ਾਸਨਿਕ ਤਾਕਤ ਦਾ ਦੁਰਪਯੋਗ ਕੀਤਾ ਜਾ ਰਿਹਾ ਹੈ। ਇਸ ਦੌਰਾਨ ਕਾਂਗਰਸ ਹਲਕਾ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਵੀ ਮੌਕੇ 'ਤੇ ਪਹੁੰਚੇ। ਉਨ੍ਹਾਂ ਦੋਸ਼ ਲਗਾਇਆ ਕਿ ਕਾਂਗਰਸੀ ਉਮੀਦਵਾਰਾਂ ਨੂੰ ਨਿਸ਼ਾਨਾ ਬਣਾਕੇ ਬੂਥ ਕੈਪਚਰਿੰਗ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਚੋਣਾਂ ਨੂੰ ਪ੍ਰਭਾਵਿਤ ਕਰਨ ਲਈ ਸਰਕਾਰੀ ਮਸ਼ੀਨਰੀ ਦਾ ਖੁੱਲ੍ਹਾ ਦੁਰਪਯੋਗ ਕੀਤਾ ਗਿਆ।ਮੌਕੇ 'ਤੇ ਥਾਣਾ ਮੁਖੀ ਸੁਮਿਤ ਮੋਰ ਅਤੇ ਦੀਪਇੰਦਰ ਸਿੰਘ ਢਿੱਲੋਂ ਵਿਚਾਲੇ ਤਿੱਖੀ ਬਹਿਸ ਵੀ ਹੋਈ, ਜਿਸ ਕਾਰਨ ਮਾਹੌਲ ਹੋਰ ਗਰਮਾ ਗਿਆ। ਮੀਡੀਆ ਦੇ ਸਾਹਮਣੇ ਵਿਰੋਧੀ ਉਮੀਦਵਾਰਾਂ ਨੇ ਆਪਣੀ ਪੂਰੀ ਦਾਸਤਾਨ ਸੁਣਾਉਂਦੇ ਹੋਏ ਚੋਣ ਪ੍ਰਕਿਰਿਆ ਦੀ ਨਿਰਪੱਖਤਾ 'ਤੇ ਸਵਾਲ ਖੜ੍ਹੇ ਕੀਤੇ ਅਤੇ ਸਰਕਾਰ 'ਤੇ ਧੱਕੇਸ਼ਾਹੀ ਕਰਨ ਦੇ ਦੋਸ਼ ਲਗਾਏ।

ਪੰਜਾਬ ਨੂੰ ਮੁੜ ਪਹਿਲੇ ਨੰਬਰ ਦਾ ਸੂਬਾ ਬਣਾਉਣ ਲਈ ਮਿਸਲ ਸਤਲੁਜ ਵੱਲੋਂ ਸੂਬੇ ਭਰ 'ਚ 'ਚੜ੍ਹਦੀ ਕਲਾ ਰੈਲੀਆਂ' ਦਾ ਐਲਾਨ : ਅਜੇਪਾਲ ਸਿੰਘ ਬਰਾੜ

ਮੋਹਾਲੀ 26 ਮਈ(ਦੇਸ਼ ਪ੍ਰਦੇਸ਼ ਬਿਊਰੋ)- *ਮਿਸਲ ਸਤਲੁਜ ਜਥੇਬੰਦੀ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਨੇ ਅੱਜ ਇੱਥੇ ਇੱਕ ਮਹੱਤਵਪੂਰਨ ਐਲਾਨ ਕਰਦਿਆਂ ਕਿਹਾ ਕਿ ਪੰਜਾਬ ਨੂੰ ਮੁੜ ਵਿਕਾਸ, ਖ਼ੁਸ਼ਹਾਲੀ ਅਤੇ ਤਰੱਕੀ ਦੇ ਰਾਹ 'ਤੇ ਲਿਆ ਕੇ ਪਹਿਲੇ ਨੰਬਰ ਦਾ ਸੂਬਾ ਬਣਾਉਣ ਲਈ ਮਿਸਲ ਸਤਲੁਜ ਜਥੇਬੰਦੀ ਵੱਲੋਂ ਆਉਂਦੇ ਦੋ ਮਹੀਨਿਆਂ ਦੌਰਾਨ ਪੰਜਾਬ ਭਰ ਵਿੱਚ 17 ਵਿਸ਼ਾਲ "ਚੜ੍ਹਦੀ ਕਲਾ ਰੈਲੀਆਂ"ਕੀਤੀਆਂ ਜਾਣਗੀਆਂ।*

ਉਨ੍ਹਾਂ ਕਿਹਾ ਕਿ ਇਨ੍ਹਾਂ ਰੈਲੀਆਂ ਦਾ ਮੁੱਖ ਉਦੇਸ਼ ਪੰਜਾਬ ਦੇ ਲੋਕਾਂ ਵਿੱਚ ਨਵੀਂ ਸੋਚ ਅਤੇ ਵਿਆਪਕ ਲੋਕ ਚਰਚਾ ਦੀ ਸ਼ੁਰੂਆਤ ਕਰਨਾ ਹੈ, ਤਾਂ ਜੋ ਸੂਬੇ ਦੇ ਹੱਕੀ ਮਸਲਿਆਂ, ਨੌਜਵਾਨਾਂ ਦੇ ਭਵਿੱਖ, ਕਿਸਾਨੀ ਸੰਕਟ, ਰੁਜ਼ਗਾਰ, ਸਿੱਖਿਆ ਅਤੇ ਔਰਤਾਂ ਦੇ ਸ਼ਕਤੀਕਰਨ ਵਰਗੇ ਮੁੱਦਿਆਂ ਨੂੰ ਲੋਕਾਂ ਦੇ ਧਿਆਨ ਵਿੱਚ ਲਿਆਂਦਾ ਜਾ ਸਕੇ।

ਸਰਦਾਰ ਅਜੇਪਾਲ ਸਿੰਘ ਬਰਾੜ ਨੇ ਕਿਹਾ ਕਿ ਮਿਸਲ ਸਤਲੁਜ ਜਥੇਬੰਦੀ ਹਮੇਸ਼ਾਂ ਪੰਜਾਬ, ਪੰਜਾਬੀਅਤ ਅਤੇ ਲੋਕ ਹਿੱਤਾਂ ਦੀ ਆਵਾਜ਼ ਬਣ ਕੇ ਸੰਘਰਸ਼ ਕਰਦੀ ਆ ਰਹੀ ਹੈ ਅਤੇ ਹੁਣ ਸਮਾਂ ਆ ਗਿਆ ਹੈ ਕਿ ਪੰਜਾਬ ਨੂੰ ਮੁੜ ਤਰੱਕੀ ਦੀ ਰਾਹ 'ਤੇ ਲਿਆਉਣ ਲਈ ਲੋਕਾਂ ਨੂੰ ਇਕੱਠਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਹ ਰੈਲੀਆਂ ਸਿਰਫ਼ ਰਾਜਨੀਤਿਕ ਇਕੱਠ ਨਹੀਂ ਹੋਣਗੀਆਂ, ਸਗੋਂ ਪੰਜਾਬ ਦੇ ਭਵਿੱਖ ਲਈ ਲੋਕਾਂ ਨਾਲ ਸਿੱਧਾ ਸੰਪਰਕ ਕਰਨ ਦਾ ਇੱਕ ਵੱਡਾ ਮੰਚ ਸਾਬਤ ਹੋਣਗੀਆਂ।

ਉਨ੍ਹਾਂ ਦੱਸਿਆ ਕਿ ਇਨ੍ਹਾਂ "ਚੜ੍ਹਦੀ ਕਲਾ ਰੈਲੀਆਂ"ਰਾਹੀਂ ਮੌਜੂਦਾ ਸਰਕਾਰ ਦੀਆਂ ਨਾਕਾਮੀਆਂ ਨੂੰ ਵੀ ਲੋਕਾਂ ਸਾਹਮਣੇ ਬੇਨਕਾਬ ਕੀਤਾ ਜਾਵੇਗਾ ਅਤੇ ਪੰਜਾਬ ਦੇ ਹੱਕੀ ਮੰਗਾਂ ਪ੍ਰਤੀ ਜਾਗਰੂਕਤਾ ਪੈਦਾ ਕੀਤੀ ਜਾਵੇਗੀ। ਇਸਦੇ ਨਾਲ ਹੀ ਔਰਤਾਂ ਦੀ ਭਾਗੀਦਾਰੀ ਅਤੇ ਸ਼ਕਤੀਕਰਨ ਨੂੰ ਵੀ ਵਿਸ਼ੇਸ਼ ਤਰਜੀਹ ਦਿੱਤੀ ਜਾਵੇਗੀ।

ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੈਲੀਆਂ ਦੀ ਸ਼ੁਰੂਆਤ 8 ਜੂਨ ਨੂੰ ਜ਼ੀਰਾ ਤੋਂ ਕੀਤੀ ਜਾਵੇਗੀ। ਇਸ ਤੋਂ ਬਾਅਦ 11 ਜੂਨ ਨੂੰ ਫਤਿਹਗੜ੍ਹ ਸਾਹਿਬ, 15 ਜੂਨ ਨੂੰ ਫਰੀਦਕੋਟ, 18 ਜੂਨ ਨੂੰ ਰੋਪੜ, 22 ਜੂਨ ਨੂੰ ਗੜ੍ਹਸ਼ੰਕਰ, 25 ਜੂਨ ਨੂੰ ਘਨੌਰ, 29 ਜੂਨ ਨੂੰ ਫਿਰੋਜ਼ਪੁਰ, 2 ਜੁਲਾਈ ਨੂੰ ਮੋਹਾਲੀ, 6 ਜੁਲਾਈ ਨੂੰ ਬਲਾਚੌਰ, 8 ਜੁਲਾਈ ਨੂੰ ਆਨੰਦਪੁਰ ਸਾਹਿਬ, 13 ਜੁਲਾਈ ਨੂੰ ਫਾਜ਼ਿਲਕਾ, 16 ਜੁਲਾਈ ਨੂੰ ਰਾਜਪੁਰਾ, 20 ਜੁਲਾਈ ਨੂੰ ਨਕੋਦਰ, 23 ਜੁਲਾਈ ਨੂੰ ਚਮਕੌਰ ਸਾਹਿਬ, 27 ਜੁਲਾਈ ਨੂੰ ਬਠਿੰਡਾ, 30 ਜੁਲਾਈ ਨੂੰ ਨਵਾਂ ਸ਼ਹਿਰ ਅਤੇ ਆਖਰੀ ਰੈਲੀ 3 ਅਗਸਤ ਨੂੰ ਸਨੌਰ ਵਿਖੇ ਕੀਤੀ ਜਾਵੇਗੀ।

ਸਰਦਾਰ ਬਰਾੜ ਨੇ ਕਿਹਾ ਕਿ ਪੰਜਾਬ ਭਰ ਵਿੱਚ ਹੋਣ ਵਾਲੀਆਂ ਇਨ੍ਹਾਂ ਰੈਲੀਆਂ ਦੀ ਸਫਲਤਾ ਲਈ ਮਿਸਲ ਸਤਲੁਜ ਜਥੇਬੰਦੀ ਦੇ ਮੈਂਬਰ ਅਤੇ ਵਲੰਟੀਅਰ ਪੂਰੀ ਤਨਦੇਹੀ ਨਾਲ ਤਿਆਰੀਆਂ ਵਿੱਚ ਜੁੱਟ ਚੁੱਕੇ ਹਨ। ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਜਥੇਬੰਦੀ ਦੇ ਮੈਂਬਰ ਦਿਨ-ਰਾਤ ਮਿਹਨਤ ਅਤੇ ਲਗਨ ਨਾਲ ਕੰਮ ਕਰ ਰਹੇ ਹਨ ਤਾਂ ਜੋ "ਚੜ੍ਹਦੀ ਕਲਾ ਰੈਲੀਆਂ"ਪੰਜਾਬ ਵਿੱਚ ਨਵੀਂ ਉਮੀਦ, ਨਵੀਂ ਸੋਚ ਅਤੇ ਨਵੀਂ ਜਾਗਰੂਕਤਾ ਦਾ ਸੰਦੇਸ਼ ਦੇ ਸਕਣ।

*ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਬਦਲਾਅ, ਇਮਾਨਦਾਰ ਸੋਚ ਅਤੇ ਲੋਕ-ਹਿੱਤਾਂ ਲਈ ਸੰਘਰਸ਼ ਕਰਨ ਵਾਲੀ ਅਗਵਾਈ ਦੀ ਉਡੀਕ ਕਰ ਰਹੇ ਹਨ ਅਤੇ ਮਿਸਲ ਸਤਲੁਜ ਜਥੇਬੰਦੀ ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਬਣਾਉਣ ਲਈ ਹਰ ਪੱਧਰ 'ਤੇ ਸੰਘਰਸ਼ ਜਾਰੀ ਰੱਖੇਗੀ।

ਨੌਜਵਾਨ ਪੀੜ੍ਹੀ ਨੂੰ ਗੁਰੂ ਬਾਣੀ ਤੇ ਗੁਰਸਿੱਖੀ ਨਾਲ ਜੋੜਨ ਲਈ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਗੁਰਮਤਿ ਕੈਂਪ 1 ਜੂਨ ਤੋਂ : ਹਰਮੀਤ ਸਿੰਘ ਕਾਲਕਾ

ਨਵੀਂ ਦਿੱਲੀ, 26 ਮਈ (ਦੇਸ਼ ਪ੍ਰਦੇਸ਼ ਬਿਊਰੋ)- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਅੱਜ ਇੱਥੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੁੱਖ ਉਦੇਸ਼ ਸਿੱਖ ਧਰਮ ਦਾ ਪ੍ਰਚਾਰ ਅਤੇ ਪ੍ਰਸਾਰ ਕਰਨਾ ਹੈ ਅਤੇ ਇਸੇ ਮਿਸ਼ਨ ਨੂੰ ਅੱਗੇ ਵਧਾਉਂਦੇ ਹੋਏ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵਿਸ਼ਾਲ ਗੁਰਮਤਿ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਸਾਲ ਦਾ ਪੰਜਵਾਂ ਗੁਰਮਤਿ ਕੈਂਪ 1 ਜੂਨ ਤੋਂ ਸ਼ੁਰੂ ਹੋਵੇਗਾ ਅਤੇ 20-21 ਜੂਨ ਨੂੰ ਇਤਿਹਾਸਕ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਸਮਾਪਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਗੁਰਮਤਿ ਕੈਂਪ 1 ਜੂਨ ਤੋਂ 19 ਜੂਨ ਤੱਕ ਦਿੱਲੀ ਦੇ ਇਤਿਹਾਸਕ ਗੁਰਦੁਆਰਿਆਂ ਅਤੇ ਵੱਖ-ਵੱਖ ਸਿੰਘ ਸਭਾਵਾਂ ਵਿੱਚ ਆਯੋਜਿਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਚਾਰ ਸਾਲ ਪਹਿਲਾਂ ਜਦੋਂ ਇਨ੍ਹਾਂ ਕੈਂਪਾਂ ਦੀ ਸ਼ੁਰੂਆਤ ਕੀਤੀ ਗਈ ਸੀ ਤਾਂ ਲਗਭਗ 4 ਹਜ਼ਾਰ ਵਿਦਿਆਰਥੀ ਇਸ ਦਾ ਹਿੱਸਾ ਬਣੇ ਸਨ, ਜੋ ਬਾਅਦ ਵਿੱਚ ਵੱਧ ਕੇ 12 ਹਜ਼ਾਰ ਅਤੇ ਫਿਰ 16 ਹਜ਼ਾਰ ਅਤੇ ਪਿਛਲੇ ਸਾਲ ਇਹ ਗਿਣਤੀ 20 ਹਜ਼ਾਰ ਸੀ। ਉਨ੍ਹਾਂ ਨੇ ਮਾਣ ਨਾਲ ਕਿਹਾ ਕਿ ਬੱਚਿਆਂ ਵਿੱਚ ਗੁਰਮਤਿ ਕੈਂਪਾਂ ਪ੍ਰਤੀ ਲਗਾਤਾਰ ਦਿਲਚਸਪੀ ਵਧ ਰਹੀ ਹੈ ਅਤੇ ਇਸ ਵਾਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਪੂਰੀ ਉਮੀਦ ਹੈ ਕਿ ਕਰੀਬ 25 ਹਜ਼ਾਰ ਬੱਚੇ ਇਨ੍ਹਾਂ ਕੈਂਪਾਂ ਵਿੱਚ ਭਾਗ ਲੈਣਗੇ। ਸਰਦਾਰ ਕਾਲਕਾ ਨੇ ਦੱਸਿਆ ਕਿ ਕੈਂਪਾਂ ਦੌਰਾਨ ਵਿਦਿਆਰਥੀਆਂ ਨੂੰ ਗੁਰਮੁਖੀ, ਗੁਰਸਿੱਖ ਜੀਵਨ ਜਾਚ, ਸਿੱਖ ਇਤਿਹਾਸ ਅਤੇ ਗੁਰੂ ਸਾਹਿਬਾਨ ਦੀ ਬਾਣੀ ਸਬੰਧੀ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ,ਤਾਂ ਜੋ ਨੌਜਵਾਨ ਪੀੜ੍ਹੀ ਨੂੰ ਵੱਧ ਤੋਂ ਵੱਧ ਗੁਰਸਿੱਖ ਜੀਵਨ ਨਾਲ ਜੋੜਿਆ ਜਾ ਸਕੇ। ਉਨ੍ਹਾਂ ਸਮੂਹ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਇਨ੍ਹਾਂ ਗੁਰਮਤਿ ਕੈਂਪਾਂ ਦਾ ਜ਼ਰੂਰ ਹਿੱਸਾ ਬਣਾਉਣ ਤਾਂ ਜੋ ਗੁਰਸਿੱਖੀ ਜੀਵਨ ਦਾ ਸੰਦੇਸ਼ ਘਰ-ਘਰ ਤੱਕ ਪਹੁੰਚ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਕੈਂਪਾਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਸਬੰਧੀ ਵਿਸ਼ੇਸ਼ ਪੁਸਤਕਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ। ਸਰਦਾਰ ਕਾਲਕਾ ਨੇ ਕਿਹਾ ਕਿ ਦਿੱਲੀ ਵਿੱਚ 1000 ਤੋਂ ਵੱਧ ਵਲੰਟੀਅਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਜੁੜੇ ਹੋਏ ਹਨ, ਜੋ ਧਰਮ ਦੇ ਪ੍ਰਚਾਰ ਅਤੇ ਪ੍ਰਸਾਰ ਦੀ ਇਸ ਮੁਹਿੰਮ ਨੂੰ ਕਾਮਯਾਬ ਬਣਾਉਣ ਲਈ ਆਪਣਾ ਵਡਮੁੱਲਾ ਯੋਗਦਾਨ ਪਾ ਰਹੇ ਹਨ। ਇਸ ਮੌਕੇ ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਸਰਦਾਰ ਜਸਪ੍ਰੀਤ ਸਿੰਘ ਕਰਮਸਰ ਪ੍ਰਧਾਨ ਧਰਮ ਪ੍ਰਚਾਰ ਕਮੇਟੀ, ਕਮੇਟੀ ਦੇ ਮੈਂਬਰਜ ਅਤੇ ਸਰਦਾਰ ਸੁਖਦੇਵ ਸਿੰਘ ਰਿਐਤ ਪ੍ਰਧਾਨ ਆਲ ਇੰਡੀਆ ਰਾਮਗੜ੍ਹੀਆ ਵਿਸ਼ਕਰਮਾ ਫੈਡਰੇਸ਼ਨ ਦੇ ਪ੍ਰਧਾਨ ਵੀ ਹਾਜਰ ਸਨ।

ਮਾਜਰੀ ਮਾਰਕੀਟ 'ਚ ਸੜਕ ਕੰਢੇ ਖੜ੍ਹੀ ਗੱਡੀ ਦਾ ਦਿਨ ਦਿਹਾੜੇ ਸ਼ੀਸ਼ਾ ਤੋੜਕੇ ਨਗਦੀ ਚੋਰੀ

ਥਾਣੇ ਤੋਂ ਮਹਿਜ਼ ਕੁਝ ਦੂਰੀ ਤੇ ਵਾਪਰੀ ਘਟਨਾ- ਪ੍ਰਸ਼ਾਸਨ ਬੇਖ਼ਬਰ

ਮਾਜਰੀ, 26 ਮਈ (ਪ੍ਰਭਦੀਪ ਸਿੰਘ ਸੋਢੀ) - ਸਥਾਨਕ ਕਸਬੇ ਦੇ ਬਲਾਕ ਚੌਂਕ ਵਿਖੇ ਥਾਣਾ ਮਾਜਰੀ ਤੋਂ ਮਹਿਜ਼ ਕੁਝ ਦੂਰੀ ਤੇ ਚੋਰਾਂ ਵੱਲੋਂ ਦਿਨ ਦਿਹਾੜੇ ਮਾਰਕੀਟ 'ਚ ਸੜਕ ਕੰਢੇ ਖੜ੍ਹੀ ਗੱਡੀ ਦਾ ਸ਼ੀਸ਼ਾ ਤੋੜਕੇ ਨਗਦੀ ਚੋਰੀ ਕਰ ਲਈ ਗਈ ਹੈ। ਇਲਾਕਾ ਵਾਸੀਆਂ ਅਨੁਸਾਰ ਮਾਜਰੀ ਬਲਾਕ ਮਾਰਕੀਟ 'ਚ ਨਸ਼ੇੜੀਆਂ ਦੇ ਹੌਂਸਲੇ ਇੰਨੇ ਬੁਲੰਦ ਹੋ ਗਏ ਹਨ ਕਿ ਆਏ ਦਿਨ ਕੋਈ ਮੋਟਰ ਸਾਈਕਲ ਚੁੱਕ ਲਿਆ ਜਾਂ ਦੁਕਾਨਦਾਰਾਂ ਦਾ ਸਮਾਨ ਚੋਰੀ ਕਰ ਲਿਆ ਜਾਂਦਾ ਹੈ, ਇੱਥੋਂ ਤੱਕ ਕਿ ਕਿਸਾਨ ਜਥੇਬੰਦੀ ਵੱਲੋਂ ਹੜ੍ਹਾਂ ਲਈ ਰੱਖੀ ਕਣਕ ਵੀ ਚੋਰੀ ਕਰ ਲਈ ਗਈ ਸੀ। ਇੱਜ ਵਾਪਰੀ ਇਸ ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਨੌਜਵਾਨ ਹਰਪ੍ਰੀਤ ਸਿੰਘ ਕਾਦੀਮਾਜਰਾ ਜੋ ਕਿ ਦੁਪਹਿਰ 2 - 3 ਵਜੇ ਗੁਰਦੁਆਰਾ ਰੋਡ ਤੇ ਖੜ੍ਹੀਆਂ ਗੱਡੀਆਂ 'ਚ ਸੜਕ ਕੰਢੇ ਆਪਣੀ ਗੱਡੀ ਖੜ੍ਹੀ ਕਰਕੇ ਤਹਿਸੀਲ 'ਚ ਕੰਮ ਚਲਾ ਗਿਆ। ਇਸ ਮਗਰੋਂ ਜਦੋਂ ਓਹ ਗੱਡੀ ਕੋਲ ਆਇਆ ਤਾਂ ਦੇਖਿਆ ਕਿ ਗੱਡੀ ਦਾ ਖੱਬੇ ਪਾਸੇ ਵਾਲਾ ਅਗਲਾ ਸ਼ੀਸਾ ਟੁੱਟਾ ਹੋਇਆ ਸੀ ਤੇ ਗੱਡੀ ਅੰਦਰ ਇੱਕ ਪੱਥਰ ਵੀ ਪਿਆ ਸੀ ਤੇ ਗੇਅਰ ਕੋਲ ਸਮਾਨ ਰੱਖਣ ਲਈ ਬਣਿਆ ਬੋਕਸ ਵੀ ਟੁੱਟਾ ਪਿਆ ਸੀ ਤੇ ਉਸ ਪਈ 3- 4 ਹਜ਼ਾਰ ਦੀ ਨਗਦੀ ਵੀ ਗਾਇਬ ਸੀ। ਇਸ ਬਾਰੇ ਮਾਜਰੀ ਥਾਣਾ ਪੁਲਿਸ ਨੂੰ ਜਾਣਕਾਰੀ ਦੇਣ ਤੇ ਮੁਲਾਜ਼ਮਾਂ ਨੇ ਪੁੱਜਕੇ ਮੌਕੇ ਦਾ ਜਾਇਜ਼ਾ ਲਿਆ। ਇਸ ਬਾਰੇ ਲੋਕ ਹਿੱਤ ਮਿਸ਼ਨ ਦੇ ਆਗੂ ਗੁਰਮੀਤ ਸਿੰਘ ਸਾਂਟੂ ਤੇ ਰਵਿੰਦਰ ਸਿੰਘ ਬਜੀਦਪੁਰ ਨੇ ਕਿਹਾ ਕਿ ਇਸ ਮਾਰਕੀਟ 'ਚ ਨਸ਼ੇੜੀਆਂ ਵੱਲੋਂ ਕਈ ਵਾਰ ਦੁਕਾਨਾਂ ਦੇ ਸ਼ਟਰ ਵੀ ਤੋੜੇ ਜਾ ਚੁੱਕੇ ਹਨ ਅਤੇ ਚੋਰੀ ਦੀਆਂ ਹੋਰ ਘਟਨਾਵਾਂ ਵੀ ਵਾਪਰਦੀਆਂ ਰਹਿੰਦੀਆਂ ਨੇ। ਇਸ ਲਈ ਇਸ ਮਾਰਕੀਟ 'ਚ ਕੈਮਰਿਆਂ ਤੇ ਪੁਲਿਸ ਮੁਲਾਜ਼ਮ ਤੈਨਾਤ ਕਰਨ ਦਾ ਪ੍ਰਬੰਧ ਕੀਤਾ ਜਾਵੇ।

ਸੰਪਾਦਕੀ

ਪੁਲਿਸ ਤੇ ਜਨਤਾ ਦਾ ਰਿਸ਼ਤਾ

ਪੁਲਿਸ ਅਤੇ ਜਨਤਾ ਦਾ ਆਪਸੀ ਸੰਬੰਧ ਕਿਸੇ ਵੀ ਸੁਚੱਜੇ ਅਤੇ ਸੁਰੱਖਿਅਤ ਸਮਾਜ ਦੀ ਮਜ਼ਬੂਤ ਨੀਂਹ ਹੁੰਦਾ ਹੈ। ਕਾਨੂੰਨ-ਵਿਵਸਥਾ ਨੂੰ ਕਾਇਮ ਰੱਖਣ ਲਈ ਜਿੱਥੇ ਪੁਲਿਸ ਆਪਣਾ ਫ਼ਰਜ਼ ਨਿਭਾਉਂਦੀ ਹੈ, ਉੱਥੇ ਜਨਤਾ ਦਾ ਸਹਿਯੋਗ ਵੀ ਓਨਾ ਹੀ ਜ਼ਰੂਰੀ ਬਣ ਜਾਂਦਾ ਹੈ। ਪੁਲਿਸ ਪ੍ਰਸ਼ਾਸਨ ਤਦ ਹੀ ਪੂਰੀ ਤਰ੍ਹਾਂ ਕਾਮਯਾਬ ਹੋ ਸਕਦਾ ਹੈ ਜੇ ਲੋਕ ਪਾਰਦਰਸ਼ੀ ਅਤੇ ਜ਼ਿੰਮੇਵਾਰੀ ਸਮਝ ਕੇ ਪੁਲਿਸ ਦਾ ਸਾਥ ਦੇਣ। ਅਕਸਰ ਵੇਖਣ ਵਿਚ ਆਉਂਦਾ ਹੈ ਕਿ ਕਈ ਮਾਮਲਿਆਂ ਵਿਚ ਪੁਲਿਸ ਨੂੰ ਜਨਤਾ ਦਾ ਪੂਰਾ ਸਹਿਯੋਗ ਨਹੀਂ ਮਿਲਦਾ, ਜਿਸ ਕਾਰਨ ਜਾਂਚ ਪ੍ਰਕਿਰਿਆ ਲੰਬੀ ਹੋ ਜਾਂਦੀ ਹੈ। ਇਸ ਦੇ ਬਾਵਜੂਦ ਵੀ ਪੁਲਿਸ ਆਪਣੀ ਮਿਹਨਤ ਅਤੇ ਹੌਸਲੇ ਦੇ ਬਲਬੂਤੇ ਅਨੇਕਾਂ ਕੇਸਾਂ ਵਿਚ ਕਾਮਯਾਬੀ ਹਾਸਲ ਕਰਦੀ ਹੈ। ਇੱਥੇ ਕਿਸੇ ਤਰਫ਼ਦਾਰੀ ਦੀ ਗੱਲ ਨਹੀਂ, ਸਗੋਂ ਉਹ ਸੱਚਾਈ ਦਰਸਾਈ ਜਾ ਰਹੀ ਹੈ ਜੋ ਅਕਸਰ ਸਾਡੇ ਸਾਹਮਣੇ ਹੁੰਦੀ ਹੈ। ਪੁਲਿਸ ਪ੍ਰਸ਼ਾਸਨ ਦਾ ਮੁੱਢਲਾ ਫ਼ਰਜ਼ ਜਨਤਾ ਦੀ ਸੇਵਾ ਕਰਨਾ ਹੈ। ਇਕ ਉੱਚ ਅਧਿਕਾਰੀ ਤੋਂ ਲੈ ਕੇ ਇਕ ਕਾਂਸਟੇਬਲ ਤੱਕ ਹਰ ਕਰਮਚਾਰੀ ਦਿਨ-ਰਾਤ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਂਦਾ ਹੈ। ਅੱਤ ਦੀ ਗਰਮੀ ਹੋਵੇ ਜਾਂ ਕੜਾਕੇ ਦੀ ਸਰਦੀ, ਪੁਲਿਸ ਮੁਲਾਜ਼ਮ ਆਪਣੀ ਡਿਊਟੀ 'ਤੇ ਡਟੇ ਰਹਿੰਦੇ ਹਨ ਤਾਂ ਜੋ ਆਮ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਕੁਝ ਦਿਨ ਪਹਿਲਾਂ ਇਕ ਟਰੈਫਿਕ ਪੁਲਿਸ ਮੁਲਾਜ਼ਮ ਨਾਲ ਗੱਲਬਾਤ ਦੌਰਾਨ ਉਸ ਨੇ ਦੱਸਿਆ ਕਿ ਲਗਾਤਾਰ ਘੰਟਿਆਂ ਖੜ੍ਹੇ ਰਹਿ ਕੇ ਡਿਊਟੀ ਨਿਭਾਉਣ ਕਾਰਨ ਕਈ ਵਾਰ ਪੈਰਾਂ ਵਿਚ ਸੋਜ ਅਤੇ ਦਰਦ ਹੋ ਜਾਂਦਾ ਹੈ, ਪਰ ਫਿਰ ਵੀ ਉਹ ਆਪਣੇ ਫ਼ਰਜ਼ ਤੋਂ ਪਿੱਛੇ ਨਹੀਂ ਹਟਦੇ। ਉਨ੍ਹਾਂ ਦੀ ਕੋਸ਼ਿਸ਼ ਹੁੰਦੀ ਹੈ ਕਿ ਟਰੈਫਿਕ ਪ੍ਰਬੰਧ ਸੁਚਾਰੂ ਢੰਗ ਨਾਲ ਚੱਲਦਾ ਰਹੇ ਅਤੇ ਲੋਕ ਸੁਰੱਖਿਅਤ ਆਪਣੀ ਮੰਜ਼ਿਲ ਤੱਕ ਪਹੁੰਚ ਸਕਣ। ਅਜਿਹੇ ਵਿਚ ਜਨਤਾ ਦਾ ਵੀ ਫ਼ਰਜ਼ ਬਣਦਾ ਹੈ ਕਿ ਉਹ ਟਰੈਫਿਕ ਨਿਯਮਾਂ ਦੀ ਪਾਲਣਾ ਕਰੇ ਅਤੇ ਪੁਲਿਸ ਨਾਲ ਸਹਿਯੋਗਾਤਮਕ ਰਵੱਈਆ ਅਪਣਾਏ। ਇਸ ਤੋਂ ਇਲਾਵਾ ਪੁਲਿਸ ਕਈ ਮਾਮਲਿਆਂ ਨੂੰ ਪਿਆਰ ਅਤੇ ਸਮਝਦਾਰੀ ਨਾਲ ਸੁਲਝਾ ਕੇ ਲੋਕਾਂ ਨੂੰ ਵੱਡੀ ਰਾਹਤ ਪ੍ਰਦਾਨ ਕਰਦੀ ਹੈ। ਚੋਰੀ ਜਾਂ ਗੁੰਮ ਹੋਈਆਂ ਵਸਤਾਂ ਦੀ ਬਰਾਮਦਗੀ ਕਰ ਕੇ ਜਦੋਂ ਉਨ੍ਹਾਂ ਨੂੰ ਮੁੜ ਮਾਲਕਾਂ ਤੱਕ ਪਹੁੰਚਾਇਆ ਜਾਂਦਾ ਹੈ, ਤਾਂ ਲੋਕਾਂ ਦੇ ਚਿਹਰਿਆਂ 'ਤੇ ਮੁੜ ਖ਼ੁਸ਼ੀ ਵਾਪਸ ਆ ਜਾਂਦੀ ਹੈ। ਜੇ ਤਾਜ਼ਾ ਉਦਾਹਰਨ ਪਠਾਨਕੋਟ ਜ਼ਿਲ੍ਹੇ ਦੀ ਲਈਏ ਤਾਂ ਪਿਛਲੇ ਦਿਨੀਂ ਉਥੇ ਦੇ ਐੱਸਐੱਸਪੀ ਵੱਲੋਂ ਇਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਜਾਣਕਾਰੀ ਦਿੱਤੀ ਗਈ ਕਿ ਪੁਲਿਸ ਨੇ 125 ਲੋਕਾਂ ਦੇ ਗੁੰਮ ਹੋਏ ਮੋਬਾਈਲ ਫੋਨ ਬਰਾਮਦ ਕਰ ਕੇ ਉਨ੍ਹਾਂ ਦੇ ਮਾਲਕਾਂ ਤੱਕ ਪਹੁੰਚਾਏ ਹਨ। ਇਸ ਤੋਂ ਇਲਾਵਾ ਕਰੀਬ 100 ਹੋਰ ਮੋਬਾਈਲ ਫੋਨ ਅਜੇ ਪ੍ਰਕਿਰਿਆ ਅਧੀਨ ਹਨ, ਜਿਨ੍ਹਾਂ ਨੂੰ ਵੀ ਜਲਦ ਹੀ ਲੋਕਾਂ ਤੱਕ ਪਹੁੰਚਾਉਣ ਦਾ ਭਰੋਸਾ ਦਿੱਤਾ ਗਿਆ ਹੈ। ਇਹ ਸਿਰਫ਼ ਇਕ ਜ਼ਿਲ੍ਹੇ ਦੀ ਮਿਸਾਲ ਹੈ। ਜੇ ਪੰਜਾਬ ਭਰ ਦੀ ਗੱਲ ਕੀਤੀ ਜਾਵੇ ਤਾਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਪੁਲਿਸ ਵੱਲੋਂ ਬਰਾਮਦ ਕੀਤੀਆਂ ਵਸਤਾਂ ਲੋਕਾਂ ਲਈ ਕਿੰਨੀ ਵੱਡੀ ਰਾਹਤ ਅਤੇ ਖ਼ੁਸ਼ੀ ਦਾ ਕਾਰਨ ਬਣਦੀਆਂ ਹਨ। ਅਜਿਹੀਆਂ ਕਾਰਵਾਈਆਂ ਨਾਲ ਜਨਤਾ ਦਾ ਭਰੋਸਾ ਵੀ ਮਜ਼ਬੂਤ ਹੁੰਦਾ ਹੈ ਅਤੇ ਪੁਲਿਸ ਪ੍ਰਸ਼ਾਸਨ ਪ੍ਰਤੀ ਸਤਿਕਾਰ ਵਧਦਾ ਹੈ। ਇਸ ਵਿਚ ਕੋਈ ਸ਼ੱਕ ਨਹੀਂ ਕਿ ਜੇ ਜਨਤਾ ਅਤੇ ਪੁਲਿਸ ਮਿਲ ਕੇ ਕੰਮ ਕਰਨ ਤਾਂ ਕਾਮਯਾਬੀ ਹੋਰ ਵੀ ਤੇਜ਼ੀ ਨਾਲ ਮਿਲ ਸਕਦੀ ਹੈ। ਪੁਲਿਸ ਵੱਲੋਂ ਇਹ ਭਰੋਸਾ ਵੀ ਦਿੱਤਾ ਜਾਂਦਾ ਹੈ ਕਿ ਘਟਨਾ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਂ ਗੁਪਤ ਰੱਖਿਆ ਜਾ ਸਕਦਾ ਹੈ। ਫਿਰ ਵੀ ਕਈ ਲੋਕ "ਸਾਨੂੰ ਕੀ ਲੋੜ ਹੈ ਵਾਲੀ ਸੋਚ ਕਾਰਨ ਪੁਲਿਸ ਦੀ ਮਦਦ ਲਈ ਅੱਗੇ ਨਹੀਂ ਆਉਂਦੇ। ਦਰਅਸਲ ਇਹ ਸੋਚ ਸਮਾਜ ਲਈ ਘਾਤਕ ਹੈ। ਭਲੇ ਕੰਮ ਵਿਚ ਅੱਗੇ ਆਉਣਾ ਹਰ ਨਾਗਰਿਕ ਦਾ ਨੈਤਿਕ ਫ਼ਰਜ਼ ਹੋਣਾ ਚਾਹੀਦਾ ਹੈ। ਇਹ ਵੀ ਸੱਚ ਹੈ ਕਿ ਪੁਲਿਸ ਅਤੇ ਜਨਤਾ ਦੇ ਰਿਸ਼ਤੇ ਦਾ ਇਹ ਸਿਰਫ਼ ਇਕ ਸਕਾਰਾਤਮਕ ਪਹਿਲੂ ਹੈ। ਸਮਾਜ ਵਿਚ ਕਈ ਵਾਰ ਅਜਿਹੀਆਂ ਘਟਨਾਵਾਂ ਵੀ ਸਾਹਮਣੇ ਆਉਂਦੀਆਂ ਹਨ ਜਿੱਥੇ ਲੋਕਾਂ ਨੂੰ ਪੁਲਿਸ ਪ੍ਰਣਾਲੀ ਪ੍ਰਤੀ ਸ਼ਿਕਾਇਤਾਂ ਹੁੰਦੀਆਂ ਹਨ। ਪਰ ਇਸ ਦੇ ਨਾਲ-ਨਾਲ ਅਨੇਕਾਂ ਉਦਾਹਰਨਾਂ ਅਜਿਹੀਆਂ ਵੀ ਹਨ ਜਿੱਥੇ ਪੁਲਿਸ ਆਪਣੀ ਇਮਾਨਦਾਰੀ, ਮਨੁੱਖਤਾ ਅਤੇ ਸਮਰਪਣ ਨਾਲ ਲੋਕਾਂ ਦਾ ਭਰੋਸਾ ਜਿੱਤਦੀ ਹੈ। ਇਸ ਲਈ ਲੋੜ ਹੈ ਕਿ ਦੋਵੇਂ ਪੱਖ ਆਪਸੀ ਵਿਸ਼ਵਾਸ, ਸਹਿਯੋਗ ਅਤੇ ਸੰਵਾਦ ਨੂੰ ਮਜ਼ਬੂਤ ਕਰਨ ਤਾਂ ਜੋ ਸਮਾਜ ਵਿਚ ਅਮਨ-ਸ਼ਾਂਤੀ ਅਤੇ ਕਾਨੂੰਨ-ਵਿਵਸਥਾ ਹੋਰ ਮਜ਼ਬੂਤ ਹੋ ਸਕੇ। ਜਦੋਂ ਜਨਤਾ ਅਤੇ ਪੁਲਿਸ ਵਿਚਕਾਰ ਭਰੋਸੇ, ਸਹਿਯੋਗ ਅਤੇ ਜ਼ਿੰਮੇਵਾਰੀ ਦੀ ਭਾਵਨਾ ਮਜ਼ਬੂਤ ਹੋਵੇਗੀ, ਤਦ ਹੀ ਸਾਡੇ ਸ਼ਹਿਰ, ਸੂਬੇ ਅਤੇ ਪੂਰੇ ਦੇਸ਼ ਨੂੰ ਤਰੱਕੀ ਅਤੇ ਅਮਨ ਦੀ ਸਹੀ ਮੰਜ਼ਿਲ ਮਿਲ ਸਕੇਗੀ।

ਲੱਕੜ ਦੇ ਮੰਜੇ ਵੱਲ ਪਰਤ ਰਹੇ ਲੋਕ

ਇੱਕ ਸਮਾਂ ਸੀ ਜਦੋਂ ਲੱਕੜ ਦਾ ਮੰਜਾ (ਖੱਟ) ਭਾਰਤੀ ਘਰਾਂ, ਵਿਹੜਿਆਂ, ਪਿੰਡਾਂ ਦੇ ਇਕੱਠ ਸਥਾਨਾਂ (ਚੌਪਾਲ) ਅਤੇ ਖੇਤਾਂ ਵਿੱਚ ਜੀਵਨ ਦਾ ਇੱਕ ਅਨਿੱਖੜਵਾਂ ਅੰਗ ਸੀ। ਸਵੇਰ ਦੀ ਚਾਹ ਤੋਂ ਲੈ ਕੇ ਰਾਤ ਦੀ ਨੀਂਦ ਤੱਕ, ਮੰਜਾ ਸਿਰਫ਼ ਫਰਨੀਚਰ ਦਾ ਇੱਕ ਟੁਕੜਾ ਨਹੀਂ ਸੀ, ਸਗੋਂ ਸਮਾਜਿਕ, ਸੱਭਿਆਚਾਰਕ ਅਤੇ ਪਰਿਵਾਰਕ ਜੀਵਨ ਦਾ ਕੇਂਦਰ ਸੀ। ਹਾਲਾਂਕਿ, ਜਿਵੇਂ-ਜਿਵੇਂ ਆਧੁਨਿਕਤਾ ਦਾ ਪ੍ਰਭਾਵ ਵਧਦਾ ਗਿਆ, ਸ਼ਹਿਰੀਕਰਨ ਨੇ ਗਤੀ ਫੜੀ, ਅਤੇ ਬਾਜ਼ਾਰ ਨਵੇਂ ਕਿਸਮ ਦੇ ਬਿਸਤਰਿਆਂ, ਸੋਫੇ-ਕਮ-ਬਿਸਤਰਿਆਂ ਅਤੇ ਮਹਿੰਗੇ ਗੱਦਿਆਂ ਨਾਲ ਭਰ ਗਿਆ, ਮੰਜਾ ਹੌਲੀ-ਹੌਲੀ ਘਰਾਂ ਤੋਂ ਗਾਇਬ ਹੋਣ ਲੱਗਾ। ਇਸਨੂੰ ਪੁਰਾਤਨਤਾ, ਪੇਂਡੂ ਪਛੜੇਪਨ ਅਤੇ ਵਿਕਾਸ ਦੇ ਪ੍ਰਤੀਕ ਵਜੋਂ ਸਮਝਿਆ ਜਾਣ ਲੱਗਾ। ਫਿਰ ਵੀ, ਸਮੇਂ ਦਾ ਪਹੀਆ ਇੱਕ ਵਾਰ ਫਿਰ ਘੁੰਮ ਰਿਹਾ ਹੈ। ਅੱਜ, ਲੋਕ ਲੱਕੜ ਦੇ ਮੰਜੇ ਵੱਲ ਵਾਪਸ ਆ ਰਹੇ ਹਨ। ਇਹ ਵਾਪਸੀ ਸਿਰਫ਼ ਇੱਕ ਰਵਾਇਤੀ ਵਸਤੂ ਦੀ ਪੁਨਰ ਸੁਰਜੀਤੀ ਨਹੀਂ ਹੈ; ਇਹ ਜੀਵਨ ਪ੍ਰਤੀ ਬਦਲਦੀ ਮਾਨਸਿਕਤਾ, ਸਿਹਤ ਪ੍ਰਤੀ ਵਧਦੀ ਜਾਗਰੂਕਤਾ ਅਤੇ ਕੁਦਰਤ ਨਾਲ ਇਕਸੁਰਤਾ ਦੀ ਖੋਜ ਦਾ ਵੀ ਪ੍ਰਤੀਕ ਹੈ।

ਭਾਰਤੀ ਸਮਾਜ ਵਿੱਚ ਮੰਜੇ ਦਾ ਇਤਿਹਾਸ ਪ੍ਰਾਚੀਨ ਹੈ। ਇਸਨੂੰ ਚਾਰਪਾਈ, ਮੰਜੀ, ਜਾਂ ਖਟੀਆ ਵਰਗੇ ਕਈ ਨਾਵਾਂ ਨਾਲ ਵੀ ਜਾਣਿਆ ਜਾਂਦਾ ਹੈ। ਇੱਕ ਮਜ਼ਬੂਤ ਲੱਕੜ ਦੇ ਫਰੇਮ ਤੋਂ ਬਣਾਇਆ ਗਿਆ ਅਤੇ ਰੱਸੀਆਂ ਜਾਂ ਕੱਪੜੇ ਦੀਆਂ ਪੱਟੀਆਂ ਨਾਲ ਬੁਣਿਆ ਗਿਆ, ਇਹ ਢਾਂਚਾ ਸਦੀਆਂ ਤੋਂ ਭਾਰਤੀ ਜੀਵਨ ਦਾ ਅਧਾਰ ਬਣਿਆ ਹੋਇਆ ਹੈ। ਪਿੰਡਾਂ ਵਿੱਚ, ਚੌਪਾਲ-ਕੇਂਦਰੀ ਇਕੱਠ ਸਥਾਨ-ਇਨ੍ਹਾਂ ਮੰਜੀਆਂ ਦੀ ਮੌਜੂਦਗੀ ਦੁਆਰਾ ਪਰਿਭਾਸ਼ਿਤ ਕੀਤਾ ਗਿਆ ਸੀ। ਪਰਿਵਾਰ ਦੇ ਬਜ਼ੁਰਗ ਫੈਸਲੇ ਲੈਣ ਲਈ ਉਨ੍ਹਾਂ 'ਤੇ ਬੈਠਦੇ ਸਨ; ਕਿਸਾਨ ਦਿਨ ਭਰ ਦੀ ਸਖ਼ਤ ਮਿਹਨਤ ਤੋਂ ਬਾਅਦ ਉਨ੍ਹਾਂ 'ਤੇ ਆਰਾਮ ਕਰਦੇ ਸਨ; ਅਤੇ ਬੱਚੇ ਉਨ੍ਹਾਂ 'ਤੇ ਖੇਡਦੇ ਅਤੇ ਮਜ਼ਾਕ ਕਰਦੇ ਵੱਡੇ ਹੁੰਦੇ ਸਨ। ਇਹ ਸਿਰਫ਼ ਆਰਾਮ ਦਾ ਸਾਧਨ ਨਹੀਂ ਸੀ, ਸਗੋਂ ਸਮਾਜਿਕ ਆਪਸੀ ਤਾਲਮੇਲ ਲਈ ਇੱਕ ਪਲੇਟਫਾਰਮ ਵੀ ਸੀ। ਅੱਜ ਵੀ ਪੇਂਡੂ ਭਾਰਤ ਵਿੱਚ, ਮੰਜੇ 'ਤੇ ਬੈਠ ਕੇ ਹੋਣ ਵਾਲੀਆਂ ਗੱਲਬਾਤਾਂ ਨੂੰ ਲੋਕਤੰਤਰੀ ਸੰਵਾਦ ਦਾ ਸਭ ਤੋਂ ਆਸਾਨ ਅਤੇ ਕੁਦਰਤੀ ਪ੍ਰਗਟਾਵਾ ਮੰਨਿਆ ਜਾਂਦਾ ਹੈ।

ਪਿਛਲੇ ਕੁਝ ਦਹਾਕਿਆਂ ਵਿੱਚ, ਜੀਵਨ ਸ਼ੈਲੀ ਵਿੱਚ ਮਹੱਤਵਪੂਰਨ ਤਬਦੀਲੀਆਂ ਆਈਆਂ ਹਨ। ਲੋਕ ਆਧੁਨਿਕ ਫਰਨੀਚਰ ਨੂੰ ਤਰੱਕੀ ਅਤੇ ਖੁਸ਼ਹਾਲੀ ਦੇ ਪ੍ਰਤੀਕ ਵਜੋਂ ਦੇਖਣ ਲੱਗ ਪਏ। ਵੱਡੇ ਬਿਸਤਰੇ, ਮੋਟੇ ਗੱਦੇ, ਅਤੇ ਆਕਰਸ਼ਕ ਡਿਜ਼ਾਈਨ ਵਾਲੇ ਫਰਨੀਚਰ ਹਰ ਘਰ ਲਈ ਜ਼ਰੂਰੀ ਸਮਝੇ ਜਾਂਦੇ ਸਨ। ਇਸ਼ਤਿਹਾਰ ਮੁਹਿੰਮਾਂ ਨੇ ਇਸ ਵਿਸ਼ਵਾਸ ਨੂੰ ਹੋਰ ਮਜ਼ਬੂਤ ਕੀਤਾ ਕਿ ਸੱਚਾ ਆਰਾਮ ਸਿਰਫ਼ ਮਹਿੰਗੇ ਗੱਦਿਆਂ ਅਤੇ ਆਧੁਨਿਕ ਬਿਸਤਰੇ ਪ੍ਰਣਾਲੀਆਂ ਵਿੱਚ ਹੀ ਮਿਲ ਸਕਦਾ ਹੈ। ਨਤੀਜੇ ਵਜੋਂ, ਭਾਰਤੀ ਘਰਾਂ ਵਿੱਚੋਂ ਮੰਜੇ ਹੌਲੀ-ਹੌਲੀ ਖਤਮ ਹੋ ਗਏ। ਹਾਲਾਂਕਿ, ਹੁਣ ਜਦੋਂ ਲੋਕ ਸਿਹਤ ਨਾਲ ਸਬੰਧਤ ਮੁੱਦਿਆਂ, ਵਧਦੇ ਤਣਾਅ ਅਤੇ ਨਕਲੀ ਜੀਵਨ ਸ਼ੈਲੀ ਦੇ ਮਾੜੇ ਪ੍ਰਭਾਵਾਂ ਨਾਲ ਜੂਝ ਰਹੇ ਹਨ, ਤਾਂ ਉਨ੍ਹਾਂ ਨੇ - ਇੱਕ ਨਵੇਂ ਦ੍ਰਿਸ਼ਟੀਕੋਣ ਨਾਲ - ਉਨ੍ਹਾਂ ਬਹੁਤ ਹੀ ਰਵਾਇਤੀ ਵਿਕਲਪਾਂ ਨੂੰ ਦੇਖਣਾ ਸ਼ੁਰੂ ਕਰ ਦਿੱਤਾ ਹੈ ਜਿਨ੍ਹਾਂ ਨੂੰ ਉਨ੍ਹਾਂ ਨੇ ਕਦੇ ਛੱਡ ਦਿੱਤਾ ਸੀ।

ਲੱਕੜ ਦੇ ਖੱਟ (ਰਵਾਇਤੀ ਮੰਜੇ) ਦੀ ਪ੍ਰਸਿੱਧੀ ਵਿੱਚ ਮੁੜ ਉਭਾਰ ਦਾ ਮੁੱਖ ਕਾਰਨ ਇਸਦੇ ਸਿਹਤ ਲਾਭਾਂ ਵਿੱਚ ਹੈ। ਆਧੁਨਿਕ ਜੀਵਨ ਸ਼ੈਲੀ ਵਿੱਚ, ਪਿੱਠ ਦਰਦ, ਗਰਦਨ ਵਿੱਚ ਦਰਦ ਅਤੇ ਰੀੜ੍ਹ ਦੀ ਹੱਡੀ ਦੀਆਂ ਸਮੱਸਿਆਵਾਂ ਦੇ ਮਾਮਲੇ ਤੇਜ਼ੀ ਨਾਲ ਵਧੇ ਹਨ। ਬਹੁਤ ਸਾਰੇ ਵਿਅਕਤੀਆਂ ਲਈ ਬਹੁਤ ਜ਼ਿਆਦਾ ਨਰਮ ਗੱਦਿਆਂ 'ਤੇ ਸੌਣਾ ਬੇਆਰਾਮ ਸਾਬਤ ਹੋਇਆ ਹੈ। ਇਸਦੇ ਉਲਟ, ਖੱਟ ਦਾ ਫਰੇਮ ਸਰੀਰ ਨੂੰ ਸੰਤੁਲਿਤ ਸਹਾਇਤਾ ਪ੍ਰਦਾਨ ਕਰਦਾ ਹੈ। ਰੱਸੀਆਂ ਨਾਲ ਬੁਣਿਆ ਹੋਇਆ ਖੱਟ ਸਰੀਰ ਦੇ ਭਾਰ ਨੂੰ ਬਰਾਬਰ ਵੰਡਦਾ ਹੈ, ਜਿਸ ਨਾਲ ਰੀੜ੍ਹ ਦੀ ਹੱਡੀ 'ਤੇ ਬੇਲੋੜਾ ਦਬਾਅ ਘੱਟ ਜਾਂਦਾ ਹੈ। ਅੱਜ ਵੀ, ਪੇਂਡੂ ਖੇਤਰਾਂ ਵਿੱਚ, ਬਹੁਤ ਸਾਰੇ ਬਜ਼ੁਰਗ ਲੋਕ ਬਿਹਤਰ ਸਰੀਰਕ ਸਥਿਤੀ ਵਿੱਚ ਦਿਖਾਈ ਦਿੰਦੇ ਹਨ - ਸਾਲਾਂ ਤੋਂ *ਖੱਟ* 'ਤੇ ਸੌਣ ਦਾ ਨਤੀਜਾ। ਭਾਵੇਂ ਹਰ ਵਿਅਕਤੀ ਦੀਆਂ ਸਿਹਤ ਲੋੜਾਂ ਵੱਖਰੀਆਂ ਹੁੰਦੀਆਂ ਹਨ, ਪਰ ਖੱਟ ਨੂੰ ਕੁਦਰਤੀ ਅਤੇ ਸੰਤੁਲਿਤ ਆਰਾਮ ਪ੍ਰਾਪਤ ਕਰਨ ਦਾ ਇੱਕ ਸਾਧਨ ਮੰਨਿਆ ਜਾਂਦਾ ਹੈ।

ਭਾਰਤ ਵਿੱਚ, ਇਸਦੇ ਗਰਮ ਮਾਹੌਲ ਦੇ ਨਾਲ, ਖੱਟ ਦੀ ਉਪਯੋਗਤਾ ਹੋਰ ਵੀ ਸਪੱਸ਼ਟ ਹੈ। ਝੱਗ ਅਤੇ ਝਰਨਿਆਂ ਦੇ ਬਣੇ ਗੱਦੇ ਅਕਸਰ ਸਰੀਰ ਦੀ ਗਰਮੀ ਨੂੰ ਫਸਾਉਂਦੇ ਹਨ, ਜਿਸ ਨਾਲ ਗਰਮੀਆਂ ਦੇ ਮਹੀਨਿਆਂ ਦੌਰਾਨ ਬੇਅਰਾਮੀ ਵਧਦੀ ਹੈ। ਇਸਦੇ ਉਲਟ, ਖੱਟ ਦਾ ਡਿਜ਼ਾਈਨ ਸੌਣ ਵਾਲੀ ਸਤਹਾ ਦੇ ਹੇਠਾਂ ਅਤੇ ਉੱਪਰ ਦੋਵੇਂ ਪਾਸੇ ਨਿਰੰਤਰ ਹਵਾ ਦੇ ਪ੍ਰਵਾਹ ਦੀ ਆਗਿਆ ਦਿੰਦਾ ਹੈ। ਇਹ ਕੁਦਰਤੀ ਹਵਾਦਾਰੀ ਸਰੀਰ ਨੂੰ ਠੰਢਾ ਪ੍ਰਭਾਵ ਪ੍ਰਦਾਨ ਕਰਦੀ ਹੈ ਅਤੇ ਨੀਂਦ ਦੀ ਗੁਣਵੱਤਾ ਨੂੰ ਵਧਾਉਂਦੀ ਹੈ। ਵਧਦੀ ਬਿਜਲੀ ਦੀ ਖਪਤ ਅਤੇ ਏਅਰ ਕੰਡੀਸ਼ਨਰਾਂ 'ਤੇ ਵੱਧ ਰਹੀ ਨਿਰਭਰਤਾ ਦੁਆਰਾ ਦਰਸਾਈ ਗਈ ਇੱਕ ਯੁੱਗ ਵਿੱਚ, ਖੱਟ ਦਾ ਇਹ ਵਿਸ਼ੇਸ਼ ਗੁਣ ਵਿਸ਼ੇਸ਼ ਤੌਰ 'ਤੇ ਮਹੱਤਵਪੂਰਨ ਬਣ ਜਾਂਦਾ ਹੈ।

ਵਾਤਾਵਰਨ ਦੇ ਦ੍ਰਿਸ਼ਟੀਕੋਣ ਤੋਂ ਵੀ, ਖੱਟ ਦੀ ਮਹੱਤਤਾ ਵੱਧ ਰਹੀ ਹੈ। ਅੱਜ, ਦੁਨੀਆ ਟਿਕਾਊ ਵਿਕਾਸ ਅਤੇ ਵਾਤਾਵਰਣ ਸੰਭਾਲ 'ਤੇ ਸਰਗਰਮੀ ਨਾਲ ਚਰਚਾ ਕਰ ਰਹੀ ਹੈ। ਆਧੁਨਿਕ ਫਰਨੀਚਰ ਉਦਯੋਗ ਪਲਾਸਟਿਕ, ਸਿੰਥੈਟਿਕ ਫੋਮ ਅਤੇ ਰਸਾਇਣਕ ਪਦਾਰਥਾਂ 'ਤੇ ਬਹੁਤ ਜ਼ਿਆਦਾ ਨਿਰਭਰ ਕਰਦਾ ਹੈ - ਉਹ ਸਮੱਗਰੀ ਜੋ ਵਾਤਾਵਰਣ 'ਤੇ ਮਾੜਾ ਪ੍ਰਭਾਵ ਪਾਉਂਦੀ ਹੈ। ਇਸਦੇ ਉਲਟ, ਲੱਕੜ ਅਤੇ ਕੁਦਰਤੀ ਰੱਸੀਆਂ ਤੋਂ ਬਣਾਇਆ ਗਿਆ ਖੱਟ ਇੱਕ ਮੁਕਾਬਲਤਨ ਵਾਤਾਵਰਣ-ਅਨੁਕੂਲ ਵਿਕਲਪ ਹੈ। ਇਹ ਟਿਕਾਊ ਹੈ, ਆਸਾਨੀ ਨਾਲ ਮੁਰੰਮਤ ਕੀਤਾ ਜਾ ਸਕਦਾ ਹੈ, ਅਤੇ ਇਸਦੇ ਜ਼ਿਆਦਾਤਰ ਹਿੱਸਿਆਂ ਨੂੰ ਕੁਦਰਤੀ ਤੌਰ 'ਤੇ ਰੀਸਾਈਕਲ ਜਾਂ ਬਾਇਓਡੀਗ੍ਰੇਡ ਕੀਤਾ ਜਾ ਸਕਦਾ ਹੈ। ਅਜਿਹੇ ਸਮੇਂ ਵਿੱਚ ਜਦੋਂ ਲੋਕ ਵਾਤਾਵਰਣ ਪ੍ਰਤੀ ਜਾਗਰੂਕ ਹੁੰਦੇ ਜਾ ਰਹੇ ਹਨ, ਖੱਟ ਉਨ੍ਹਾਂ ਦੀਆਂ ਨਜ਼ਰਾਂ ਵਿੱਚ ਇੱਕ ਟਿਕਾਊ ਵਿਕਲਪ ਵਜੋਂ ਉਭਰਨਾ ਸ਼ੁਰੂ ਹੋ ਗਿਆ ਹੈ।

ਖੱਟ ਦੀ ਵਾਪਸੀ ਵਿੱਚ ਯੋਗਦਾਨ ਪਾਉਣ ਵਾਲਾ ਇੱਕ ਹੋਰ ਕਾਰਕ ਆਰਥਿਕ ਸੁਭਾਅ ਹੈ। ਮਹਿੰਗੇ ਫਰਨੀਚਰ ਅਤੇ ਬ੍ਰਾਂਡ ਵਾਲੇ ਗੱਦਿਆਂ ਦੀਆਂ ਕੀਮਤਾਂ ਲਗਾਤਾਰ ਵੱਧ ਰਹੀਆਂ ਹਨ। ਦੂਜੇ ਪਾਸੇ, ਸਥਾਨਕ ਕਾਰੀਗਰਾਂ ਦੁਆਰਾ ਤਿਆਰ ਕੀਤੇ ਖੱਟ (ਰਵਾਇਤੀ ਬੁਣੇ ਹੋਏ ਬਿਸਤਰੇ) ਮੁਕਾਬਲਤਨ ਕਿਫਾਇਤੀ ਅਤੇ ਟਿਕਾਊ ਹਨ। ਪੇਂਡੂ ਅਤੇ ਅਰਧ-ਸ਼ਹਿਰੀ ਖੇਤਰਾਂ ਵਿੱਚ, ਖੱਟ ਅੱਜ ਵੀ ਘੱਟ ਕੀਮਤ 'ਤੇ ਉਪਲਬਧ ਰਹਿੰਦੇ ਹਨ। ਉਹ ਸਾਲਾਂ ਤੱਕ ਸੇਵਾ ਕਰ ਸਕਦੇ ਹਨ, ਅਤੇ ਜਦੋਂ ਲੋੜ ਹੋਵੇ, ਉਨ੍ਹਾਂ ਦੀਆਂ ਰੱਸੀਆਂ ਨੂੰ ਬਦਲ ਕੇ ਉਨ੍ਹਾਂ ਨੂੰ ਇੱਕ ਨਵੀਂ ਸਥਿਤੀ ਵਿੱਚ ਬਹਾਲ ਕੀਤਾ ਜਾ ਸਕਦਾ ਹੈ। ਇਸ ਤਰ੍ਹਾਂ, ਖੱਟ ਸਿਰਫ਼ ਇੱਕ ਸੱਭਿਆਚਾਰਕ ਵਿਰਾਸਤੀ ਕਲਾਕ੍ਰਿਤੀ ਨਹੀਂ ਹੈ, ਸਗੋਂ ਆਰਥਿਕ ਦ੍ਰਿਸ਼ਟੀਕੋਣ ਤੋਂ ਇੱਕ ਵਿਹਾਰਕ ਵਿਕਲਪ ਵੀ ਹੈ।

ਦਿਲਚਸਪ ਗੱਲ ਇਹ ਹੈ ਕਿ ਖੱਟ ਦਾ ਪੁਨਰ-ਉਭਾਰ ਸਿਰਫ਼ ਪੇਂਡੂ ਖੇਤਰਾਂ ਤੱਕ ਸੀਮਿਤ ਨਹੀਂ ਹੈ; ਵੱਡੇ ਸ਼ਹਿਰਾਂ ਦੇ ਲੋਕ ਵੀ ਇਸਨੂੰ ਨਵੇਂ ਅਵਤਾਰਾਂ ਵਿੱਚ ਅਪਨਾ ਰਹੇ ਹਨ। ਅੰਦਰੂਨੀ ਡਿਜ਼ਾਈਨਰਾਂ ਨੇ ਰਵਾਇਤੀ ਖੱਟ ਨੂੰ ਇੱਕ ਆਧੁਨਿਕ ਸੁਹਜ ਨਾਲ ਪੇਸ਼ ਕਰਨਾ ਸ਼ੁਰੂ ਕਰ ਦਿੱਤਾ ਹੈ। ਅੱਜ, ਬਹੁਤ ਸਾਰੇ ਘਰਾਂ ਵਿੱਚ, *ਖੱਟ* ਨੂੰ ਬਾਲਕੋਨੀਆਂ, ਬਗੀਚਿਆਂ, ਛੱਤਾਂ, ਜਾਂ ਰਹਿਣ ਵਾਲੀਆਂ ਥਾਵਾਂ ਵਿੱਚ ਸਜਾਵਟੀ ਅਤੇ ਕਾਰਜਸ਼ੀਲ ਦੋਵੇਂ ਤਰ੍ਹਾਂ ਦੇ ਤੱਤ ਵਜੋਂ ਰੱਖਿਆ ਜਾ ਰਿਹਾ ਹੈ। ਰਿਜ਼ੋਰਟ, ਕੈਫੇ ਅਤੇ ਹੋਮਸਟੇ ਵੀ ਮਹਿਮਾਨਾਂ ਨੂੰ ਇੱਕ ਪ੍ਰਮਾਣਿਕ, ਰਵਾਇਤੀ ਅਨੁਭਵ ਪ੍ਰਦਾਨ ਕਰਨ ਲਈ ਆਪਣੇ ਅਹਾਤੇ ਵਿੱਚ ਖੱਟ ਨੂੰ ਸ਼ਾਮਲ ਕਰ ਰਹੇ ਹਨ। ਇਹ ਦਰਸਾਉਂਦਾ ਹੈ ਕਿ ਪਰੰਪਰਾ ਅਤੇ ਆਧੁਨਿਕਤਾ ਦਾ ਇੱਕ ਸੁਮੇਲ ਵਾਲਾ ਮਿਸ਼ਰਣ ਅਸਲ ਵਿੱਚ ਕਿਵੇਂ ਸੰਭਵ ਹੈ।

ਸੋਸ਼ਲ ਮੀਡੀਆ ਨੇ ਵੀ ਖੱਟ (ਰਵਾਇਤੀ ਬੁਣੇ ਹੋਏ ਬਿਸਤਰੇ) ਦੀ ਪ੍ਰਸਿੱਧੀ ਨੂੰ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਅੱਜ, ਟਿਕਾਊ ਜੀਵਨ, ਧੀਮੀ ਜ਼ਿੰਦਗੀ, ਦੇਸੀ ਜੀਵਨ ਸ਼ੈਲੀ, ਅਤੇ ਆਪਣੀਆਂ ਜੜ੍ਹਾਂ ਵੱਲ ਵਾਪਸੀ ਵਰਗੀ ਥੀਮ ਨੌਜਵਾਨਾਂ ਵਿੱਚ ਖਿੱਚ ਪ੍ਰਾਪਤ ਕਰ ਰਹੇ ਹਨ। ਲੋਕ ਆਪਣੇ ਘਰਾਂ ਅਤੇ ਫਾਰਮ ਹਾਊਸਾਂ ਵਿੱਚ ਖੱਟਾਂ ਵਾਲੀਆਂ ਤਸਵੀਰਾਂ ਸਾਂਝੀਆਂ ਕਰ ਰਹੇ ਹਨ। ਬਹੁਤ ਸਾਰੇ ਨੌਜਵਾਨ - ਜੋ ਕਦੇ ਖੱਟ ਨੂੰ ਸਿਰਫ਼ ਇੱਕ ਪੇਂਡੂ ਕਲਾਕ੍ਰਿਤੀ ਵਜੋਂ ਦੇਖਦੇ ਸਨ - ਹੁਣ ਇਸਨੂੰ ਆਪਣੀ ਜੀਵਨ ਸ਼ੈਲੀ ਅਤੇ ਪਛਾਣ ਦਾ ਇੱਕ ਅਨਿੱਖੜਵਾਂ ਅੰਗ ਸਮਝਣ ਲੱਗ ਪਏ ਹਨ। ਇਹ ਤਬਦੀਲੀ ਦਰਸਾਉਂਦੀ ਹੈ ਕਿ ਨਵੀਂ ਪੀੜ੍ਹੀ ਆਪਣੀ ਸੱਭਿਆਚਾਰਕ ਵਿਰਾਸਤ ਨੂੰ ਇੱਕ ਨਵੇਂ ਲੈਂਸ ਰਾਹੀਂ ਦੇਖ ਰਹੀ ਹੈ।

ਖੱਟ ਦਾ ਸੱਭਿਆਚਾਰਕ ਮਹੱਤਵ ਵੀ ਓਨਾ ਹੀ ਡੂੰਘਾ ਹੈ। ਖੱਟ ਦੇ ਹਵਾਲੇ ਭਾਰਤੀ ਸਾਹਿਤ, ਲੋਕ ਗੀਤਾਂ ਅਤੇ ਸਿਨੇਮਾ ਵਿੱਚ ਅਕਸਰ ਦਿਖਾਈ ਦਿੰਦੇ ਹਨ। ਇਹ ਲੰਬੇ ਸਮੇਂ ਤੋਂ ਪੇਂਡੂ ਜੀਵਨ, ਨੇੜਤਾ ਅਤੇ ਭਾਈਚਾਰਕ ਭਾਵਨਾ ਦੇ ਪ੍ਰਤੀਕ ਵਜੋਂ ਖੜ੍ਹਾ ਰਿਹਾ ਹੈ। ਪੁਰਾਣੇ ਸਮਿਆਂ ਵਿੱਚ, ਜਦੋਂ ਪਰਿਵਾਰ ਦੇ ਮੈਂਬਰ ਇਕੱਠੇ ਹੁੰਦੇ ਸਨ ਅਤੇ ਇੱਕ ਖੱਟ 'ਤੇ ਇਕੱਠੇ ਬੈਠ ਕੇ ਗੱਲਬਾਤ ਕਰਦੇ ਸਨ, ਤਾਂ ਗੱਲਬਾਤ ਕੁਦਰਤੀ ਅਤੇ ਸਹਿਜਤਾ ਨਾਲ ਚਲਦੀ ਸੀ। ਅੱਜ, ਇਸ ਡਿਜੀਟਲ ਯੁੱਗ ਵਿੱਚ - ਜਿੱਥੇ ਲੋਕ ਅਕਸਰ ਇੱਕੋ ਛੱਤ ਹੇਠ ਰਹਿੰਦੇ ਹੋਏ ਵੀ ਆਪਣੀਆਂ ਮੋਬਾਈਲ ਸਕ੍ਰੀਨਾਂ ਵਿੱਚ ਮਗਨ ਰਹਿੰਦੇ ਹਨ - ਖੱਟ ਵਰਗੀਆਂ ਫਿਰਕੂ ਬੈਠਣ ਵਾਲੀਆਂ ਥਾਵਾਂ ਇੱਕ ਵਾਰ ਫਿਰ ਸਮਾਜਿਕ ਨੇੜਤਾ ਨੂੰ ਉਤਸ਼ਾਹਿਤ ਕਰਨ ਲਈ ਸਾਧਨ ਵਜੋਂ ਕੰਮ ਕਰ ਸਕਦੀਆਂ ਹਨ।

ਹਾਲਾਂਕਿ, ਖੱਟ ਦੇ ਪੁਨਰ-ਉਭਾਰ ਦਾ ਮਤਲਬ ਇਹ ਨਹੀਂ ਹੈ ਕਿ ਆਧੁਨਿਕ ਫਰਨੀਚਰ ਪੂਰੀ ਤਰ੍ਹਾਂ ਅਪ੍ਰਸੰਗਿਕ ਹੋ ਗਿਆ ਹੈ। ਆਧੁਨਿਕ ਜੀਵਨ ਦੀਆਂ ਮੰਗਾਂ ਵੱਖਰੀਆਂ ਹਨ, ਅਤੇ ਬਹੁਤ ਸਾਰੀਆਂ ਸਥਿਤੀਆਂ ਵਿੱਚ, ਆਧੁਨਿਕ ਬਿਸਤਰੇ ਸੱਚਮੁੱਚ ਵਧੇਰੇ ਸੁਵਿਧਾਜਨਕ ਸਾਬਤ ਹੋ ਸਕਦੇ ਹਨ। ਫਿਰ ਵੀ, ਖੱਟ ਦੀ ਵਧਦੀ ਪ੍ਰਸਿੱਧੀ ਨਿਸ਼ਚਤ ਤੌਰ 'ਤੇ ਇਹ ਸੰਕੇਤ ਦਿੰਦੀ ਹੈ ਕਿ ਲੋਕ ਸਿਰਫ਼ ਸਹੂਲਤ ਨੂੰ ਹੀ ਨਹੀਂ, ਸਗੋਂ ਸਿਹਤ, ਵਾਤਾਵਰਣ ਸਥਿਰਤਾ ਅਤੇ ਸੱਭਿਆਚਾਰਕ ਜੜ੍ਹਾਂ ਨੂੰ ਵੀ ਤਰਜੀਹ ਦੇਣਾ ਸ਼ੁਰੂ ਕਰ ਰਹੇ ਹਨ। ਉਹ ਸਰਗਰਮੀ ਨਾਲ ਆਪਣੇ ਜੀਵਨ ਨੂੰ ਵਧੇਰੇ ਸੰਤੁਲਿਤ ਅਤੇ ਕੁਦਰਤੀ ਬਣਾਉਣ ਦੇ ਸਮਰੱਥ ਵਿਕਲਪਾਂ ਦੀ ਭਾਲ ਕਰ ਰਹੇ ਹਨ।

ਸੰਖੇਪ ਵਿੱਚ, ਖੱਟ ਦੀ ਵਾਪਸੀ ਇੱਕ ਵਿਸ਼ਾਲ ਸਮਾਜਿਕ ਪਰਿਵਰਤਨ ਦਾ ਹਿੱਸਾ ਹੈ ਜਿਸ ਵਿੱਚ ਲੋਕ ਆਪਣੀਆਂ ਜੜ੍ਹਾਂ ਨਾਲ ਦੁਬਾਰਾ ਜੁੜਨ ਦੀ ਕੋਸ਼ਿਸ਼ ਕਰ ਰਹੇ ਹਨ। ਭਾਵੇਂ ਇਹ ਰਵਾਇਤੀ ਪਕਵਾਨ ਹੋਵੇ, ਜੈਵਿਕ ਖੇਤੀ ਹੋਵੇ, ਮਿੱਟੀ ਦੇ ਮਿੱਟੀ ਦੇ ਭਾਂਡੇ ਹੋਣ, ਜਾਂ ਲੱਕੜ ਦਾ ਖੱਟ ਹੋਵੇ - ਲੋਕ ਹੁਣ ਇਹ ਮਹਿਸੂਸ ਕਰ ਰਹੇ ਹਨ ਕਿ ਤਰੱਕੀ ਸਿਰਫ਼ ਨਵੀਆਂ ਤਕਨਾਲੋਜੀਆਂ ਨੂੰ ਅਪਣਾਉਣ ਤੋਂ ਵੱਧ ਹੈ। ਤਰੱਕੀ ਦਾ ਅਸਲ ਸਾਰ ਉਨ੍ਹਾਂ ਪਰੰਪਰਾਵਾਂ ਦੀ ਕਦਰ ਕਰਨ ਵਿੱਚ ਹੈ ਜੋ ਸਮੇਂ ਦੀ ਪਰੀਖਿਆ 'ਤੇ ਖੜ੍ਹੀਆਂ ਹੋਈਆਂ ਹਨ - ਪਰੰਪਰਾਵਾਂ ਜੋ ਜੀਵਨ ਨੂੰ ਸਰਲ, ਸਿਹਤਮੰਦ ਅਤੇ ਵਧੇਰੇ ਸੰਤੁਲਿਤ ਬਣਾਉਣ ਦੀ ਅੰਦਰੂਨੀ ਸਮਰੱਥਾ ਰੱਖਦੀਆਂ ਹਨ। ਅੱਜ, ਜਿਵੇਂ ਕਿ ਦੁਨੀਆ ਤੇਜ਼ੀ ਨਾਲ ਬਦਲਾਅ ਵਿੱਚੋਂ ਗੁਜ਼ਰ ਰਹੀ ਹੈ ਅਤੇ ਜੀਵਨ ਤੇਜ਼ੀ ਨਾਲ ਗੁੰਝਲਦਾਰ ਹੁੰਦਾ ਜਾ ਰਿਹਾ ਹੈ, ਲੱਕੜ ਦਾ ਖੱਟ ਸਾਨੂੰ ਸਾਦਗੀ ਦਾ ਇੱਕ ਸਦੀਵੀ ਸੰਦੇਸ਼ ਦਿੰਦਾ ਹੈ। ਇਹ ਇੱਕ ਯਾਦ ਦਿਵਾਉਂਦਾ ਹੈ ਕਿ ਸੱਚਾ ਆਰਾਮ ਸਿਰਫ਼ ਮਹਿੰਗੀਆਂ ਭੌਤਿਕ ਚੀਜ਼ਾਂ ਤੋਂ ਹੀ ਨਹੀਂ, ਸਗੋਂ ਇੱਕ ਅਜਿਹੀ ਜੀਵਨ ਸ਼ੈਲੀ ਤੋਂ ਵੀ ਪ੍ਰਾਪਤ ਹੁੰਦਾ ਹੈ ਜੋ ਕੁਦਰਤ ਦੇ ਅਨੁਕੂਲ ਹੈ। ਖੱਟ (ਰਵਾਇਤੀ ਬਿਸਤਰਾ) ਵੱਲ ਵਾਪਸ ਜਾਣ ਵਾਲੇ ਕਦਮ ਸੰਕੇਤ ਦਿੰਦੇ ਹਨ ਕਿ ਸਮਾਜ ਨੇ ਆਪਣੀਆਂ ਸੱਭਿਆਚਾਰਕ ਯਾਦਾਂ, ਪਰੰਪਰਾਗਤ ਬੁੱਧੀ ਅਤੇ ਵਾਤਾਵਰਣ ਚੇਤਨਾ ਨੂੰ ਮੁੜ ਤਰਜੀਹ ਦੇਣਾ ਸ਼ੁਰੂ ਕਰ ਦਿੱਤਾ ਹੈ।

ਇਹ ਸੰਭਵ ਹੈ ਕਿ ਆਉਣ ਵਾਲੇ ਸਾਲਾਂ ਵਿੱਚ, ਖੱਟ ਕਦੇ ਵੀ ਹਰ ਘਰ ਵਿੱਚ ਫਰਨੀਚਰ ਦਾ ਮੁੱਖ ਟੁਕੜਾ ਨਹੀਂ ਬਣ ਸਕਦਾ; ਫਿਰ ਵੀ, ਇਸਦਾ ਪੁਨਰ-ਉਥਾਨ ਸਪੱਸ਼ਟ ਤੌਰ 'ਤੇ ਸਾਬਤ ਕਰਦਾ ਹੈ ਕਿ ਪਰੰਪਰਾ ਕਦੇ ਵੀ ਸੱਚਮੁੱਚ ਖਤਮ ਨਹੀਂ ਹੁੰਦੀ। ਜਿਵੇਂ ਕਿ ਆਧੁਨਿਕ ਜੀਵਨ ਦੀਆਂ ਚੁਣੌਤੀਆਂ ਵਧਦੀਆਂ ਹਨ, ਸਮਾਜ ਅਕਸਰ ਆਪਣੀਆਂ ਜੜ੍ਹਾਂ ਦੇ ਅੰਦਰ ਹੱਲ ਲੱਭਦਾ ਹੈ। ਲੱਕੜ ਦੇ ਖੱਟ ਦੀ ਵਾਪਸੀ ਇਸੇ ਖੋਜ ਦੀ ਕਹਾਣੀ ਹੈ—ਇੱਕ ਬਿਰਤਾਂਤ ਜਿਸ ਵਿੱਚ ਸਿਹਤ, ਵਾਤਾਵਰਣ, ਸੱਭਿਆਚਾਰ ਅਤੇ ਜੀਵਨ ਨੂੰ ਹੋਰ ਮਨੁੱਖੀ ਬਣਾਉਣ ਦੀ ਇੱਛਾ ਸ਼ਾਮਲ ਹੈ।

ਇਹੀ ਕਾਰਨ ਹੈ ਕਿ ਅੱਜ ਲੋਕ ਲੱਕੜ ਦੇ ਖੱਟ ਵੱਲ ਵਾਪਸ ਆ ਰਹੇ ਹਨ। ਉਹ ਸਿਰਫ਼ ਪੁਰਾਣੇ ਫਰਨੀਚਰ ਨੂੰ ਅਪਨਾ ਨਹੀਂ ਰਹੇ ਹਨ; ਸਗੋਂ, ਉਹ ਸਾਦਗੀ, ਸੰਤੁਲਨ, ਨੇੜਤਾ ਅਤੇ ਕੁਦਰਤ ਨਾਲ ਇਕਸੁਰਤਾ ਵਿੱਚ ਅਧਾਰਤ ਜੀਵਨ ਦੇ ਦਰਸ਼ਨ ਨੂੰ ਮੁੜ ਸੁਰਜੀਤ ਕਰ ਰਹੇ ਹਨ। ਇਹ ਇਸ ਵਾਪਸੀ ਦੀ ਡੂੰਘੀ ਮਹੱਤਤਾ ਅਤੇ ਸਭ ਤੋਂ ਵੱਡੀ ਪ੍ਰਾਪਤੀ ਹੈ।

ਡਾ. ਸਤਿਆਵਾਨ ਸੌਰਭ, ਕਵੀ, ਸਮਾਜਿਕ ਚਿੰਤਕ, ਤੇ ਕਾਲਮਨਵੀਸ; ਏਆਈਆਰ ਅਤੇ ਟੀਵੀ ਪੈਨਲਿਸਟ, 333, ਪਰੀ ਵਾਟਿਕਾ, ਕੌਸ਼ਲਿਆ ਭਵਨ, ਬਾਰਵਾ (ਸਿਵਾਨੀ), ਭਿਵਾਨੀ, ਹਰਿਆਣਾ - 127045, ਮੋਬਾਈਲ: 9466526148

ਭੁੱਚੋ ਮੰਡੀ ਨਗਰ ਕੌਂਸਲ ਚੋਣਾਂ 'ਚ ਵੋਟਰਾਂ ਦਾ ਜ਼ਬਰਦਸਤ ਉਤਸ਼ਾਹ, ਵੱਡੀਆਂ ਕਤਾਰਾਂ ਨਾਲ ਪੋਲਿੰਗ ਸੰਪੰਨ

ਭੁੱਚੋ ਮੰਡੀ, 26 ਮਈ (ਚਰਨਜੀਤ ਖੁਰਮੀ): ਭੁੱਚੋ ਮੰਡੀ ਵਿੱਚ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸੋਮਵਾਰ ਨੂੰ ਵੋਟਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸਵੇਰ ਤੋਂ ਹੀ ਵੱਖ-ਵੱਖ ਪੋਲਿੰਗ ਬੂਥਾਂ 'ਤੇ ਵੋਟਰਾਂ ਦੀਆਂ ਲੰਬੀਆਂ ਕਤਾਰਾਂ ਲੱਗਣੀਆਂ ਸ਼ੁਰੂ ਹੋ ਗਈਆਂ ਸਨ। ਚੋਣ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਥਾਨਕ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਨੂੰ ਪੋਲਿੰਗ ਸਟੇਸ਼ਨਾਂ ਵਜੋਂ ਵਰਤਿਆ ਗਿਆ, ਜਿੱਥੇ ਪੁਲਿਸ ਅਤੇ ਪ੍ਰਸ਼ਾਸਨ ਵੱਲੋਂ ਪੂਰੇ ਪ੍ਰਬੰਧ ਕੀਤੇ ਗਏ ਸਨ। ਸਵੇਰੇ 8 ਵਜੇ ਸ਼ੁਰੂ ਹੋਈ ਵੋਟਿੰਗ ਦੌਰਾਨ ਮਹਿਲਾਵਾਂ, ਨੌਜਵਾਨਾਂ ਅਤੇ ਬਜ਼ੁਰਗਾਂ ਵਿੱਚ ਖਾਸ ਉਤਸ਼ਾਹ ਵੇਖਣ ਨੂੰ ਮਿਲਿਆ। ਦੁਪਹਿਰ ਕਰੀਬ 1:30 ਵਜੇ ਤੱਕ ਕਰੀਬ 45 ਫੀਸਦੀ ਵੋਟਿੰਗ ਸ਼ਾਂਤਮਈ ਢੰਗ ਨਾਲ ਹੋ ਚੁੱਕੀ ਸੀ। ਕਈ ਨਵੇਂ ਅਤੇ ਪਹਿਲੀ ਵਾਰ ਵੋਟ ਪਾਉਣ ਵਾਲੇ ਨੌਜਵਾਨ ਵੀ ਆਪਣੇ ਹੱਕ ਦਾ ਇਸਤੇਮਾਲ ਕਰਨ ਲਈ ਉਤਸੁਕ ਨਜ਼ਰ ਆਏ। ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਨੇ ਲੋਕਤੰਤਰ ਦੇ ਇਸ ਤਿਉਹਾਰ ਵਿੱਚ ਭਾਗ ਲੈਣ ਨੂੰ ਮਾਣ ਵਾਲੀ ਗੱਲ ਦੱਸਿਆ। ਚੋਣਾਂ ਦੌਰਾਨ ਕਿਸੇ ਵੀ ਅਣਚਾਹੀ ਘਟਨਾ ਦੀ ਕੋਈ ਸੂਚਨਾ ਨਹੀਂ ਮਿਲੀ ਅਤੇ ਸਮੂਹ ਪੋਲਿੰਗ ਅਮਨ-ਅਮਾਨ ਨਾਲ ਸੰਪੰਨ ਹੋਈ। ਸ਼ਾਮ 5 ਵਜੇ ਤੱਕ 47 ਉਮੀਦਵਾਰਾਂ ਦੀ ਕਿਸਮਤ ਬੈਲਟ ਬਕਸਿਆਂ ਵਿੱਚ ਬੰਦ ਹੋ ਗਈ। ਹੁਣ ਸਿਆਸੀ ਧਿਰਾਂ ਅਤੇ ਉਮੀਦਵਾਰਾਂ ਦੀਆਂ ਨਜ਼ਰਾਂ 29 ਮਈ ਦਿਨ ਸ਼ੁੱਕਰਵਾਰ ਨੂੰ ਆਉਣ ਵਾਲੇ ਨਤੀਜਿਆਂ 'ਤੇ ਟਿਕੀਆਂ ਹੋਈਆਂ ਹਨ।

'ਰਾਜਨੀਤਕ ਪਾਰਟੀਆਂ ਵੱਲੋਂ ਚੋਣਾਂ ਦੌਰਾਨ ਲੌਂਗੋਵਾਲ ਕਸਬੇ ਵਿੱਚ ਮਿਠਾਈਆ, ਨਸ਼ੇ ਸਰੇਆਮ ਵੰਡਣਾ ਤੇ ਕਾਫੀ ਲੋਕਾਂ ਵੱਲੋਂ ਸਹਿਜ ਹੀ ਸਵੀਕਾਰ ਕਰਨਾ ਸਮਾਜਿਕ ਨੈਤਿਕਤਾ ਦਾ ਪਤਨ'

ਲੌਂਗੋਵਾਲ, 26 ਮਈ (ਰਵੀ ਗਰਗ): ਮਿਉਂਸੀਪਲ ਕਮੇਟੀ ਦੀਆਂ ਲੌਂਗਵਾਲ ਕਸਬੇ ਵਿੱਚ ਹੋ ਰਹੀਆਂ ਚੋਣਾਂ ਦੌਰਾਨ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਉਮੀਦਵਾਰਾਂ ਵੱਲੋਂ ਇਲਾਕੇ ਵਿੱਚ ਵੰਡੇ ਗਏ ਪਕਵਾਨ ,ਮਿਠਾਈਆਂ ,ਕੋਲਡ ਡਰਿੰਕ,ਸ਼ਰਾਬ ਅਤੇ ਹੋਰ ਨਸ਼ਿਆਂ ਦਾ ਵੰਡਣਾ ਅਤੇ ਅਵਾਮ ਵੱਲੋਂ ਸਹਿਜ ਹੀ ਸਵੀਕਾਰ ਕਰਨਾ ਸਮਾਜਿਕ ਪਤਨ ਦੀ ਇਕ ਜਿਉਂਦੀ ਜਾਗਦੀ ਮਿਸਾਲ ਹੈ। ਕੁੱਝ ਲੋਕਾਂ ਨੂੰ ਛੱਡ ਕੇ ਬਹੁਤੇ ਲੋਕਾਂ ਦੀ ਜ਼ਮੀਰ ਮਰ ਚੁੱਕੀ ਹੈ। ਇਸ ਬਣਦੀ ਜਾ ਰਹੀ ਪ੍ਰੰਪਰਾ ਜਿਸ ਨੇ ਮਾੜੇ ਮੋਟੇ ਲੋਕਤੰਤਰ ਦੇ ਬਚੇ ਅੰਸ਼ ਦਾ ਵੀ ਜਨਾਜ਼ਾ ਕੱਢ ਦਿੱਤਾ ਹੈ ਜੋਂ ਆਉਣ ਵਾਲੀ ਪੀੜ੍ਹੀ ਨੂੰ ਲੋਕਤੰਤਰ ਦੀ ਨਵੀਂ ਪਰਿਭਾਸ਼ਾ ਦੇਵੇਗੀ। ਤਰਕਸ਼ੀਲ ? ਸੁਸਾਇਟੀ ਦੇ ਸੂਬਾ ਆਗੂ ਜੁਝਾਰ ਲੌਂਗੋਵਾਲ, ਦੇਸ਼ ਭਗਤ ਯਾਦਗਾਰ ਦੇ ਪ੍ਰਧਾਨ ਬਲਬੀਰ ਲੌਂਗੋਵਾਲ, ਰਣਜੀਤ ਸਿੰਘ, ਅਨਿਲ ਸ਼ਰਮਾ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਰਣਜੀਤ ਸਿੰਘ,ਕ੍ਰਾਂਤੀਕਾਰੀ ਪੇਂਡੂ ਮਜਦੂਰ ਯੂਨੀਅਨ ਦੇ ਸੂਬਾ ਸਕੱਤਰ ਲਖਵੀਰ ਲੌਂਗੋਵਾਲ, ਡੈਮੋਕਰੇਟਿਕ ਟੀਚਰਜ਼ ਫਰੰਟ ਦੇ ਚੰਦਰ ਸ਼ੇਖਰ, ਸੰਦੀਪ ਸਿੰਘ, ਗੁਰਮੇਲ ਸਿੰਘ, ਵਿੱਕੀ ਮੰਗਲਾ, ਜਸਵਿੰਦਰ ਬੋਪਾਰਾਏ,ਰਾਮ ਗੋਪਾਲ ਲੰਬੂ,ਰਾਮ ਗੋਪਾਲ ਟੂਣਿਆਂ, ਕੇਵਲ ਸਿੰਘ ਆਦਿ ਆਗੂਆ ਨੇ ਇਸ ਵਰਤਾਰੇ ਦੀ ਚਿੰਤਾ ਕਰਦਿਆਂ ਲੋਕਾਂ ਨੂੰ ਇਸ ਤੋ ਬਚਣ ਦੀ ਅਪੀਲ ਅਤੇ ਸਲਾਹ ਦਿੱਤੀ। ਆਗੂਆ ਨੇ ਕਿਹਾ ਮੌਕੇ ਦੀਆਂ ਹਕੂਮਤਾਂ, ਸਾਮਰਾਜੀ ਤਾਕਤਾਂ, ਲੋਕਾਂ ਦੇ ਕਿਰਦਾਰ ਨੂੰ ਗੰਧਲਾ ਕਰਨ ਦੀਆਂ ਕੋਸ਼ਿਸਾਂ ਵਿੱਚ ਹਮੇਸ਼ਾ ਰਹਿੰਦੀਆਂ ਹਨ ਤਾ ਜੋਂ ਸਮੇਂ ਸਮੇਂ ਦੇ ਹੱਕੀ ਮੰਗਾਂ ਦੇ ਸੰਘਰਸਾ ਨੂੰ ਦਬਾਇਆ ਜਾ ਸਕੇ। ਆਗੂਆਂ ਨੇ ਚੋਣਾਂ ਰਾਹੀਂ ਲੋਕਾਂ ਵਿੱਚ ਵੰਡੀਆਂ ਪਾਉਣ ਤੇ ਘਰਾਂ ਦੇ ਉਮੀਦਵਾਰਾਂ ਦੇ ਪਿੱਛੇ ਲੁਕੇ ਬੈਠੇ ਆਕਾਵਾਂ ਦੀ ਸੌੜੀ ਸਿਆਸਤ ਦੀ ਨਿੰਦਿਆ ਕੀਤੀ ਗਈ।

31ਮਈ ਨੂੰ ਪ੍ਰੈਸ ਕਲੱਬ ਸਨੌਰ ਦੀ ਵੈਬਸਾਈਟ ਲਾਂਚ ਕੀਤੀ ਜਾਵੇਗੀ: ਸੋਖਲ

ਸਨੌਰ, 26 ਮਈ (ਰਾਜਿੰਦਰ ਸਿੰਘ ਥਿੰਦ): ਪ੍ਰੈਸ ਕਲੱਬ ਸਨੌਰ ਵੱਲੋਂ 31 ਮਈ ਨੂੰ ਕਰਵਾਏ ਜਾ ਰਹੇ ਖ਼ੂਨਦਾਨ ਕੈਂਪ, ਮੁਫ਼ਤ ਮੈਡੀਕਲ ਚੈਕਅੱਪ ਕੈਂਪ ਅਤੇ ਅੱਖਾਂ ਦੇ ਜਾਂਚ ਕੈਂਪ ਨੂੰ ਲੈ ਕੇ ਤਿਆਰੀਆਂ ਜ਼ੋਰਾਂ 'ਤੇ ਹਨ। ਇਸ ਮੌਕੇ ਪ੍ਰੈਸ ਕਲੱਬ ਸਨੌਰ ਦੀ ਨਵੀਂ ਵੈਬਸਾਈਟ ਵੀ ਲਾਂਚ ਕੀਤੀ ਜਾ ਰਹੀ ਹੈ, ਜਿਸ ਦਾ ਮੁੱਖ ਮਕਸਦ ਲੋਕਾਂ ਦੀਆਂ ਸਮੱਸਿਆਵਾਂ ਨੂੰ ਡਿਜੀਟਲ ਮੰਚ ਰਾਹੀਂ ਪ੍ਰਸ਼ਾਸਨ ਤੱਕ ਪਹੁੰਚਾਉਣਾ ਹੈ। ਇਸ ਸਬੰਧੀ ਪ੍ਰੈਸ ਕਲੱਬ ਸਨੌਰ ਦੇ ਸਰਪਰਸਤ ਸ. ਮਨਦੀਪ ਸਿੰਘ ਜੋਸ਼ਨ ਜੀ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ ਗਈ। ਵੈਬਸਾਈਟ ਅਤੇ ਸਮਾਜਿਕ ਉਪਰਾਲਿਆਂ ਬਾਰੇ ਜਾਣਕਾਰੀ ਦੇਣ ਉਪਰੰਤ ਉਨ੍ਹਾਂ ਵੱਲੋਂ ਪ੍ਰੈਸ ਕਲੱਬ ਸਨੌਰ ਦੀ ਪੂਰੀ ਟੀਮ ਦੀ ਹੌਸਲਾ ਅਫਜ਼ਾਈ ਕੀਤੀ ਗਈ ਅਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਜਿਕ ਕਾਰਜ ਆਮ ਲੋਕਾਂ ਲਈ ਬਹੁਤ ਲਾਹੇਵੰਦ ਸਾਬਤ ਹੁੰਦੇ ਹਨ। ਇਸ ਮੌਕੇ ਸੁਰਜੀਤ ਸਿੰਘ ਗੋਗੀ, ਗੀਤਵਿੰਦਰ ਸਿੰਘ ਸੋਖਲ ਅਤੇ ਬਲਵਿੰਦਰ ਸਿੰਘ ਵੱਲੋਂ ਪ੍ਰੋਗਰਾਮ ਅਤੇ ਵੈਬਸਾਈਟ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਕਿਹਾ ਕਿ ਪ੍ਰੈਸ ਕਲੱਬ ਸਨੌਰ ਹਮੇਸ਼ਾਂ ਲੋਕ ਭਲਾਈ ਅਤੇ ਸਮਾਜ ਸੇਵਾ ਦੇ ਕੰਮਾਂ ਲਈ ਵਚਨਬੱਧ ਰਹੇਗਾ।

ਜ਼ਿਲ੍ਹਾ ਚੋਣਕਾਰ ਅਫ਼ਸਰ ਹਰਪ੍ਰੀਤ ਸਿੰਘ ਵੱਲੋਂ ਪੋਲਿੰਗ ਬੂਥਾਂ ਦਾ ਦੌਰਾ

ਬਰਨਾਲਾ, 26 ਮਈ (ਅਵਤਾਰ ਸਿੰਘ ਫਰਵਾਹੀ): ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ 2026 ਲਈ ਅੱਜ ਵੋਟਾਂ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਬਰਨਾਲਾ ਸਹਿਤ ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਜ਼ਿਲ੍ਹਾ ਬਰਨਾਲਾ ਦੇ ਵੱਖ ਵੱਖ ਪੋਲਿੰਗ ਬੂਥਾਂ ਦਾ ਦੌਰਾ ਕਰਕੇ ਵੋਟਿੰਗ ਅਮਲ ਦਾ ਜਾਇਜ਼ਾ ਲਿਆ। ਓਹਨਾਂ ਨਗਰ ਨਿਗਮ ਬਰਨਾਲਾ, ਨਗਰ ਕੌਂਸਲ ਤਪਾ, ਨਗਰ ਕੌਂਸਲ ਧਨੌਲਾ, ਨਗਰ ਕੌਂਸਲ ਭਦੌੜ ਦੇ ਪੋਲਿੰਗ ਬੂਥਾਂ ਦਾ ਨਿਰੀਖਣ ਕੀਤਾ ਅਤੇ ਕਿਹਾ ਕਿ ਵ ੋ ਟਿ ੰ ਗ ਨਿ ਰ ਵਿ ਘ ਨ ਜਾਰੀ ਹੈ। ਓਹਨਾਂ ਕਿਹਾ ਕਿ ਵੋਟਰ ਗਰਮੀ ਦੇ ਬਾਵਜੂਦ ਉਤਸ਼ਾਹ ਨਾਲ ਵੋਟਾਂ ਪਾ ਰਹੇ ਹਨ ਅਤੇ ਵੋਟਰਾਂ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਓਹਨਾਂ ਦੱਸਿਆ ਕਿ ਦੁਪਹਿਰ 12 ਵਜੇ ਤੱਕ ਨਗਰ ਨਿਗਮ ਬਰਨਾਲਾ ਲਈ 35.60%, ਨਗਰ ਕੌਂਸਲ ਤਪਾ 36.54 %, ਨਗਰ ਕੌਂਸਲ ਭਦੌੜ 41.95 %, ਨਗਰ ਕੌਂਸਲ ਧਨੌਲਾ ਲਈ 36.96% ਫੀਸਦੀ ਵੋਟਿੰਗ ਹੋਈ। ਓਹਨਾਂ ਕਿਹਾ ਕਿ ਵੋਟਾਂ ਦਾ ਸਮਾਂ ਸ਼ਾਮ 5 ਵਜੇ ਤਕ ਹੈ। ਇਸੇ ਤਰ੍ਹਾਂ ਰਿਟਰਨਿੰਗ ਅਫ਼ਸਰ ਬਰਨਾਲਾ ਸ਼੍ਰੀ ਵਿਵੇਕ ਮੋਦੀ ਆਈ ਏ ਐੱਸ, ਰਿਟਰਨਿੰਗ ਅਫ਼ਸਰ ਤਪਾ ਸ਼੍ਰੀ ਆਯੂਸ਼ ਗੋਇਲ ਆਈ ਏ ਐੱਸ, ਰਿਟਰਨਿੰਗ ਅਫ਼ਸਰ ਧਨੌਲਾ ਸ਼੍ਰੀ ਅਜੀਤਪਾਲ ਸਿੰਘ ਚਹਿਲ ਪੀ ਸੀ ਐੱਸ ਤੇ ਰਿਟਰਨਿੰਗ ਅਫ਼ਸਰ ਭਦੌੜ ਸ਼੍ਰੀਮਤੀ ਕ੍ਰਿਤਿਕਾ ਗੋਇਲ ਆਈ ਏ ਐੱਸ ਵੱਲੋਂ ਵੀ ਆਪਣੇ ਅਧੀਨ ਪੈਂਦੇ ਪੋਲਿੰਗ ਬੂਥਾਂ ਦਾ ਦੌਰਾ ਕੀਤਾ ਗਿਆ ਅਤੇ ਵੋਟਿੰਗ ਅਮਲ ਦਾ ਜਾਇਜ਼ਾ ਲਿਆ ਗਿਆ। ਰਿਟਰਨਿੰਗ ਅਫ਼ਸਰ ਸ੍ਰੀ ਮੋਦੀ ਨੇ ਕਿਹਾ ਕਿ ਗਰਮੀ ਅਤੇ ਧੁੱਪ ਦੇ ਬਾਵਜੂਦ ਲੋਕਾਂ ਵਿੱਚ ਵੋਟ ਪਾਉਣ ਲਈ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਅਤੇ ਸਵੇਰ ਤੋਂ ਹੀ ਵੋਟਰ ਵੱਡੀ ਗਿਣਤੀ ਵਿੱਚ ਆਪਣੇ ਲੋਕਤੰਤਰਿਕ ਅਧਿਕਾਰ ਦੀ ਵਰਤੋਂ ਕਰਨ ਲਈ ਪਹੁੰਚ ਰਹੇ ਹਨ। ਨਗਰ ਨਿਗਮ/ ਨਗਰ ਕੌਂਸਲ ਚੋਣਾਂ 2026 ਦੇ ਮੱਦੇਨਜ਼ਰ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਬਰਨਾਲਾ ਲਈ ਚੋਣ ਆਬਜ਼ਰਵਰ ਨਿਯੁਕਤ ਪਰਨੀਤ ਸ਼ੇਰਗਿੱਲ ਆਈ ਏ ਐੱਸ ਵੱਲੋਂ ਜ਼ਿਲ੍ਹਾ ਬਰਨਾਲਾ ਦੇ ਵੱਖ ਵੱਖ ਬੂਥਾਂ ਦਾ ਦੌਰਾ ਕਰਕੇ ਚੋਣ ਦੀ ਪ੍ਰਕਿਰਿਆ ਦਾ ਜਾਇਜ਼ਾ ਲਿਆ ਗਿਆ। ਚੋਣ ਆਬਜ਼ਰਵਰ ਪਰਨੀਤ ਸ਼ੇਰਗਿੱਲ ਨੇ ਕਿਹਾ ਕਿ ਪੰਜਾਬ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਿੰਗ ਪ੍ਰਕਿਰਿਆ ਜਾਰੀ ਹੈ।

ਅਰਬਨ ਅਸਟੇਟ ਦੀਆਂ ਸੜਕਾਂ ਦਾ ਸਿਹਤ ਮੰਤਰੀ ਬਲਬੀਰ ਸਿੰਘ ਨੇ ਸ਼ੁਰੂ ਕਰਵਾਇਆ

ਪਟਿਆਲਾ, 26 ਮਈ: (ਰਾਜਿੰਦਰ ਸਿੰਘ ਥਿੰਡ): ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਦੇ ਅਰਬਨ ਅਸਟੇਟ ਫੇਜ਼-2 ਵਿੱਚ ਕਰੀਬ 5 ਕਰੋੜ ਰੁਪਏ ਦੀ ਲਾਗਤ ਨਾਲ ਬਣ ਰਹੀਆਂ 25 ਕਿਲੋਮੀਟਰ ਸੜਕਾਂ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸੂਬੇ ਦੇ ਹਰ ਸ਼ਹਿਰ ਤੇ ਪਿੰਡ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਇਆ ਜਾ ਰਿਹਾ ਹੈ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਅਰਬਨ ਅਸਟੇਟ ਫੇਜ਼-2 ਦੀਆਂ ਸੜਕਾਂ ਦੇ ਨਵੀਨੀਕਰਨ ਨਾਲ ਇਲਾਕਾ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਆਵਾਜਾਈ ਹੋਰ ਸੁਗਮ ਬਣੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਲਾਕੇ ਦੇ ਪਾਰਕਾਂ ਦੀ ਮੁਰੰਮਤ ਅਤੇ ਸੁੰਦਰਤਾ ਵਧਾਉਣ ਲਈ ਵੀ ਵਿਸ਼ੇਸ਼ ਫੰਡ ਜਾਰੀ ਕੀਤੇ ਗਏ ਹਨ ਜੋ ਲੋਕਾਂ ਨੂੰ ਸਾਫ-ਸੁਥਰਾ ਅਤੇ ਹਰਾ-ਭਰਾ ਵਾਤਾਵਰਨ ਮਿਲ ਸਕੇ। ਸਿਹਤ ਮੰਤਰੀ ਨੇ ਇਲਾਕਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣੇ ਆਲੇ-ਦੁਆਲੇ ਦਾ ਵਾਤਾਵਰਨ ਸਾਫ-ਸੁਥਰਾ ਰੱਖਣਾ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜਗ ?ਹਾ-ਜਗ ?ਹਾ ਗੰਦਗੀ ਦੇ ਢੇਰ ਨਾ ਲੱਗਣ ਦਿੱਤੇ ਜਾਣ ਅਤੇ ਲੋਕ ਆਪਣੇ ਘਰਾਂ ਅਤੇ ਮੁਹੱਲਿਆਂ ਦੀ ਸਫਾਈ ਵੱਲ ਖਾਸ ਧਿਆਨ ਦੇਣ। ਉਨ੍ਹਾਂ ਅਰਬਨ ਅਸਟੇਟ ਦੇ ਵਾਸੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਲਾਕੇ ਦੇ ਲੋਕਾਂ ਨੇ ਆਪਣੇ ਇਲਾਕੇ ਨੂੰ ਬਹੁਤ ਹੀ ਸਾਫ-ਸੁਥਰਾ ਅਤੇ ਸੁਚੱਜਾ ਬਣਾਕੇ ਇੱਕ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਹੋਰ ਇਲਾਕਿਆਂ ਦੇ ਲੋਕਾਂ ਨੂੰ ਵੀ ਇਸ ਤੋਂ ਪ੍ਰੇਰਣਾ ਲੈਣੀ ਚਾਹੀਦੀ ਹੈ। ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਰੁੱਖ ਲਗਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਪੌਦੇ ਸਾਡੇ ਵਾਤਾਵਰਨ ਨੂੰ ਸੁੱਚਾ ਰੱਖਣ ਦੇ ਨਾਲ-ਨਾਲ ਮਨੁੱਖੀ ਜੀਵਨ ਲਈ ਆਕਸੀਜਨ ਦਾ ਮੁੱਖ ਸਰੋਤ ਹਨ। ਉਨ੍ਹਾਂ ਕਿਹਾ ਕਿ ਕੁਦਰਤ ਨਾਲ ਜੁੜ ਕੇ ਹੀ ਮਨੁੱਖ ਅਸਲ ਸੁੱਖ ਅਤੇ ਸ਼ਾਂਤੀ ਦਾ ਅਨੰਦ ਮਾਣ ਸਕਦਾ ਹੈ। ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਮਕਸਦ ਸੂਬੇ ਦੇ ਹਰ ਨਾਗਰਿਕ ਤੱਕ ਬਿਹਤਰ ਬੁਨਿਆਦੀ ਸਹੂਲਤਾਂ ਪਹੁੰਚਾਉਣਾ ਹੈ। ਇਸੇ ਵਚਨਬੱਧਤਾ ਨਾਲ ਸਰਕਾਰ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਕਾਰਜਾਂ ਦੀ ਇਹ ਲੜੀ ਲਗਾਤਾਰ ਜਾਰੀ ਰਹੇਗੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਇਲਾਕਾ ਨਿਵਾਸੀਆਂ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਸਿਹਤ ਮੰਤਰੀ ਦਾ ਧੰਨਵਾਦ ਕੀਤਾ ਗਿਆ ਅਤੇ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਪੀ ਡੀ ਏ ਦੇ ਮੁੱਖ ਪ੍ਰਸ਼ਾਸ਼ਕ ਮਿਸ ਅਪਰਨਾ, ਚੀਫ਼ ਇੰਜੀਨੀਅਰ ਅਜੇ ਗਰਗ, ਐਸ ਈ ਵਰੁਣ ਗਰਗ, ਐਕਸੀਅਨ ਇੰਜ: ਮੁਨੀਸ਼ ਮਹਿਤਾ, ਐਸ ਡੀ ਈ ਇੰਜ: ਰਾਜੀਵ ਕੁਮਾਰ, ਜੇ ਈ ਇੰਜ: ਅਵਤਾਰ ਸਿੰਘ ਤੋਂ ਇਲਾਵਾ ਇਲਾਕਾ ਵਾਸੀ ਮੌਜੂਦ ਸਨ।

ਬੀਕੇਯੂ ਏਕਤਾ ਸਿੱਧੂਪੁਰ ਵੱਲੋਂ ਪਿੰਡ ਡਸਕਾ ਵਿਖੇ ਕੀਤੀ ਗਈ ਇਕਾਈ ਦੀ ਚੋਣ

ਲਹਿਰਾਗਾਗਾ, 26 ਮਈ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ): ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਪਿੰਡ ਡਸਕਾ ਵਿਖੇ ਬਣੀ ਹੋਈ ਇਕਾਈ ਦੇ ਨਵੇਂ ਅਹੁਦੇਦਾਰਾਂ ਦੀ ਚੋਣ ਕਰਨ ਲਈ ਪਿੰਡ ਵਾਸੀਆਂ ਵੱਲੋਂ ਅਨਾਜ ਮੰਡੀ ਵਿਖੇ ਇਕੱਠ ਕੀਤਾ ਗਿਆ ਜਿਸ ਵਿੱਚ ਬਲਾਕ ਲਹਿਰਾ ਦੇ ਜਰਨਲ ਸਕੱਤਰ ਰਾਮਫਲ ਸਿੰਘ ਜਲੂਰ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ । ਇਸ ਮੌਕੇ ਸਰਬਸੰਮਤੀ ਨਾਲ ਗੁਰਚਰਨ ਸਿੰਘ ਨੂੰ ਪ੍ਰਧਾਨ, ਗੁਰਦੀਪ ਸਿੰਘ ਜਨਰਲ ਸਕੱਤਰ , ਅੰਗਰੇਜ਼ ਸਿੰਘ ਨੂੰ ਮੁੜ ਖਜਾਨਚੀ, ਰਣਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਸਤਨਾਮ ਸਿੰਘ ਮੀਤ ਪ੍ਰਧਾਨ, ਬਰਜਿੰਦਰ ਸਿੰਘ ਸਲਾਹਕਾਰ ਤੇ ਅਮਨਦੀਪ ਸਿੰਘ ਨੂੰ ਪ੍ਰਚਾਰ ਸਕੱਤਰ ਚੁਣਿਆ ਗਿਆ । ਇਸ ਤੋਂ ਇਲਾਵਾ ਗਗਨਦੀਪ ਸਿੰਘ ,ਲਖਵਿੰਦਰ ਸਿੰਘ ਮਹਿਕਦੀਪ ਸਿੰਘ, ਦਲਵਾਰਾ ਸਿੰਘ ,ਨਛੱਤਰ ਸਿੰਘ ,ਬਲਜਿੰਦਰ ਸਿੰਘ, ਤਰਲੋਕ ਸਿੰਘ ,ਦਲਬਾਗ ਸਿੰਘ ,ਕਰਨ ਸਿੰਘ, ਸੁਖਵਿੰਦਰ ਸਿੰਘ ,ਚੰਨਾ ਸਿੰਘ ਆਦਿ ਨੂੰ ਮੈਂਬਰ ਨਿਯੁਕਤ ਕੀਤਾ ਗਿਆ । ਨਵੀਂ ਚੁਣੀ ਗਈ ਕਮੇਟੀ ਤੇ ਮੈਂਬਰਾਂ ਨੇ ਕਿਹਾ ਕਿ ਸ ਜਗਜੀਤ ਸਿੰਘ ਡੱਲੇਵਾਲ ਵੱਲੋਂ ਕਿਸਾਨਾਂ ਦੀਆਂ ਅਸਲ ਮੰਗਾਂ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰਵਾਉਣ, ਐਮ ਐਸ ਪੀ ਗਰੰਟੀ ਕਾਨੂੰਨ ਬਣਾਉਣ, ਸਮੁੱਚੀ ਕਰਜ਼ਾ ਮੁਕਤੀ ਸਮੇਤ ਸਮੇਂ ਸਮੇਂ ਤੇ ਸਾਹਮਣੇ ਆਉਦੀਆਂ ਕਿਸਾਨੀ ਮੰਗਾਂ ਨੂੰ ਲੈ ਕੇ ਲੜੇ ਜਾ ਰਹੇ ਸੰਘਰਸ਼ਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹੋ ਕੇ ਉਨਾਂ ਦੀ ਅਗਵਾਈ ਚ ਚੱਲਣ ਦਾ ਫੈਸਲਾ ਕੀਤਾ ਸੀ । ਇਸ ਮੌਕੇ ਗੱਲਬਾਤ ਕਰਦਿਆਂ ਰਾਮਫਲ ਸਿੰਘ ਜਲੂਰ ਤੇ ਜਤਿੰਦਰ ਸਿੰਘ ਜਲੂਰ ਨੇ ਕਿਹਾ ਕਿ ਸਰਕਾਰਾਂ ਕਿਸਾਨਾਂ ਦੀਆਂ ਜ਼ਮੀਨਾਂ ਖੋ ਕੇ ਕਾਰਪੋਰੇਟਾਂ ਦੇ ਹਵਾਲੇ ਕਰਨ ਲਈ ਕਾਹਲੀਆਂ ਹਨ ,ਤਾਹੀਓਂ ਕਿਸਾਨ ਵਿਰੋਧੀ ਫੈਸਲੇ ਲੈ ਕੇ, ਫਸਲਾਂ ਦੇ ਉਚਿਤ ਭਾਅ ਨਾ ਦੇ ਕੇ ਤੇ ਬੀਜ, ਖਾਧਾਂ, ਤੇਲ ਆਦਿ ਦੇ ਭਾਵਾਂ ਚ ਬੇਤਹਾਸ਼ਾ ਵਧਾ ਕੇ ਕਿਸਾਨਾਂ ਦਾ ਮੂੰਹ ਖੇਤੀ ਵਾਲੇ ਪਾਸਿਓਂ ਮੋੜਨਾ ਚਾਹੁੰਦੇ ਹਨ

ਚੁਸਪਿੰਦਰਬੀਰ ਚਹਿਲ ਅੱਜ ਸੰਭਾਲਣਗੇ ਜ਼ਿਲ੍ਹਾ ਪਰਿਸ਼ਦ ਮਾਨਸਾ ਦੇ ਚੇਅਰਮੈਨ ਵਜੋਂ ਅਹੁਦਾ

ਭੀਖੀ, 26 ਮਈ (ਨਵੀਨ ਕੁਮਾਰ ਸਿੰਗਲਾ): ਮਾਨਸਾ ਜ਼ਿਲ੍ਹੇ ਦੀ ਰਾਜਨੀਤੀ ਵਿੱਚ ਅੱਜ ਇੱਕ ਮਹੱਤਵਪੂਰਨ ਦਿਨ ਮੰਨਿਆ ਜਾ ਰਿਹਾ ਹੈ, ਜਦੋਂ ਆਮ ਆਦਮੀ ਪਾਰਟੀ ਦੇ ਮਿਹਨਤੀ ਅਤੇ ਨੌਜਵਾਨ ਆਗੂ ਚੁਸਪਿੰਦਰਬੀਰ ਚਹਿਲ ਜ਼ਿਲ੍ਹਾ ਪਰਿਸ਼ਦ ਮਾਨਸਾ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਣਗੇ। ਸਮਰਥਕਾਂ ਅਤੇ ਵਰਕਰਾਂ ਵਿੱਚ ਇਸ ਮੌਕੇ ਨੂੰ ਲੈ ਕੇ ਖਾਸ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਚੁਸਪਿੰਦਰਬੀਰ ਚਹਿਲ ਦਾ ਦਿਲਚਸਪ ਅਤੇ ਸੰਘਰਸ਼ ਭਰਿਆ ਰਿਹਾ ਹੈ। ਕਬੱਡੀ ਦੇ ਮੈਦਾਨਾਂ ਵਿੱਚ ਆਪਣੀ ਖੇਡ ਅਤੇ ਜਜ਼ਬੇ ਨਾਲ ਪਛਾਣ ਬਣਾਉਣ ਵਾਲੇ ਚਹਿਲ ਨੇ ਹੌਲੀ-ਹੌਲੀ ਸਮਾਜ ਸੇਵਾ ਅਤੇ ਲੋਕ ਮੁੱਦਿਆਂ ਨਾਲ ਜੁੜ ਕੇ ਰਾਜਨੀਤੀ ਵਿੱਚ ਆਪਣੀ ਵੱਖਰੀ ਪਹਿਚਾਣ ਬਣਾਈ। ਪਿੰਡਾਂ ਅਤੇ ਨੌਜਵਾਨਾਂ ਵਿੱਚ ਉਹਨਾਂ ਦੀ ਚੰਗੀ ਪਕੜ ਮੰਨੀ ਜਾਂਦੀ ਹੈ। ਅਧਿਆਪਕ ਪਿਤਾ ਸੁਖਦੇਵ ਸਿੰਘ ਚਹਿਲ ਦੇ ਘਰ ਮਾਤਾ ਬਲਜੀਤ ਕੌਰ ਦੀ ਕੁੱਖੋਂ ਜਨਮੇ ਚੁਸਪਿੰਦਰਬੀਰ ਚਹਿਲ ਨੇ ਜਿਥੇ ਛੋਟੀ ਉਮਰੇ ਪੜ੍ਹਾਈ ਵਿੱਚ ਮੱਲ੍ਹਾਂ ਮਾਰੀਆਂ ਉਥੇ ਖੇਡਾਂ ਵਿੱਚ ਵੀ ਕਬੱਡੀ ਦਾ ਇੰਟਰਨੈਸ਼ਨਲ ਖਿਡਾਰੀ ਰਿਹਾ। ਉਸਨੇ ਕਬੱਡੀ ਨੈਸ਼ਨਲ ਵੀ ਖੇਡੀ ਅਤੇ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਵੀ ਗੋਲਡ ਮੈਡਲ ਹਾਸਿਲ ਕੀਤਾ। ਚੁਸਪਿੰਦਰਬੀਰ ਦੇ ਪਿਤਾ ਸੁਖਦੇਵ ਸਿੰਘ ਨੇ ਜਿਥੇ ਬੱਚਿਆਂ ਨੂੰ ਵਧੀਆ ਸਿੱਖਿਆ ਦੇ ਕੇ ਰੁਜਗਾਰ ਦੇ ਲੜ ਲਾਇਆ ਉਥੇ ਖੇਡਾਂ ਨਾਲ ਜੋੜ ਕੇ ਵੀ ਉਨਾਂ ਨੂੰ ਖੇਡ ਮੈਦਾਨਾਂ ਵਿੱਚ ਜੌਹਰ ਦਿਖਾਉਣ ਦੇ ਕਾਬਲ ਬਣਾਇਆ। ਚਹਿਲ ਦੇ ਚੇਅਰਮੈਨ ਬਣਨ ਨਾਲ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਹੈ। ਵਰਕਰਾਂ ਦਾ ਕਹਿਣਾ ਹੈ ਕਿ ਇੱਕ ਖਿਡਾਰੀ ਸੋਚ ਵਾਲਾ ਨੌਜਵਾਨ ਹੁਣ ਜ਼ਿਲ੍ਹੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇਵੇਗਾ। ਅੱਜ ਅਹੁਦਾ ਸੰਭਾਲਣ ਮੌਕੇ ਕਈ ਕੈਬਨਿਟ ਮੰਤਰੀਆਂ ਸਮੇਤ ਵੱਡੀ ਗਿਣਤੀ ਵਿੱਚ ਸਮਰਥਕ ਅਤੇ ਪਾਰਟੀ ਆਗੂ ਪਹੁੰਚਣ ਦੀ ਸੰਭਾਵਨਾ ਹੈ। ਚੁਸਪਿੰਦਰਬੀਰ ਚਹਿਲ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਉਹ ਪਾਰਟੀ ਅਤੇ ਲੋਕਾਂ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਮਾਨਸਾ ਜ਼ਿਲ੍ਹੇ ਦੇ ਵਿਕਾਸ ਲਈ ਤਨਦੇਹੀ ਨਾਲ ਕੰਮ ਕਰਨਗੇ।

ਨਗਰ ਪੰਚਾਇਤ ਭਗਤਾ ਦੀ ਚੋਣ, 'ਚ ਕਰੀਬ 70% ਵੋਟ ਹੋਈ ਪੋਲ

ਬਠਿੰਡਾ, 26 ਮਈ (ਰਾਜੀਵ ਗੋਇਲ): ਨਗਰ ਪੰਚਾਇਤ ਭਗਤਾ ਦੇ 13 ਵਾਰਡਾਂ ਦੀ ਚੋਣ ਨੂੰ ਲੈ ਕੇ ਕਰੀਬ 70% ਵੋਟ ਪੋਲ ਹੋਣ ਦੇ ਸੰਕੇਤ ਹਨ। ਸਵੇਰੇ 8 ਵਜੇ ਤੋਂ ਸ਼ੁਰੂ ਹੋਈ ਵੋਟਿੰਗ ਵਿੱਚ ਸਵੇਰੇ-ਸਵੇਰੇ ਵੋਟਰਾਂ ਦਾ ਕਾਫੀ ਇਕੱਠ ਦੇਖਣ ਨੂੰ ਮਿਲਿਆ ਭਾਵੇਂ ਹੀ ਗਰਮੀ ਦਾ ਕਹਿਰ ਜੋਰਾਂ 'ਤੇ ਸੀ ਪਰ ਫੇਰ ਵੀ ਲੋਕਾਂ ਵੱਲੋਂ ਵੱਧ ਚੜ੍ਹ ਕੇ ਆਪਣੀ ਵੋਟ ਦਾ ਇਸਤੇਮਾਲ ਕੀਤਾ ਗਿਆ ਅਤੇ ਕਾਫੀ ਅਜਿਹੇ ਵੋਟਰ ਵੀ ਦੇਖਣ ਨੂੰ ਮਿਲੇ,ਜਿਹਨਾਂ ਵੱਲੋਂ ਪਹਿਲੀ ਵਾਰ ਆਪਣੀ ਵੋਟ ਦਾ ਇਸਤੇਮਾਲ ਕੀਤਾ ਗਿਆ ਤੇ ਵੋਟਰਾਂ,ਚ ਭਾਰੀ ਉਤਸ਼ਾਹ ਵੀ ਦੇਖਣ ਨੂੰ ਮਿਲਿਆ,ਕਿਉਂਕਿ ਇਹਨਾਂ ਵੋਟਾਂ ਵਿੱਚ ਆਪਸੀ ਭਾਈਚਾਰਾ ਭਾਰੂ ਹੋ ਜਾਂਦਾ ਹੈ ਅਤੇ ਰਾਜਨੀਤਿਕ ਦਬਾਅ ਘੱਟ ਜਾਂਦਾ ਹੈ।ਇਹਨਾਂ ਵੋਟਾਂ ਦਰਮਿਆਨ ਇਹ ਵੀ ਅੰਦਰੂਨੀ ਸੰਕੇਤ ਮਿਲੇ ਹਨ ਕਿ ਕਾਂਗਰਸ ਅਤੇ ਅਕਾਲੀਦਲ ਨਾਲ ਸੰਬੰਧਤ ਉਮੀਦਵਾਰਾਂ ਦੀ ਝੰਡੀ ਰਹਿ ਸਕਦੀ ਹੈ ਅਤੇ ਆਮ ਆਦਮੀ ਪਾਰਟੀ ਮਹਿਜ ਇੱਕ ਤੋਂ ਤਿੰਨ ਸੀਟਾਂ ਤੱਕ ਸਿਮਟ ਸਕਦੀ ਹੈ ਸ਼ਹਿਰ ਦੇ ਬਹੁ-ਚਰਚਿਤ ਵਾਰਡ ਨੰਬਰ 11 ਵਿੱਚ 1090 ਵਿੱਚੋਂ ਕਰੀਬ 850 ਵੋਟਾਂ ਪੋਲ ਹੋਈਆਂ। ਇਸ ਮੌਕੇ ਪ੍ਰਸ਼ਾਸਨ ਵੱਲੋਂ ਪੁਖਤਾ ਪ੍ਰਬੰਧ ਕੀਤੇ ਹੋਏ ਸਨ ਅਤੇ ਐਸ.ਪੀ (ਹੈਡਕੁਆਰਟਰ) ਜਗਦੀਸ਼ ਬਿਸ਼ਨੋਈ ਸਮੇਤ ਡੀ.ਐਸ.ਪੀ ਫੂਲ ਵੱਲੋਂ ਮੌਕੇ ਦਾ ਜਾਇਜਾ ਵੀ ਲਿਆ ਗਿਆ।ਖਬਰ ਲਿਖੇ ਜਾਣ ਤੱਕ ਭਗਤਾ ਦੇ ਕਿਸੇ ਵੀ ਵਾਰਡ ਵਿੱਚ ਕਿਸੇ ਵੀ ਕਿਸਮ ਦੀ ਕੋਈ ਵੀ ਅਣਸੁਖਾਵੀਂ ਘਟਨਾ ਦੀ ਖਬਰ ਨਹੀਂ ਸੀ।

ਡੀ.ਸੀ. ਐਸ.ਐਸ.ਪੀ. ਨੇ ਐਸ.ਬੀ.ਐਸ. ਨਗਰ ਵਿੱਚ ਨਗਰ ਕੌਂਸਲਾਂ ਦੀ ਪੋਲਿੰਗ ਪ੍ਰਕਿਰਿਆ ਦਾ ਲਿਆ ਜਾਇਜ਼ਾ

ਸ਼ਹੀਦ ਭਗਤ ਸਿੰਘ ਨਗਰ, 26 ਮਈ (ਜਤਿੰਦਰ ਪਾਲ ਸਿੰਘ ਕਲੇਰ) ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਗੁਲਪ੍ਰੀਤ ਸਿੰਘ ਔਲਖ ਅਤੇ ਸੀਨੀਅਰ ਪੁਲਿਸ ਕਪਤਾਨ ਤੁਸ਼ਾਰ ਗੁਪਤਾ ਨੇ ਅੱਜ ਬੰਗਾ, ਨਵਾਂਸ਼ਹਿਰ ਅਤੇ ਰਾਹੋਂ ਦੀਆਂ ਤਿੰਨ ਨਗਰ ਕੌਂਸਲਾਂ ਵਿੱਚ ਚੱਲ ਰਹੀ ਪੋਲਿੰਗ ਪ੍ਰਕਿਰਿਆ ਦਾ ਜਾਇਜ਼ਾ ਲਿਆ ਤਾਂ ਜੋ ਚੋਣਾਂ ਨੂੰ ਸੁਚਾਰੂ, ਸ਼ਾਂਤੀਪੂਰਨ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਵੱਖ-ਵੱਖ ਪੋਲਿੰਗ ਬੂਥਾਂ ਦੇ ਦੌਰੇ ਦੌਰਾਨ ਡਿਪਟੀ ਕਮਿਸ਼ਨਰ ਨੇ ਕਤਾਰਾਂ ਵਿੱਚ ਖੜ੍ਹੇ ਵੋਟਰਾਂ ਨਾਲ ਗੱਲਬਾਤ ਕੀਤੀ ਅਤੇ ਪਾਰਦਰਸ਼ੀ ਚੋਣਾਂ ਵਿੱਚ ਹਿੱਸਾ ਲੈਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਗਏ ਪ੍ਰਬੰਧਾਂ ਬਾਰੇ ਉਨ੍ਹਾਂ ਦਾ ਕੀਮਤੀ ਫੀਡਬੈਕ ਲਿਆ। ਉਨ੍ਹਾਂ ਪੋਲਿੰਗ ਦੇ ਸੁਚਾਰੂ ਸੰਚਾਲਨ ਅਤੇ ਵੋਟਰਾਂ ਦੀ ਭਾਗੀਦਾਰੀ 'ਤੇ ਤਸੱਲੀ ਪ੍ਰਗਟ ਕੀਤੀ। ਚੋਣਾਂ ਨੂੰ ਲੋਕਤੰਤਰ ਦੀ ਬੁਨਿਆਦ ਦੱਸਦਿਆਂ ਸ. ਔਲਖ ਨੇ ਲੋਕਤੰਤਰੀ ਸੰਸਥਾਵਾਂ ਨੂੰ ਮਜ਼ਬੂਤ ਕਰਨ ਵਿੱਚ ਵੋਟਰਾਂ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤ ਦੇ ਨਾਗਰਿਕ ਹੋਣ ਦੇ ਨਾਤੇ ਸਾਨੂੰ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦਾ ਹਿੱਸਾ ਹੋਣ 'ਤੇ ਮਾਣ ਹੈ, ਜਿੱਥੇ ਲੋਕਾਂ ਨੂੰ ਆਪਣੀਆਂ ਸਰਕਾਰਾਂ ਚੁਣਨ ਦਾ ਸੰਵਿਧਾਨਕ ਅਧਿਕਾਰ ਪ੍ਰਾਪਤ ਹੈ। ਉਨ੍ਹਾਂ ਵੋਟਰਾਂ ਨੂੰ ਲੋਕਤੰਤਰ ਨੂੰ ਜੀਵੰਤ ਅਤੇ ਮਜ਼ਬੂਤ ਰੱਖਣ ਲਈ ਚੋਣ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ। ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਬੂਥਾਂ 'ਤੇ ਤਾਇਨਾਤ ਪੋਲਿੰਗ ਅਮਲੇ ਨਾਲ ਵੀ ਗੱਲਬਾਤ ਕੀਤੀ ਅਤੇ ਆਜ਼ਾਦ, ਨਿਰਪੱਖ ਤੇ ਪਾਰਦਰਸ਼ੀ ਚੋਣਾਂ ਕਰਵਾਉਣ ਪ੍ਰਤੀ ਉਨ੍ਹਾਂ ਦੀ ਲਗਨ ਅਤੇ ਵਚਨਬੱਧਤਾ ਦੀ ਸ਼ਲਾਘਾ ਕੀਤੀ। ਉਨ੍ਹਾਂ ਪੋਲਿੰਗ ਸਟਾਫ਼ ਨੂੰ ਲੋਕਤੰਤਰੀ ਅਮਲ ਨੂੰ ਸਫ਼ਲ ਬਣਾਉਣ ਵਿੱਚ ਉਤਸ਼ਾਹਪੂਰਵਕ ਕਰਾਰ ਦਿੱਤਾ। ਇਸ ਦੌਰਾਨ ਐਸ.ਐਸ.ਪੀ. ਤੁਸ਼ਾਰ ਗੁਪਤਾ ਨੇ ਪੋਲਿੰਗ ਸਟੇਸ਼ਨਾਂ 'ਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਕਿਹਾ ਕਿ ਚੋਣਾਂ ਦੌਰਾਨ ਅਮਨ-ਕਾਨੂੰਨ ਬਣਾਈ ਰੱਖਣ ਲਈ ਵਿਆਪਕ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਲੋਕਾਂ ਨੂੰ ਬਿਨਾਂ ਕਿਸੇ ਡਰ ਅਤੇ ਲਾਲਚ ਤੋਂ ਆਪਣੀ ਵੋਟ ਪਾਉਣ ਦੀ ਅਪੀਲ ਕੀਤੀ।

ਖਤਰੀ ਸਭਾ ਮਹਿਲਾ ਮੰਡਲ ਤੇ ਖਤਰੀ ਸਭਾ ਮੈਟ੍ਰੀਮੋਨੀਅਲ ਕਮੇਟੀ ਦਾ ਕਾਰਜ ਸ਼ਲਾਘਾਯੋਗ

ਅੰਮ੍ਰਿਤਸਰ 26 ਮਈ (ਰਾਜੇਸ਼ ਡੈਨੀ) ਖਤਰੀ ਸਭਾ ਮਹਿਲਾ ਮੰਡਲ ਅਤੇ ਖਤਰੀ ਸਭਾ ਅੰਮ੍ਰਿਤਸਰ ਵੱਲੋਂ ਪਿਛਲੇ 15 ਸਾਲਾਂ ਤੋਂ ਸਮਾਜਿਕ, ਸੱਭਿਆਚਾਰਕ ਅਤੇ ਸੇਵਾ-ਪ੍ਰੇਰਿਤ ਕਾਰਜ ਨਿਰੰਤਰ ਸਮਰਪਿਤ ਭਾਵਨਾ ਨਾਲ ਕੀਤੇ ਜਾ ਰਹੇ ਹਨ ਮੈਟ੍ਰੀਮੋਨੀਅਲ ਕਮੇਟੀ ਦੇ ਪ੍ਰਧਾਨ ਸੁਨੀਲ ਖੰਨਾ ਨੇ ਦੱਸਿਆ ਕਿ ਅੱਜਕੱਲ੍ਹ ਬਿਚੋਲਿਆ ਅਤੇ ਏਜੰਟ ਵਿਆਹੀ ਰਿਸ਼ਤੇ ਕਰਵਾਉਣ ਦੇ ਨਾਮ 'ਤੇ ਲੱਖਾਂ ਰੁਪਏ ਵਸੂਲ ਕਰਦੇ ਹਨ, ਪਰ ਇਸ ਦੇ ਬਾਵਜੂਦ ਕਈ ਪਰਿਵਾਰ ਟੁੱਟ ਜਾਂਦੇ ਹਨ। ਇਸ ਦੇ ਉਲਟ ਕਮੇਟੀ ਵੱਲੋਂ ਕਰਵਾਏ ਗਏ ਸੈਂਕੜਿਆਂ ਰਿਸ਼ਤੇ ਅੱਜ ਵੀ ਸਫਲਤਾਪੂਰਵਕ ਖੁਸ਼ਹਾਲ ਵਿਆਹਿਕ ਜੀਵਨ ਬਤੀਤ ਕਰ ਰਹੇ ਹਨ ਸਾਲ 1968 ਤੋਂ ਹਜ਼ਾਰਾਂ ਪਿਛੜੇ ਪਰਿਵਾਰਾਂ ਨੂੰ ਮੁਫ਼ਤ ਜੋੜ ਕੇ ਉਨ੍ਹਾਂ ਨੂੰ ਖੁਸ਼ੀਆਂ ਵਾਪਸ ਦੇਣ ਦਾ ਸਫਲ ਯਤਨ ਕਰ ਰਹੀਆਂ ਹਨ। ਸਵਰਾਜ ਗਰੋਵਰ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪਰਿਵਾਰਕ ਟੁੱਟ-ਭੁੱਟ ਦਾ ਇੱਕ ਮੁੱਖ ਕਾਰਨ ਯੋਗ ਲੜਕੇ-ਲੜਕੀਆਂ ਲਈ ਉਚਿਤ ਵਿਆਹਿਕ ਰਿਸ਼ਤੇ ਨਾ ਮਿਲਣਾ ਹੈ। ਮੈਟ੍ਰੀਮੋਨੀਅਲ ਕਮੇਟੀ ਪਰਿਵਾਰਕ ਮੁੱਲਾਂ ਨੂੰ ਮਜ਼ਬੂਤ ਕਰਨ ਲਈ ਇੱਕ ਸਸ਼ਕਤ ਮੰਚ ਹੈ। ਸਮਾਜ, ਸਹਿਯੋਗ ਅਤੇ ਸਦਭਾਵਨਾ ਇਸ ਕਮੇਟੀ ਦੀ ਵਿਸ਼ੇਸ਼ ਪਛਾਣ ਹਨ ਕਮੇਟੀ ਦੇ ਸਰਗਰਮ ਮੈਂਬਰ ਅਲੋਕ ਜੇ. ਸਰਪਾਲ, ਰਵਿੰਦਰ ਅਰੋੜਾ, ਡੌਲੀ ਭਾਟੀਆ ਅਤੇ ਮਧੂਬਾਲਾ ਖੰਨਾ ਦੇ ਨਿਰੰਤਰ ਯਤਨਾਂ ਨਾਲ ਸੈਂਕੜਿਆਂ ਪਰਿਵਾਰਾਂ ਦੇ ਰਿਸ਼ਤੇ ਜੋੜਨ ਵਿੱਚ ਸਫਲਤਾ ਪ੍ਰਾਪਤ ਹੋਈ ਹੈ ਨਿਸ਼ਕਾਮ ਸੇਵਾ ਪ੍ਰਭਾਵਸ਼ਾਲੀ ਖੰਨਾ ਅਤੇ ਅੰਜੂ ਖੰਨਾ ਦਾ ਯੋਗਦਾਨ ਵੀ ਸਦਾ ਹੀ ਸ਼ਲਾਘਾਯੋਗ ਰਿਹਾ ਹੈ। ਇਸ ਤੋਂ ਇਲਾਵਾ ਸਨੇਹ ਅਰੋੜਾ ਅਤੇ ਰਾਜੀਵ ਸਹਿਗਲ ਨੇ ਵੀ ਇਸ ਸੇਵਾ ਲਈ ਹੱਥ ਵਧਾਇਆ ਹੈ। ਐਸ ਕੇ ਸਚਪਾਲ ਜੀ ਨੇ ਕਿਹਾ ਕਿ ਕਮੇਟੀ ਸੁਚੱਜੀ ਅਤੇ ਮਜ਼ਬੂਤ ਪਰਿਵਾਰਕ ਜੀਵਨ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਸਫਲਤਾਪੂਰਵਕ ਕੰਮ ਕਰ ਰਹੀ ਹੈ। ਮਹਿਲਾ ਮੰਡਲ ਦੀ ਮਹਾਸਚਿਵ ਡੌਲੀ ਭਾਟੀਆ ਨੇ ਦੱਸਿਆ ਕਿ ਕਮੇਟੀ ਵੱਲੋਂ ਕਾਊਂਸਲਿੰਗ ਰਾਹੀਂ ਵੀ ਯੋਗ ਵਰ-ਵਧੂ ਦੇ ਉਚਿਤ ਰਿਸ਼ਤੇ ਸਥਾਪਿਤ ਕਰਵਾਏ ਜਾਂਦੇ ਹਨ। ਅੰਤ ਵਿੱਚ ਸੁਨੀਲ ਖੰਨਾ ਨੇ ਸਮਾਜ ਦੇ ਪਰਿਵਾਰਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਹਰ ਮਹੀਨੇ ਦੇ ਦੂਜੇ ਅਤੇ ਚੌਥੇ ਐਤਵਾਰ ਨੂੰ ਦੁਪਹਿਰ 12 ਵਜੇ ਤੋਂ 2 ਵਜੇ ਤੱਕ ਸਿੱਧੀਵਿਨਾਇਕ ਮੰਦਰ, ਰਾਣੀ ਦਾ ਬਾਗ ਵਿੱਚ ਕਮੇਟੀ ਦੀਆਂ ਸੇਵਾਵਾਂ ਦਾ ਲਾਭ ਲਿਆ ਜਾ ਸਕਦਾ ਹੈ।

ਸੰਤ ਕਬੀਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਪਿੰਡ ਬਖਤਪੁਰ, ਗੁਰਦਾਸਪੁਰ ਵਿਖੇ ਇੱਕ ਨਸ਼ਾ ਜਾਗਰੂਕਤਾ ਅਤੇ ਰੋਕਥਾਮ ਭਾਸ਼ਣ

ਗੁਰਦਾਸਪੁਰ, 26 ਮਈ (ਗੁਲਸ਼ਨ ਕੁਮਾਰ ਰਣੀਆਂ) ਨੌਜਵਾਨਾਂ ਵਿੱਚ ਨਸ਼ੇ ਦੀ ਦੁਰਵਰਤੋਂ ਦੀ ਵੱਧ ਰਹੀ ਚਿੰਤਾ ਨੂੰ ਦੂਰ ਕਰਨ ਲਈ, ਪੰਜਾਬ ਰਾਜ ਇੰਸਟੀਚਿਊਟ ਐਂਡ ਰੀਹੈਬਲੀਟੇਸ਼ਨ ਸੈਂਟਰ ਫਾਰ ਐਡਿਕਸ਼ਨ ਗੁਰਦਾਸਪੁਰ ਨੇ ਸ਼੍ਰੀ ਸ਼ਿਵ ਦੁਲਾਰ ਸਿੰਘ ਢਿੱਲੋਂ, ਸਕੱਤਰ, ਇੰਡੀਅਨ ਰੈੱਡ ਕਰਾਸ ਸੋਸਾਇਟੀ, ਪੰਜਾਬ ਰਾਜ ਸ਼ਾਖਾ ਚੰਡੀਗੜ੍ਹ ਦੀ ਅਗਵਾਈ ਹੇਠ, ਸੰਤ ਕਬੀਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਪਿੰਡ ਬਖਤਪੁਰ, ਗੁਰਦਾਸਪੁਰ ਵਿਖੇ ਇੱਕ ਨਸ਼ਾ ਜਾਗਰੂਕਤਾ ਅਤੇ ਰੋਕਥਾਮ ਭਾਸ਼ਣ ਕਰਵਾਇਆ ਗਿਆ।ਇਸ ਪਹਿਲਕਦਮੀ ਦਾ ਉਦੇਸ਼ ਵਿਦਿਆਰਥੀਆਂ ਨੂੰ ਨਸ਼ੇ ਦੀ ਦੁਰਵਰਤੋਂ ਦੇ ਦੁਰਪ੍ਰਭਾਵਾਂ ਬਾਰੇ ਪ੍ਰੇਰਿਤ ਕਰਨਾ ਸੀ।ਪ੍ਰੋਗਰਾਮ ਦੀ ਅਗਵਾਈ ਪ੍ਰਿੰਸੀਪਲ ਐਸ ਬੀ ਨਾਇਰ, ਪ੍ਰਬੰਧਨ ਕਮੇਟੀ ਦੇ ਮੈਂਬਰਾਂ ਨੇ ਕੀਤੀ ਅਤੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ/ਅਧਿਆਪਕਾਂ ਦੀ ਇੱਕ ਵੱਡੀ ਗਿਣਤੀ ਨੇ ਸ਼ਿਰਕਤ ਕੀਤੀ।ਸਮਾਗਮ ਦੌਰਾਨ ਪ੍ਰੋਗਰਾਮ ਦਾ ਸੰਚਾਲਨ ਕਰਦੇ ਹੋਏ, ਰਘਬੀਰ ਸਿੰਘ, ਸ੍ਰੀਮਤੀ ਕੋਮਲਪ੍ਰੀਤ ਕੌਰ ਅਤੇ ਸ੍ਰੀਮਤੀ ਆਭਾ ਸ਼ਰਮਾ ਦੀ ਟੀਮ ਆਈਆਰਸੀਐਸ ਗੁਰਦਾਸਪੁਰ ਨੇ ਨਸ਼ੇ ਦੀ ਲਤ ਦੇ ਕਾਰਨਾਂ ਅਤੇ ਪ੍ਰਭਾਵਾਂ ਨੂੰ ਉਜਾਗਰ ਕਰਦੇ ਹੋਏ ਇੱਕ ਸੰਖੇਪ ਪ੍ਰਭਾਵਸ਼ਾਲੀ ਭਾਸ਼ਣ ਦਿੱਤਾ।ਉਨ੍ਹਾਂ ਨੇ ਨਸ਼ੇ ਦੀ ਦੁਰਵਰਤੋਂ ਦੇ ਲੱਛਣਾਂ ਅਤੇ ਸ਼ੁਰੂਆਤੀ ਦਖਲਅੰਦਾਜ਼ੀ ਅਤੇ ਸਹਾਇਤਾ ਪ੍ਰਣਾਲੀਆਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਹ ਵੀ ਪ੍ਰੇਰਿਤ ਕੀਤਾ ਕਿ ਉਹ ਆਪਣੀ ਜ਼ਿੰਦਗੀ ਵਿੱਚ ਕਿਸੇ ਵੀ ਤਰ੍ਹਾਂ ਦੇ ਨਸ਼ੇ ਦੀ ਵਰਤੋਂ ਨਾ ਕਰਨ ਕਿਉਂਕਿ ਜਿੰਨਾ ਜ਼ਿਆਦਾ ਤੁਸੀਂ ਨਸ਼ਿਆਂ ਦੀ ਵਰਤੋਂ ਕਰੋਗੇ, ਓਨਾ ਹੀ ਘੱਟ ਤੁਸੀਂ ਜੀਓਗੇ।ਸਕੂਲ ਦੇ ਪ੍ਰਬੰਧਨ ਨੇ ਕੇਂਦਰ ਦੇ ਇਸ ਕਦਮ ਦੀ ਬਹੁਤ ਸ਼ਲਾਘਾ ਕੀਤੀ, ਸਹੁੰ ਚੁੱਕਦੇ ਸਮੇਂ, ਵਿਦਿਆਰਥੀਆਂ ਨੇ ਆਪਣੇ ਜੀਵਨ ਵਿੱਚ ਕਿਸੇ ਵੀ ਤਰ੍ਹਾਂ ਦੇ ਨਸ਼ੇ ਨੂੰ ਨਾ ਛੂਹਣ ਅਤੇ ਐਨਐਸਐਸ ਦੇ ਰਾਜਦੂਤ ਬਣਨ ਦੀ ਸਹੁੰ ਚੁੱਕੀ। ਲਾਭਪਾਤਰੀਆਂ ਦੀ ਕੁੱਲ ਗਿਣਤੀ 250 ਸੀ।

'ਮੇਰਾ ਘਰ, ਮੇਰਾ ਹੱਕ' ਯੋਜਨਾ: ਪਿੰਡ ਰੈਲ ਮਾਜਰਾ ਵਿਖੇ ਲਾਲ ਲਕੀਰ ਅੰਦਰਲੇ ਘਰਾਂ ਦੇ ਮਾਲਕਾਨਾ ਹੱਕਾਂ ਲਈ ਮਾਲ ਮਹਿਕਮੇ ਵੱਲੋਂ ਸਰਵੇ ਸ਼ੁਰੂ

ਬਲਾਚੌਰ, 26 ਮਈ (ਤਜਿੰਦਰ ਜੋਤ) ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਅਸਲ ਮਾਲਕਾਨਾ ਹੱਕ ਦਿਵਾਉਣ ਲਈ ਸ਼ੁਰੂ ਕੀਤੀ ਗਈ ਵਿਸ਼ੇਸ਼ ਮੁਹਿੰਮ 'ਮੇਰਾ ਘਰ, ਮੇਰਾ ਹੱਕ' ਤਹਿਤ ਅੱਜ ਪਿੰਡ ਰੈਲ ਮਾਜਰਾ ਵਿਖੇ ਮਾਲ ਮਹਿਕਮੇ ਦੀ ਟੀਮ ਵੱਲੋਂ ਵਿਸ਼ੇਸ਼ ਸਰਵੇਖਣ ਕੀਤਾ ਗਿਆ।ਇਸ ਸਰਵੇ ਦੌਰਾਨ ਮਾਲ ਮਹਿਕਮੇ ਦੇ ਉੱਚ ਅਧਿਕਾਰੀਆਂ ਅਤੇ ਪਟਵਾਰੀਆਂ ਦੀ ਅਗਵਾਈ ਵਿੱਚ ਪਿੰਡ ਦੀ 'ਲਾਲ ਲਕੀਰ' ਦੇ ਅੰਦਰ ਆਉਂਦੇ ਘਰਾਂ ਦੀ ਨਿਸ਼ਾਨਦੇਹੀ ਅਤੇ ਡਰੋਨ/ਡਿਜੀਟਲ ਮੈਪਿੰਗ ਪ੍ਰਕਿਰਿਆ ਨੂੰ ਅੱਗੇ ਵਧਾਇਆ ਗਿਆ। ਇਸ ਮੌਕੇ ਮਾਲ ਮਹਿਕਮੇ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਸਰਵੇ ਦਾ ਮੁੱਖ ਮਕਸਦ ਸਾਲਾਂ ਤੋਂ ਲਾਲ ਲਕੀਰ ਅੰਦਰ ਰਹਿ ਰਹੇ ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਉਨ੍ਹਾਂ ਦੀ ਜਾਇਦਾਦ ਦੇ ਕਾਨੂੰਨੀ ਦਸਤਾਵੇਜ਼ ਮੁਹੱਈਆ ਕਰਵਾਉਣਾ ਹੈ।ਇਸ ਯੋਜਨਾ ਦੇ ਮੁਕੰਮਲ ਹੋਣ ਨਾਲ ਪਿੰਡ ਵਾਸੀਆਂ ਨੂੰ ਉਨ੍ਹਾਂ ਦੇ ਘਰਾਂ ਦਾ ਮਾਲਕਾਨਾ ਹੱਕ ਮਿਲੇਗਾ, ਜਿਸ ਨਾਲ ਉਹ ਆਪਣੇ ਘਰਾਂ ਤੇ ਬੈਂਕ ਲੋਨ ਲੈ ਸਕਣਗੇ ਅਤੇ ਜਗ੍ਹਾ ਸਬੰਧੀ ਚੱਲਦੇ ਆਪਸੀ ਝਗੜਿਆਂ ਦਾ ਵੀ ਹਮੇਸ਼ਾ ਲਈ ਖ਼ਾਤਮਾ ਹੋਵੇਗਾ।ਇਸ ਸਰਵੇਖਣ ਦੌਰਾਨ ਮਾਲ ਵਿਭਾਗ ਦੀ ਟੀਮ ਨੂੰ ਪਿੰਡ ਵਾਸੀਆਂ ਵੱਲੋਂ ਪੂਰਨ ਸਹਿਯੋਗ ਦਿੱਤਾ ਗਿਆ। ਇਸ ਮੌਕੇ ਸਾਬਕਾ ਸਰਪੰਚ ਦੌਲਤ ਰਾਮ, ਨੰਬਰਦਾਰ ਰਾਮ ਕੁਮਾਰ, ਪਟਵਾਰੀ ਮਨਿੰਦਰ ਸਿੰਘ, ਸਮਾਜਸੇਵੀ ਸੰਤਪਾਲ ਸਿੱਧੂ, ਸੁਖਵਿੰਦਰ ਬਿੰਦੀ, ਫਕੀਰ ਸਿੰਘ, ਕੁਲਦੀਪ ਸਿੰਘ, ਮਾਸਟਰ ਬੇਰ ਜੰਗ ਰਾਣਾ, ਪ੍ਰਵੀਨ ਕੁਮਾਰ, ਚੌਕੀਦਾਰ ਸੁਰਜੀਤ ਸਿੰਘ, ਮੋਹਨ ਲਾਲ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ। ਹਾਜ਼ਰ ਪਤਵੰਤੇ ਸੱਜਣਾਂ ਅਤੇ ਪੰਚਾਇਤ ਮੈਂਬਰਾਂ ਨੇ ਪੰਜਾਬ ਸਰਕਾਰ ਦੇ ਇਸ ਲੋਕ-ਪੱਖੀ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

ਮਾਨ ਸਰਕਾਰ ਵੱਲੋਂ ਪਿੰਡ ਰੈਲ ਦੇ ਲੋੜਵੰਦਾਂ ਨੂੰ ਸਰਕਾਰੀ ਰਾਸ਼ਨ ਕਿੱਟਾਂ ਦੀ ਵੰਡ; ਹੁਣ ਤੱਕ 325 ਲਾਭਪਾਤਰੀਆਂ ਨੂੰ ਮਿਲਿਆ ਫਾਇਦਾ

ਬਲਾਚੌਰ 26 ਮਈ (ਤਜਿੰਦਰ ਜੋਤ) ਪੰਜਾਬ ਦੀ ਭਗਵੰਤ ਮਾਨ ਸਰਕਾਰ ਦੁਆਰਾ ਗਰੀਬ ਅਤੇ ਲੋੜਵੰਦ ਲੋਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਤਹਿਤ ਪਿੰਡ ਰੈਲ ਵਿਖੇ ਵਿਸ਼ੇਸ਼ ਰਾਸ਼ਨ ਕਿੱਟਾਂ ਦੀ ਵੰਡ ਕੀਤੀ ਗਈ। ਪਿੰਡ ਦੇ ਡੀਪੂ ਹੋਲਡਰ ਸੰਦੀਪ ਕੁਮਾਰ ਵੱਲੋਂ ਇਹ ਕਿੱਟਾਂ ਲਾਭਪਾਤਰੀਆਂ ਨੂੰ ਬੜੇ ਹੀ ਪਾਰਦਰਸ਼ੀ ਤਰੀਕੇ ਨਾਲ ਤਕਸੀਮ ਕੀਤੀਆਂ ਗਈਆਂ। ਇਸ ਮੁਹਿੰਮ ਦੇ ਤਹਿਤ ਹੁਣ ਤੱਕ ਇਲਾਕੇ ਦੇ ਲੋੜਵੰਦ ਪਰਿਵਾਰਾਂ ਨੂੰ 325 ਕਿੱਟਾਂ ਵੰਡੀਆਂ ਜਾ ਚੁੱਕੀਆਂ ਹਨ।ਕਿੱਟਾਂ ਵਿੱਚ ਸ਼ਾਮਲ ਰੋਜ਼ਾਨਾ ਵਰਤੋਂ ਦੀਆਂ ਉੱਚ-ਗੁਣਵੱਤਾ ਵਸਤੂਆਂ ਸਰਕਾਰ ਵੱਲੋਂ ਭੇਜੀ ਗਈ ਇਸ ਵਿਸ਼ੇਸ਼ ਰਾਸ਼ਨ ਕਿੱਟ ਵਿੱਚ ਗਰੀਬ ਪਰਿਵਾਰਾਂ ਦੀ ਰੋਜ਼ਾਨਾ ਰਸੋਈ ਦੀ ਵਰਤੋਂ ਵਾਲੀਆਂ ਹੇਠ ਲਿਖੀਆਂ ਮਿਆਰੀ ਵਸਤੂਆਂ ਸ਼ਾਮਲ ਹਨ, ਜੋ ਸਿੱਧੇ ਤੌਰ ਤੇ ਉਨ੍ਹਾਂ ਤੱਕ ਪਹੁੰਚਾਈਆਂ ਗਈਆਂ,ਚਨਾ ਦਾਲ 2 ਕਿਲੋ, ਚੀਨੀ 2 ਕਿਲੋ,ਨਮਕ 1 ਕਿਲੋ,ਹਲਦੀ ਪਾਊਡਰ 200 ਗ੍ਰਾਮ, ਸਰ੍ਹੋਂ ਦਾ ਤੇਲ 1 ਲੀਟਰਇਸ ਮੌਕੇ ਰਾਸ਼ਨ ਕਿੱਟਾਂ ਹਾਸਲ ਕਰਨ ਵਾਲੇ ਲਾਭਪਾਤਰੀਆਂ ਅਤੇ ਪਿੰਡ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮਿਲਣ ਵਾਲੀਆਂ ਇਹ ਸਹੂਲਤਾਂ ਬਿਨਾਂ ਕਿਸੇ ਪੱਖਪਾਤ ਦੇ ਬਿਲਕੁਲ ਸਹੀ ਸਮੇਂ ਤੇ ਸਿੱਧੇ ਲੋੜਵੰਦ ਤੱਕ ਪਹੁੰਚ ਰਹੀਆਂ ਹਨ, ਜਿਸ ਨਾਲ ਆਮ ਲੋਕਾਂ ਨੂੰ ਵੱਡੀ ਆਰਥਿਕ ਰਾਹਤ ਮਿਲੀ ਹੈ।ਇਸ ਮੌਕੇ ਰਾਸ਼ਨ ਵੰਡਣ ਦੀ ਇਸ ਪ੍ਰਕਿਰਿਆ ਦੌਰਾਨ ਡੀਪੂ ਹੋਲਡਰ ਸੰਦੀਪ ਕੁਮਾਰ ਨਾਲ ਸੰਦੀਪ ਰਾਣਾ, ਪਵਨ ਰਾਣਾ, ਜਗਤਾਰ ਖਾਨ, ਪੰਚ ਬਹਾਦਰ ਖਾਨ, ਸੁਮੋਧ ਗਿਰੀ, ਸੰਨੀ ਰਾਣਾ, ਰਵੀ ਕੁਮਾਰ ਅਤੇ ਮੰਗੂ ਪੰਡਿਤ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਮਹਿੰਗਰੋਵਾਲ ਚੋਅ ਤੇ ਪੁਲ ਦਾ ਨਿਰਮਾਣ ਸ਼ੁਰੂ, ਹਲਕਾ ਵਾਸੀਆਂ ਲਈ ਮਸੀਹਾ ਬਣੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ: ਪ੍ਰਮਿੰਦਰ ਸਾਗਰ

ਹੁਸ਼ਿਆਰਪੁਰ 26 ਮਈ (ਪਰਮਿੰਦਰ ਘੁੰਮਣ) ਸ਼ਹੀਦ ਭਗਤ ਸਿੰਘ ਸੈਨਾਂ ਦੇ ਜ਼ਿਲ੍ਹਾ ਪ੍ਰਧਾਨ ਪ੍ਰਮਿੰਦਰ ਸਾਗਰ ਨੇ ਦੱਸਿਆ ਕਿ ਹਲਕਾ ਸ਼ਾਮਚੁਰਾਸੀ ਦੇ ਵਿਧਾਇਕ ਅਤੇ ਮੰਤਰੀ ਪੰਜਾਬ ਸਰਕਾਰ ਡਾ. ਰਵਜੋਤ ਸਿੰਘ ਆਪਣੇ ਹਲਕੇ ਦੇ ਲੋਕਾਂ ਲਈ ਕਿਸੇ ਮਸੀਹਾ ਤੋਂ ਘੱਟ ਨਹੀਂ ਹਨ। ਮਹਿੰਗਰੋਵਾਲ ਤੇ ਹੋਰ ਵੀ ਕਈ ਪਿੰਡਾਂ ਦੇ ਲੋਕਾਂ ਵਲੋਂ ਪੁਲ ਬਣਾਉਣ ਦੀ ਮੰਗ ਬਹੁਤ ਦੇਰ ਤੋਂ ਕੀਤੀ ਜਾ ਰਹੀ ਸੀ ਪਰ ਕਦੇ ਵੀ ਕਿਸੇ ਵੀ ਸਰਕਾਰ ਜਾਂ ਵਿਧਾਇਕ ਨੇ ਉਹਨਾਂ ਲੋਕਾਂ ਦੀ ਨਹੀਂ ਸੁਣੀ । ਡਾ. ਰਵਜੋਤ ਸਿੰਘ ਨੇ ਕੰਢੀ ਦੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਮੈਨੂੰ ਇਕ ਵਾਰ ਮੌਕਾ ਦਿਉ ਸਭ ਤੋਂ ਪਹਿਲਾਂ ਇਸ ਚੋਅ ਤੇ ਪੁਲ ਹੀ ਬਣਾਵਾਂਗਾ। ਸਾਗਰ ਨੇ ਦੱਸਿਆ ਕਿ ਅੱਜ ਮੈਨੂੰ ਮਹਿੰਗਰੋਵਾਲ ਜਾਣ ਦਾ ਮੌਕਾ ਮਿਲਿਆ ਤਾਂ ਚੋਅ ਵਿਚ ਪੁਲ ਨੂੰ ਬਣਦਾ ਦੇਖ ਮੈਨੂੰ ਬਹੁਤ ਖੁਸ਼ੀ ਹੋਈ। ਲੋਕਾਂ ਨਾਲ ਗੱਲ- ਬਾਤ ਕਿਤੀ ਤੇ ਲੋਕਾਂ ਨੇ ਕਿਹਾ ਕਿ ਡਾ. ਰਵਜੋਤ ਸਿੰਘ ਸਾਡੇ ਪਿੰਡਾਂ ਲਈ ਕਿਸੇ ਮਸੀਹਾ ਤੋਂ ਘੱਟ ਨਹੀਂ ਹਨ। ਰਾਹਗੀਰਾਂ ਨੇ ਦੱਸਿਆ ਕਿ ਹੁਣ ਚੋਅ ਵਿਚ ਜਿਨ੍ਹਾਂ ਮਰਜ਼ੀ ਪਾਣੀ ਆ ਜਾਏ ਸਾਡੇ ਬੱਚੇ ਸਕੂਲ ਕਾਲਜ ਤੇ ਕੰਮ ਕਾਰ ਵਾਲੇ ਵੀ ਆਪਣੇ ਕਾਰੋਬਾਰ ਤੇ ਜਾ ਸਕਣਗੇ, ਹੁਣ ਲੋਕਾਂ ਨੂੰ ਆਉਂਣ ਜਾਣ ਵਿੱਚ ਕੋਈ ਵੀ ਮੁਸ਼ਕਲ ਨਹੀਂ ਹੋਵੇਗੀ। ਇਹ ਪੁਲ ਜਲਦੀ ਹੀ ਕੁੱਝ ਮਹੀਨਿਆਂ ਵਿੱਚ ਤਿਆਰ ਹੋ ਜਾਵੇਗਾ । ਇਸ ਮੌਕੇ ਪਰਸ਼ੋਤਮ ਲਾਡਾ ਵੀ ਮੌਜੂਦ ਸੀ

ਮਾਸੂਮ ਦਿਲਾਂ ਦੀ ਵੱਡੀ ਸੋਚ: ਤਪਦੀ ਗਰਮੀ ਵਿੱਚ ਪਿੰਡ ਟੌਂਸਾ ਦੇ ਬੱਚਿਆਂ ਨੇ ਲਗਾਈ ਠੰਢੇ-ਮਿੱਠੇ ਜਲ ਦੀ ਛਬੀਲ

ਬਲਾਚੌਰ 26 ਮਈ (ਤਜਿੰਦਰ ਜੋਤ) ਅਸਮਾਨੋਂ ਵਰ੍ਹਦੀ ਅੱਗ ਅਤੇ ਹੱਡ-ਭੰਨਵੀਂ ਗਰਮੀ ਦੇ ਇਸ ਕਹਿਰ ਦਰਮਿਆਨ, ਜਿੱਥੇ ਹਰ ਕੋਈ ਆਪਣੇ ਘਰਾਂ ਅੰਦਰ ਰਹਿਣ ਨੂੰ ਤਰਜੀਹ ਦੇ ਰਿਹਾ ਹੈ, ਉੱਥੇ ਹੀ ਪਿੰਡ ਟੌਂਸਾ ਦੇ ਛੋਟੇ-ਛੋਟੇ ਬੱਚਿਆਂ ਨੇ ਇਨਸਾਨੀਅਤ ਅਤੇ ਸੇਵਾ ਦੀ ਇੱਕ ਅਜਿਹੀ ਮਿਸਾਲ ਪੇਸ਼ ਕੀਤੀ ਹੈ ਜਿਸ ਨੇ ਸਭ ਦਾ ਦਿਲ ਜਿੱਤ ਲਿਆ। ਪਿੰਡ ਦੇ ਇਨ੍ਹਾਂ ਮਾਸੂਮ ਬੱਚਿਆਂ ਦੁਆਰਾ ਆਉਣ-ਜਾਣ ਵਾਲੇ ਰਾਹਗੀਰਾਂ ਦੀ ਪਿਆਸ ਬੁਝਾਉਣ ਲਈ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ।ਦੁਪਹਿਰ ਦੀ ਤਪਦੀ ਧੁੱਪ ਵਿੱਚ ਲਗਾਈ ਗਈ ਇਸ ਛਬੀਲ ਦੌਰਾਨ ਬੱਚਿਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਨਿੱਕੇ-ਨਿੱਕੇ ਹੱਥਾਂ ਨਾਲ ਬੱਚੇ ਹਰ ਲੰਘਣ ਵਾਲੇ ਮੋਟਰਸਾਈਕਲ, ਗੱਡੀ ਅਤੇ ਪੈਦਲ ਰਾਹਗੀਰ ਨੂੰ ਰੋਕ-ਰੋਕ ਕੇ ਬੜੇ ਪਿਆਰ ਅਤੇ ਸਤਿਕਾਰ ਨਾਲ ਠੰਢਾ ਜਲ ਛਕਾ ਰਹੇ ਸਨ। ਇਸ ਭਿਆਨਕ ਗਰਮੀ ਵਿੱਚ ਸਫ਼ਰ ਕਰ ਰਹੇ ਲੋਕਾਂ ਲਈ ਇਹ ਛਬੀਲ ਕਿਸੇ ਵੱਡੀ ਰਾਹਤ ਤੋਂ ਘੱਟ ਨਹੀਂ ਸੀ। ਸੇਵਾ ਦੀ ਕੋਈ ਉਮਰ ਨਹੀਂ ਹੁੰਦੀ, ਸਿਰਫ਼ ਇੱਕ ਵੱਡਾ ਦਿਲ ਚਾਹੀਦਾ ਹੈ।' ਪਿੰਡ ਟੌਂਸਾ ਦੇ ਇਨ੍ਹਾਂ ਬੱਚਿਆਂ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਸਮਾਜ ਭਲਾਈ ਅਤੇ ਸੇਵਾ ਭਾਵਨਾ ਲਈ ਉਮਰ ਨਹੀਂ, ਸਗੋਂ ਉੱਚੀ ਸੋਚ ਅਤੇ ਨੇਕ ਜਜ਼ਬੇ ਦੀ ਲੋੜ ਹੁੰਦੀ ਹੈ। ਅੱਜ-ਕੱਲ੍ਹ ਦੇ ਡਿਜੀਟਲ ਦੌਰ ਵਿੱਚ, ਜਿੱਥੇ ਅਕਸਰ ਬੱਚੇ ਵੀਡੀਓ ਗੇਮਾਂ ਅਤੇ ਮੋਬਾਈਲ ਫੋਨਾਂ ਵਿੱਚ ਰੁੱਝੇ ਰਹਿੰਦੇ ਹਨ, ਉੱਥੇ ਇਨ੍ਹਾਂ ਬੱਚਿਆਂ ਦਾ ਘਰਾਂ ਤੋਂ ਬਾਹਰ ਨਿਕਲ ਕੇ ਇਸ ਤਪਦੀ ਗਰਮੀ ਵਿੱਚ ਮਾਨਵਤਾ ਦੀ ਸੇਵਾ ਕਰਨਾ ਬੇਹੱਦ ਸ਼ਲਾਘਾਯੋਗ ਹੈ।ਇਹ ਬੱਚੇ ਸਾਡੇ ਸਮਾਜ ਦਾ ਸੁਨਹਿਰੀ ਭਵਿੱਖ ਹਨ। ਇਨ੍ਹਾਂ ਦੇ ਮਨਾਂ ਵਿੱਚ ਦੂਜਿਆਂ ਪ੍ਰਤੀ ਹਮਦਰਦੀ ਅਤੇ ਸੇਵਾ ਦੀ ਜੋ ਭਾਵਨਾ ਅੱਜ ਦਿਖਾਈ ਦਿੱਤੀ ਹੈ, ਉਹ ਸਾਨੂੰ ਇਹ ਉਮੀਦ ਦਿੰਦੀ ਹੈ ਕਿ ਸਾਡਾ ਆਉਣ ਵਾਲਾ ਸਮਾਜ ਬਹੁਤ ਸੰਵੇਦਨਸ਼ੀਲ ਅਤੇ ਸੁੰਦਰ ਹੋਵੇਗਾ। ਇਨ੍ਹਾਂ ਬੱਚਿਆਂ ਦੇ ਮਾਪੇ ਅਤੇ ਪਿੰਡ ਵਾਸੀ ਵੀ ਵਧਾਈ ਦੇ ਪਾਤਰ ਹਨ, ਜਿਨ੍ਹਾਂ ਨੇ ਬੱਚਿਆਂ ਨੂੰ ਅਜਿਹੇ ਸੰਸਕਾਰ ਦਿੱਤੇ ਰਾਹਗੀਰਾਂ ਅਤੇ ਪਿੰਡ ਦੇ ਪਤਵੰਤੇ ਸੱਜਣਾਂ ਨੇ ਬੱਚਿਆਂ ਦੇ ਇਸ ਉਪਰਾਲੇ ਦੀ ਹਾਰਦਿਕ ਪ੍ਰਸ਼ੰਸਾ ਕੀਤੀ ਅਤੇ ਬੱਚਿਆਂ ਨੂੰ ਅਸੀਸਾਂ ਦੇ ਕੇ ਉਨ੍ਹਾਂ ਦਾ ਹੌਸਲਾ ਵਧਾਇਆ। ਪਿੰਡ ਵਾਸੀਆਂ ਦਾ ਕਹਿਣਾ ਸੀ ਕਿ ਇਨ੍ਹਾਂ ਨਿੱਕੇ ਬੱਚਿਆਂ ਨੇ ਅੱਜ ਵੱਡਿਆਂ ਨੂੰ ਵੀ ਸੇਵਾ ਦਾ ਮਾਰਗ ਦਿਖਾਇਆ ਹੈ।

ਬੇਸ਼ੱਕ ਪੰਜਾਬ 'ਚ ਅਕਾਲੀ ਦਲ ਕਈਂ ਹਨ, ਪਰ ਸ਼੍ਰੋਮਣੀ ਅਕਾਲੀ ਦਲ (ਬਾਦਲ) ਦਾ ਕੋਈ ਮੁਕਾਬਲਾ ਨਹੀਂ : ਗੁਰਪ੍ਰੀਤ ਗੁੱਜਰ ਰੈਲਮਾਜਰਾ



ਨਵਾਂਸ਼ਹਿਰ 26 ਮਈ (ਜਤਿੰਦਰ ਪਾਲ ਸਿੰਘ ਕਲੇਰ) ਬਲਾਚੌਰ ਤੋਂ ਸ਼੍ਰੋਮਣੀ ਅਕਾਲੀ ਦਲ (ਬ) ਸੀਨੀਅਰ ਨੌਜਵਾਨ ਆਗੂ ਗੁਰਪ੍ਰੀਤ ਗੁੱਜਰ ਰੈਲਮਾਜਰਾ ਨੇ ਮਹੱਤਵਪੂਰਨ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਬੇਸ਼ੱਕ ਪੰਜਾਬ ਅੰਦਰ ਅਕਾਲੀ ਦਲ ਕਈ ਹਨ, ਪਰ ਅਜੇ ਤੱਕ ਸ਼੍ਰੋਮਣੀ ਅਕਾਲੀ ਦਲ (ਬ) ਦਾ ਕੋਈ ਵੀ ਮੁਕਾਬਲਾ ਨਹੀਂ ਹੈ ਨਾ ਕਦੇ ਹੋ ਸਕਦਾ ਹੈ । ਗੁਰਪ੍ਰੀਤ ਗੁੱਜਰ ਰੈਲਮਾਜਰਾ ਨੇ ਜ਼ੋਰ ਦੇ ਕਿਹਾ, ਬੇਸ਼ੱਕ ਅੱਜ ਪੰਜਾਬ ਅੰਦਰ ਕਈ ਅਕਾਲੀ ਦਲ ਹਨ, ਪਰ ਅਜੇ ਤੱਕ ਸ਼੍ਰੋਮਣੀ ਅਕਾਲੀ ਦਲ (ਬ) ਦੇ ਮੁਕਾਬਲੇ ਵਿਚ ਕੋਈ ਨਹੀਂ ਹੈ, ਜਿਹੜਾ ਚੋਣਾਂ ਵਿੱਚ ਇਸਨੂੰ ਹਰਾਕੇ ਜਿੱਤ ਪ੍ਰਾਪਤ ਕਰ ਸਕੇ। ਉਨ੍ਹਾਂ ਕਿਹਾ ਕਿ ਬਾਕੀ ਅਕਾਲੀ ਦਲਾਂ ਦਾ ਪ੍ਰਚਾਰ ਸਿਰਫ ਅਕਾਲੀ ਦਲ ਬਾਦਲ ਨੂੰ ਨੁਕਸਾਨ ਪਹੁੰਚਾਉਣ ਅਤੇ ਆਪ, ਕਾਂਗਰਸ ਤੇ ਭਾਜਪਾ ਨੂੰ ਲਾਭ ਪਹੁੰਚਾਣ ਤੱਕ ਸੀਮਿਤ ਹੈ। ਪਰ ਹੁਣ ਪੰਥਕ ਲੋਕ ਇਸ ਗੱਲ ਬੇਸ਼ੱਕ ਪੰਜਾਬ ਚ ਅਕਾਲੀ ਦਲ ਕਈਂ, ਪਰ ਬਾਦਲ ਦਾ ਕੋਈ ਮੁਕਾਬਲਾ ਨਹੀਂ ਹੈ। ਉਨ੍ਹਾਂ ਜ਼ੋਰ ਦੇ ਕਿਹਾ, ਬੇਸ਼ੱਕ ਅੱਜ ਪੰਜਾਬ ਅੰਦਰ ਕਈ ਅਕਾਲੀ ਦਲ ਹਨ, ਪਰ ਅਜੇ ਤੱਕ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਮੁਕਾਬਲੇ ਵਿਚ ਕੋਈ ਨਹੀਂ ਹੈ, ਜਿਹੜਾ ਚੋਣਾਂ ਵਿੱਚ ਇਸਨੂੰ ਹਰਾਕੇ ਜਿੱਤ ਪ੍ਰਾਪਤ ਕਰ ਸਕੇ। ਉਨ੍ਹਾਂ ਕਿਹਾ ਕਿ ਬਾਕੀ ਦਲਾਂ ਦਾ ਪ੍ਰਚਾਰ ਸਿਰਫ ਅਕਾਲੀ ਦਲ ਬਾਦਲ ਨੂੰ ਨੁਕਸਾਨ ਪਹੁੰਚਾਉਣ ਅਤੇ ਆਪ, ਕਾਂਗਰਸ ਤੇ ਭਾਜਪਾ ਨੂੰ ਲਾਭਦੇਣ ਤੱਕ ਸੀਮਿਤ ਹੈ। ਪਰ ਹੁਣ ਪੰਜਾਬ ਦੇ ਵੋਟਰ ਇਸ ਗੱਲ ਨੂੰ ਭਲੀ ਭਾਂਤ ਸਮਝ ਚੁੱਕੇ ਹਨ, ਉਹ ਹੋਰ ਕਿਸੇ ਅਕਾਲੀ ਦਲ ਨੂੰ ਆਪਣਾ ਵੋਟ ਨਹੀਂ ਦੇਣਗੇ। ਗੁਰਪ੍ਰੀਤ ਗੁੱਜਰ ਨੇ ਦਾਅਵਾ ਕੀਤਾ ਹੈ, ਕਿ 2027 ਪੰਜਾਬ ਵਿੱਚ ਆ ਰਹੀਆਂ ਵਿਧਾਨ ਸਭਾ ਚੋਣਾਂ ਵਿੱਚ ਆਉਣ ਵਾਲੀ ਸਰਕਾਰ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਪੰਥਕ ਸਰਕਾਰ ਦਾ ਬਣਨਾ ਤਹਿ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਵੀ ਸੁਪਨਿਆਂ ਵਿੱਚ ਹੀ ਸਿਰਫ ਬਾਦਲ ਪਰਿਵਾਰ ਅਤੇ ਮਜੀਠੀਆਂ ਹੀ ਦਿਸਦਾ ਹੈ, ।ਉਨਾਂ ਕਿਹਾ ਕਿ ਸਭ ਲੋਕ ਭਲੀ ਭਾਂਤ ਸਮਝ ਚੁੱਕੇ ਹਨ, ਉਹ ਹੋਰ ਕਿਸੇ ਅਕਾਲੀ ਦਲ ਨੂੰ ਆਪਣਾ ਵੋਟ ਨਹੀਂ ਦੇਣਗੇ ਸਿਰਫ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਹੀ ਦੇਣਗੇ । ਗੁਰਪ੍ਰੀਤ ਗੁੱਜਰ ਨੇ ਦਾਅਵਾ ਕੀਤਾ ਹੈ, ਕਿ ਪੰਜਾਬ ਵਿੱਚ ਆਉਣ ਵਾਲੀ ਸਰਕਾਰ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਪੰਥਕ ਸਰਕਾਰ ਹੀ ਹੋਵੇਗੀ

ਹੁਸ਼ਿਆਰਪੁਰ 'ਚ ਖੇਡ ਸਮਾਰੋਹ: ਖਿਡਾਰੀਆਂ ਨੂੰ ਵੰਡੀ 12 ਲੱਖ ਦੀ ਆਧੁਨਿਕ ਖੇਡ ਸਮੱਗਰੀ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕੀਤੀ ਮੁੱਖ ਮਹਿਮਾਨ ਵਜੋਂ ਸ਼ਿਰਕਤ



ਹੁਸ਼ਿਆਰਪੁਰ 26 ਮਈ (ਪਰਮਿੰਦਰ ਘੁੰਮਣ) ਪੰਜਾਬ ਵਿੱਚ ਖੇਡ ਸਭਿਆਚਾਰ ਨੂੰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਪ੍ਰੇਰਿਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਲ ਕਰਦਿਆਂ ਸਥਾਨਕ ਮਲਟੀ ਪਰਪਜ਼ ਆਊਟਡੋਰ ਸਟੇਡੀਅਮ, ਹੁਸ਼ਿਆਰਪੁਰ ਵਿੱਚ ਇੱਕ ਭਵਿਆ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਰੋਹ ਵਿੱਚ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਪੋਰਟਸ ਵਿੰਗ ਵਿੱਚ ਸਿਖਲਾਈ ਪ੍ਰਾਪਤ ਕਰ ਰਹੇ ਰਿਹਾਇਸ਼ੀ ਅਤੇ ਡੇ-ਸਕਾਲਰ ਖਿਡਾਰੀਆਂ ਲਈ ਲਗਭਗ 12 ਲੱਖ ਰੁਪਏ ਦੀ ਆਧੁਨਿਕ ਖੇਡ ਸਮੱਗਰੀ ਵੰਡੀ ਗਈ। ਸਮਾਰੋਹ ਵਿੱਚ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ, ਖੇਡ ਕੋਚਾਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਵਿਸ਼ੇਸ਼ ਹਾਜ਼ਰੀ ਰਹੀ। ਖਿਡਾਰੀਆਂ ਨੂੰ ਬਾਸਕਟਬਾਲ ਪੋਲ, ਤੈਰਾਕੀ ਸਾਮਾਨ, ਵਾਲੀਬਾਲ, ਫੁੱਟਬਾਲ, ਬਾਕਸਿੰਗ, ਫੈਂਸਿੰਗ, ਬੈਡਮਿੰਟਨ ਸਮੇਤ ਵੱਖ-ਵੱਖ ਖੇਡਾਂ ਨਾਲ ਸੰਬੰਧਿਤ ਅਤਿਆਧੁਨਿਕ ਸਮੱਗਰੀ ਮੁਹੱਈਆ ਕਰਵਾਈ ਗਈ। ਖਿਡਾਰੀਆਂ ਨੇ ਇਸ ਪਹਲ ਦਾ ਸਵਾਗਤ ਕਰਦਿਆਂ ਕਿਹਾ ਕਿ ਆਧੁਨਿਕ ਖੇਡ ਸਮੱਗਰੀ ਮਿਲਣ ਨਾਲ ਉਨ੍ਹਾਂ ਦੇ ਅਭਿਆਸ ਦੇ ਪੱਧਰ ਵਿੱਚ ਸੁਧਾਰ ਹੋਵੇਗਾ ਅਤੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਦਾ ਉਤਸ਼ਾਹ ਵਧੇਗਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਦੀ ਅਗਵਾਈ ਹੇਠ ਸੂਬੇ ਵਿੱਚ ਖੇਡ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਵੱਲ ਆਕਰਸ਼ਿਤ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ। ਸਰਕਾਰ ਦਾ ਮੁੱਖ ਉਦੇਸ਼ ਖਿਡਾਰੀਆਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ, ਤਾਂ ਜੋ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਦੇ ਪ੍ਰਤਿਭਾਸ਼ਾਲੀ ਖਿਡਾਰੀ ਆਪਣੀ ਪ੍ਰਤਿਭਾ ਨੂੰ ਹੋਰ ਨਿਖਾਰ ਸਕਣ ਅਤੇ ਵੱਡੇ ਮੰਚਾਂ ਤੱਕ ਪਹੁੰਚ ਸਕਣ। ਉਨ੍ਹਾਂ ਕਿਹਾ, ਖਿਡਾਰੀ ਕਿਸੇ ਵੀ ਜ਼ਿਲ੍ਹੇ ਅਤੇ ਸੂਬੇ ਦੀ ਪਹਿਚਾਣ ਹੁੰਦੇ ਹਨ। ਸਰਕਾਰ ਦੀ ਤਰਜੀਹ ਹੈ ਕਿ ਸਿਖਲਾਈ ਦੌਰਾਨ ਖਿਡਾਰੀਆਂ ਨੂੰ ਕਿਸੇ ਕਿਸਮ ਦੀ ਕਮੀ ਮਹਿਸੂਸ ਨਾ ਹੋਵੇ। ਆਧੁਨਿਕ ਖੇਡ ਸਮੱਗਰੀ ਅਤੇ ਬਿਹਤਰ ਸਹੂਲਤਾਂ ਰਾਹੀਂ ਖਿਡਾਰੀਆਂ ਨੂੰ ਅੱਗੇ ਵਧਣ ਲਈ ਉਚਿਤ ਮਾਹੌਲ ਮੁਹੱਈਆ ਕਰਵਾਇਆ ਜਾ ਰਿਹਾ ਹੈ। ਹੁਸ਼ਿਆਰਪੁਰ ਦੇ ਖਿਡਾਰੀ ਰਾਸ਼ਟਰੀ ਪੱਧਰ 'ਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕਰ ਰਹੇ ਹਨ, ਜੋ ਸਾਡੇ ਸਾਰਿਆਂ ਲਈ ਮਾਣ ਵਾਲੀ ਗੱਲ ਹੈ।' ਇਸ ਵੇਲੇ ਖੇਡ ਸਮੱਗਰੀ ਦਾ ਲਗਭਗ 50 ਫੀਸਦੀ ਹਿੱਸਾ ਉਪਲਬਧ ਕਰਵਾ ਦਿੱਤਾ ਗਿਆ ਹੈ, ਜਦਕਿ ਬਾਕੀ ਲੋੜੀਂਦੀ ਸਮੱਗਰੀ ਵੀ ਜਲਦ ਹੀ ਖਿਡਾਰੀਆਂ ਨੂੰ ਪ੍ਰਦਾਨ ਕਰ ਦਿੱਤੀ ਜਾਵੇਗੀ। ਉਨ੍ਹਾਂ ਖਿਡਾਰੀਆਂ ਨੂੰ ਅਨੁਸ਼ਾਸਨ, ਮਿਹਨਤ ਅਤੇ ਸਮਰਪਣ ਨਾਲ ਖੇਡਾਂ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਲਗਾਤਾਰ ਕੋਸ਼ਿਸ਼ ਅਤੇ ਦ੍ਰਿੜ ਇੱਛਾ ਸ਼ਕਤੀ ਹੀ ਸਫਲਤਾ ਦੀ ਕੁੰਜੀ ਹੈ। ਜ਼ਿਲ੍ਹਾ ਖੇਡ ਅਧਿਕਾਰੀ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਦੇ ਵਿਸ਼ੇਸ਼ ਯਤਨਾਂ ਸਦਕਾ ਖਿਡਾਰੀਆਂ ਲਈ ਇਹ ਖੇਡ ਸਮੱਗਰੀ ਉਪਲਬਧ ਹੋ ਸਕੀ ਹੈ। ਸਟੇਡੀਅਮ ਵਿੱਚ ਸਿਖਲਾਈ ਲੈ ਰਹੇ ਖਿਡਾਰੀਆਂ ਨੂੰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਿਭਾਗ ਲਗਾਤਾਰ ਕੰਮ ਕਰ ਰਿਹਾ ਹੈ, ਤਾਂ ਜੋ ਜ਼ਿਲ੍ਹੇ ਦੇ ਖਿਡਾਰੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰ ਸਕਣ। ਇਸ ਮੌਕੇ ਕਿਕਬਾਕਸਿੰਗ ਦਾ ਇੱਕ ਫ੍ਰੈਂਡਲੀ ਮੈਚ ਵੀ ਕਰਵਾਇਆ ਗਿਆ। ਸਮਾਰੋਹ ਵਿੱਚ ਬਲਵੀਰ ਸਿੰਘ ਝੱਜ, ਨਿਤਿਸ਼ ਠਾਕੁਰ, ਅਮਨਦੀਪ ਕੌਰ, ਯੋਗੀ, ਰੇਖਾ, ਅਰਸ਼ਦੀਪ ਕੌਰ, ਜਸਪ੍ਰੀਤ, ਮਨਪ੍ਰੀਤ, ਸੁਰਿੰਦਰ ਕੌਰ, ਸਰਬਜੀਤ, ਮੋਨਿਕਾ, ਵਿਸ਼ਾਲ, ਹਰਜਿੰਦਰ, ਰਜਨੀਸ਼ ਕੁਮਾਰ ਗੁਲਿਆਨੀ ਅਤੇ ਜਸਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖਿਡਾਰੀਆਂ ਦੇ ਮਾਪੇ ਹਾਜ਼ਰ ਸਨ। ਮੰਚ ਸੰਚਾਲਨ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪ੍ਰੀਤ ਕੋਹਲੀ ਵੱਲੋਂ ਕੀਤਾ ਗਿਆ।

ਚੋਣ ਆਬਜ਼ਰਵਰ ਰਾਕੇਸ਼ ਕੁਮਾਰ ਪੋਪਲੀ ਵੱਲੋਂ ਬਟਾਲਾ ਵਿਖੇ ਪੋਲਿੰਗ ਕੇਂਦਰਾਂ ਦਾ ਦੌਰਾ



ਬਟਾਲਾ, 26 ਮਈ (ਸੰਜੀਵ ਨਈਅਰ) ਨਗਰ ਨਿਗਮ ਬਟਾਲਾ ਅਤੇ ਨਗਰ ਕੌਂਸਲਾਂ ਦੀਆਂ ਚੋਣਾਂ ਨੂੰ ਅਮਨ-ਅਮਾਨ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਮੁਸਤੈਦ ਹੈ। ਗੁਰਦਾਸਪੁਰ ਲਈ ਨਿਯੁਕਤ ਚੋਣ ਆਬਜ਼ਰਵਰ ਰਾਕੇਸ਼ ਕੁਮਾਰ ਪਿਪਲੀ ਵਲੋਂ ਬਟਾਲਾ ਵਿਖੇ ਵੱਖ ਵਖ ਪੋਲਿੰਗ ਬੂਥਾਂ ਦਾ ਦੌਰਾ ਕੀਤਾ ਗਿਆ। ਐੱਸ ਡੀ ਐੱਮ-ਕਮ-ਰਿਟਰਨਿੰਗ ਅਫਸਰ ਬਟਾਲਾ ਸਾਰੰਗਪ੍ਰੀਤ ਸਿੰਘ ਅਤੇ ਡਾ. ਰਣਧੀਰ ਠਾਕੁਰ ਮੁੱਖ ਖੇਤੀਬਾੜੀ ਅਫਸਰ-ਕਮ-ਰਿਟਰਨਿੰਗ ਅਫਸਰ ਗੁਰਦਾਸਪੁਰ ਵੀ ਮੌਜੂਦ ਸਨ। ਚੋਣ ਆਬਜ਼ਰਵਰ ਵਲੋਂ ਪੋਲਿੰਗ ਸੈਂਟਰਾਂ ਦਾ ਜਾਇਜ਼ਾ ਲਿਆ ਅਤੇ ਵੋਟਿੰਗ ਪ੍ਰਕਿਰਿਆ ਪੂਰੀ ਤਰ੍ਹਾਂ ਸ਼ਾਂਤੀਪੂਰਵਕ ਤਰੀਕੇ ਨਾਲ ਚੱਲ ਰਹੀ ਸੀ। ਉਨ੍ਹਾਂ ਨੇ ਉੱਥੇ ਤਾਇਨਾਤ ਚੋਣ ਅਮਲੇ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਚੋਣ ਏਜੰਟਾਂ ਨਾਲ ਗੱਲਬਾਤ ਕਰਕੇ ਚੋਣ ਪ੍ਰਬੰਧਾਂ ਬਾਰੇ ਫੀਡਬੈਕ ਲਈ ਚੋਣ ਆਬਜ਼ਰਵਰ ਵੱਲੋਂ ਪੋਲਿੰਗ ਕੇਂਦਰ ਤੇ ਆਏ ਵੋਟਰਾਂ ਨਾਲ ਵੀ ਗੱਲਬਾਤ ਕੀਤੀ। ਵੋਟਰਾਂ ਤੋਂ ਚੋਣ ਪ੍ਰਬੰਧਾਂ ਬਾਰੇ ਜਾਣਕਾਰੀ ਲਈ ਅਤੇ ਲੋਕਤੰਤਰ ਦੇ ਇਸ ਤਿਉਹਾਰ ਵਿੱਚ ਹਿੱਸਾ ਲੈਣ ਲਈ ਉਨ੍ਹਾਂ ਦਾ ਹੌਸਲਾ ਵਧਾਇਆ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੋਟਰਾਂ ਦੀ ਸਹੂਲਤ ਲਈ ਪੋਲਿੰਗ ਕੇਂਦਰਾਂ ਤੇ ਪ੍ਰਖ਼ਤਾ ਇੰਤਜ਼ਾਮ ਕੀਤੇ ਗਏ ਹਨ।ਬਜ਼ੁਰਗਾਂ ਅਤੇ ਦਿਵਿਆਂਗ ਵੋਟਰਾਂ ਲਈ ਵ੍ਹੀਲ ਚੇਅਰਜ਼, ਗਰਮੀ ਤੋਂ ਬਚਾਅ ਲਈ ਛਾਂਦਾਰ ਥਾਂ (ਸ਼ੈੱਡ) ਅਤੇ ਪੀਣ ਲਈ ਸਾਫ਼ ਤੇ ਠੰਡੇ ਪਾਣੀ ਦੇ ਵਿਸ਼ੇਸ਼ ਪ੍ਰਬੰਧ ਅਮਲ ਵਿੱਚ ਲਿਆਂਦੇ ਗਏ ਹਨ ਤਾਂ ਜੋ ਕਿਸੇ ਵੀ ਨਾਗਰਿਕ ਨੂੰ ਵੋਟ ਪਾਉਣ ਵੇਲੇ ਕੋਈ ਦਿੱਕਤ ਨਾ ਆਵੇ। ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ, ਭੈਅ ਜਾਂ ਲਾਲਚ ਦੇ ਲੋਕਤੰਤਰ ਦੇ ਇਸ ਤਿਉਹਾਰ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਜ਼ਰੂਰ ਕਰਨ।

ਹਰਚੋਵਾਲ-ਚੰਡੀਗੜ੍ਹ ਸੜਕ ਦੇ ਮਾੜੇ ਹਾਲ ਕਾਰਨ ਸਵਿਫਟ ਗੱਡੀ ਛੱਪੜ ਵਿੱਚ ਡਿੱਗੀ



ਹਰਚੋਵਾਲ 26 ਮਈ (ਪ੍ਰਦੀਪ ਸਿੰਘ ਬੇਦੀ) ਹਰਚੋਵਾਲ ਤੋਂ ਚੰਡੀਗੜ੍ਹ ਵਾਲੀ ਸੜਕ ਦੀ ਖਸਤਾਹਾਲੀ ਅਤੇ ਸੜਕ ਦੇ ਕਿਨਾਰੇ ਦੀ ਘਾਟ ਕਾਰਨ ਇੱਕ ਸਵਿਫਟ ਕਾਰ ਛੱਪੜ ਵਿੱਚ ਜਾ ਡਿੱਗਣ ਦਾ ਮਾਮਲਾ ਸਾਹਮਣੇ ਆਇਆ ਹੈ। ਹਾਦਸੇ ਦੌਰਾਨ ਗੱਡੀ ਦਾ ਭਾਰੀ ਨੁਕਸਾਨ ਹੋਇਆ, ਜਦਕਿ ਗੱਡੀ ਵਿੱਚ ਸਵਾਰ ਬੁਜ਼ੁਰਗ ਜੋੜਾ ਵਾਲ-ਵਾਲ ਬਚ ਗਿਆ।ਪ੍ਰਾਪਤ ਜਾਣਕਾਰੀ ਅਨੁਸਾਰ ਬੁਜ਼ੁਰਗ ਜੋੜਾ ਗੁਰਦਾਸਪੁਰ ਤੋਂ ਸ੍ਰੀ ਹਰਗੋਬਿੰਦਪੁਰ ਵੱਲ ਜਾ ਰਿਹਾ ਸੀ। ਜਦੋਂ ਉਹ ਹਰਚੋਵਾਲ ਨੇੜੇ ਪੁੱਜੇ ਤਾਂ ਟੁੱਟੀ ਹੋਈ ਸੜਕ ਅਤੇ ਛੱਪੜ ਦੇ ਕਿਨਾਰੇ ਦੀ ਕਮੀ ਕਾਰਨ ਗੱਡੀ ਬੇਕਾਬੂ ਹੋ ਕੇ ਛੱਪੜ ਵਿੱਚ ਜਾ ਡਿੱਗੀ। ਹਾਦਸੇ ਤੋਂ ਬਾਅਦ ਮੌਕੇ 'ਤੇ ਇਕੱਠੇ ਹੋਏ ਰਾਹਗੀਰਾਂ ਨੇ ਰੱਸਿਆਂ ਅਤੇ ਟਰੈਕਟਰ ਦੀ ਮਦਦ ਨਾਲ ਗੱਡੀ ਨੂੰ ਬਾਹਰ ਕੱਢਿਆ। ਸਥਾਨਕ ਲੋਕਾਂ ਨੇ ਦੱਸਿਆ ਕਿ ਪੀਡਬਲਿਊਡੀ ਵਿਭਾਗ ਦੀ ਅਣਗਹਿਲੀ ਕਾਰਨ ਇਸ ਸੜਕ 'ਤੇ ਹਰ ਰੋਜ਼ ਛੋਟੇ-ਵੱਡੇ ਹਾਦਸੇ ਵਾਪਰ ਰਹੇ ਹਨ। ਉਨ੍ਹਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਇੱਕ ਟਰੱਕ ਡਰਾਈਵਰ ਵੀ ਪੈਰ ਫਿਸਲਣ ਕਾਰਨ ਇਸੇ ਛੱਪੜ ਵਿੱਚ ਡਿੱਗ ਗਿਆ ਸੀ, ਜਿਸ ਨੂੰ ਨੇੜਲੇ ਦੁਕਾਨਦਾਰਾਂ ਨੇ ਬਚਾਇਆ ਸੀ। ਲੋਕਾਂ ਨੇ ਦੋਸ਼ ਲਗਾਇਆ ਕਿ ਇਸ ਸੜਕ ਦੀ ਮੁਰੰਮਤ ਅਤੇ ਸੁਰੱਖਿਆ ਪ੍ਰਬੰਧਾਂ ਲਈ ਪੀਡਬਲਿਊਡੀ ਗੁਰਦਾਸਪੁਰ ਨੂੰ ਕਈ ਵਾਰ ਸ਼ਿਕਾਇਤਾਂ ਦਿੱਤੀਆਂ ਗਈਆਂ ਹਨ, ਪਰ ਕੋਈ ਕਾਰਵਾਈ ਨਹੀਂ ਕੀਤੀ ਗਈ। ਬਾਰਿਸ਼ ਦੇ ਦਿਨਾਂ ਵਿੱਚ ਇਹ ਸੜਕ ਛੱਪੜ ਦਾ ਰੂਪ ਧਾਰ ਲੈਂਦੀ ਹੈ, ਜਿਸ ਕਾਰਨ ਆਵਾਜਾਈ ਬਹੁਤ ਪ੍ਰਭਾਵਿਤ ਹੁੰਦੀ ਹੈ ਅਤੇ ਹਾਦਸਿਆਂ ਦਾ ਖ਼ਤਰਾ ਹੋਰ ਵੱਧ ਜਾਂਦਾ ਹੈ। ਇਲਾਕਾ ਨਿਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਕਿਸੇ ਵੱਡੀ ਅਣਹੋਣੀ ਤੋਂ ਪਹਿਲਾਂ ਇਸ ਸੜਕ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ ਅਤੇ ਸੜਕ ਕਿਨਾਰੇ ਸੁਰੱਖਿਆ ਪ੍ਰਬੰਧ ਕੀਤੇ ਜਾਣ।

ਪਾਵਨ ਵਾਲਮੀਕ ਤੀਰਥ ਨਵੇਂ ਟਿਊਬਲ ਦੇ ਬੋਰ ਦਾ ਹੋਇਆ ਉਦਘਾਟਨ

ਅੰਮ੍ਰਿਤਸਰ 26 ਮਈ (ਰਾਜੇਸ਼ ਡੈਨੀ) ਲੰਗਰ ਹਾਲ ਨਜਦੀਕ ਨਵੇਂ ਟਿਊਬਲ ਬੋਰ ਦਾ ਉਦਘਾਟਨ ਕਰਦਿਆਂ ਐਡਵਾਈਜਰੀ ਕਮੇਟੀ ਚੇਅਰਮੈਨ ਬਾਲ ਜੋਗੀ ਬਾਬਾ ਪ੍ਰਗਟ ਨਾਥ ਵੱਲੋਂ ਪਹਿਲਾਂ ਪੂਜਾ ਅਰਚਨਾ ਕਰਕੇ ਅਰਦਾਸ ਕੀਤੀ ਗਈ ਇਸ ਮੌਕੇ ਸਰਾਈਨ ਬੋਰਡ ਮੈਨੇਜਰ ਕੰਮ ਏਟੀਓ ਮਦਰ ਭਾਟੀਆ ਪ੍ਰੈਸ ਨਾਲ ਗੱਲਬਾਤ ਕਰਦਿਆਂ ਸਾਂਝੇ ਕੀਤੇ ਉਨਾਂ ਦੱਸਿਆ ਕਿ ਜਿੱਥੇ ਵਾਟਰ ਸਪਲਾਈ ਪਹਿਲਾਂ ਪਨੋਰਮਾ ਸਾਈਡ ਤੋਂ ਧਰਮਸ਼ਾਲਾ ਵੱਲ ਆ ਰਹੀ ਸੀ ਸ਼ਰਧਾਲੂਆਂ ਵੱਲੋਂ ਅਕਸਰ ਖਰਾਬ ਹੋਣ ਦੀਆਂ ਸ਼ਿਕਾਇਤਾਂ ਪ੍ਰਾਪਤ ਹੋ ਰਹੀਆਂ ਸਨ ਅੱਜ ਵਾਟਰ ਸਪਲਾਈ ਐਂਡ ਸੈਨੀਟੇਸ਼ਨ ਦੀ ਅਗਵਾਈ ਹੇਠ ਨਵੇਂ ਬੋਰ ਦੀ ਸ਼ੁਰੂਆਤ ਕੀਤੀ ਗਈ ਹੈ ਕਾਫੀ ਡੂੰਗਾਈ ਵਾਲੇ ਪਾਣੀ ਦੀ ਸਪਲਾਈ ਸ਼ਰਧਾਲੂਆਂ ਲਈ ਜਲਦ ਪੁੱਜਦਾ ਕੀਤੀ ਜਾਵੇਗੀ ਇਸ ਮੌਕੇ ਸੰਨੀ ਦਾਨਵ ਇੰਜੀਨੀਅਰ ਨਿਤਿਨ ਕਾਲੀਆ ਉਪ ਮੰਡਲ ਅਫਸਰ ਆਕਾਸ਼ਦੀਪ ਸਿੰਘ ਜੂਨੀਅਰ ਇੰਜੀਨੀਅਰ ਗੁਰਬਚਨ ਦੀਪ ਸਿੰਘ ਇੰਜੀਨੀਅਰ ਜਗਦੀਪ ਸਿੰਘ ਠੇਕੇਦਾਰ ਰਵੀ ਵੋਹਰਾ ਠੇਕੇਦਾਰ ਜਸਬੀਰ ਸਿੰਘ ਮਨੀਕਰਨ ਬਿਲਡਰਸ ਗੁਰਸੇਵਕ ਸਿੰਘ ਸੁਪਰਵਾਈਜ਼ਰ ਕਾਕਾ ਸਿੰਘ ਆਜ ਹਾਜ਼ਰ ਸਨ

11 ਵੀਂ ਕਲਾਸ ਦੇ ਵਿਦਿਆਰਥੀਆਂ ਲਈ ਵੈਲਕਮ ਪਾਰਟੀ ਦਾ ਆਯੋਜਨ

ਨਵਾਂਸ਼ਹਿਰ/ਕਾਠਗੜ੍ਹ 26 ਮਈ (ਜਤਿੰਦਰਪਾਲ ਸਿੰਘ ਕਲੇਰ) ਐਮਬੀਬੀਜੀਜੀਜੀ ਗਰਲਜ਼ ਕਾਲਜ ਰੱਤੇਵਾਲ ਵਿਖੇ 12 ਵੀਂ ਕਲਾਸ ਦੇ ਵਿਦਿਆਰਥੀਆ ਵਲੋਂ 11 ਵੀ ਕਲਾਸ ਦੇ ਵਿਦਿਆਰਥੀਆਂ ਨੂੰ ਵੈਲਕਮ ਪਾਰਟੀ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਪ੍ਰੋ ਸ਼ੁਸ਼ਮਾ ਕੁਮਾਰੀ (ਰਿਆਤ ਕਾਲਜ ਆਫ ਐਜੂਕੇਸ਼ਨ) ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ । ਇਸ ਮੌਕੇ ਤੇ ਵਿਦਿਆਰਥੀਆਂ ਵਲੋਂ ਅਲੱਗ ਅਲੱਗ ਗਤੀਵਿਧੀਆਂ ਵਿੱਚ ਹਿੱਸਾ ਲਿਆ ਗਿਆ ਮਹਿੰਦੀ ਕੰਪੀਟੀਸ਼ਨ ਕਰਵਾਇਆ ਗਿਆ ਪਹਿਲੇ ਦੂਸਰੇ ਤੇ ਤੀਸਰੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆ ਨੂੰ ਕਾਲਜ਼ ਦੇ ਪਿੰਡਾ ਸਤਵੰਤ ਕੌਰ ਵਲੋਂ ਇਨ੍ਹਾਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਬੇਸਟ ਡਾਂਸਰ ਦਾ ਐਵਾਰਡ 12 ਵੀਂ ਕਲਾਸ ਦੀ ਵਿਦਿਆਰਥਣ ਗਗਨਦੀਪ ਨੇ ਜਿੱਤੀਆ ਇਸ ਮੌਕੇ ਪਾਰਟੀ ਦਾ ਪੂਰਾ ਆਨੰਦ ਸਮੂਹ ਸਟਾਫ ਤੇ ਕਾਲਜ਼ ਦੇ ਵਿਦਿਆਰਥੀਆਂ ਨੇ ਲਿਆ

31 ਮਈ ਨੂੰ ਬਾਬਾ ਬਕਾਲਾ ਵਿਖੇ ਪੰਥਕ ਇਕਠ, 1 ਮਈ ਨੂੰ ਸ਼੍ਰੋਮਣੀ ਕਮੇਟੀ ਦੀ ਅੰਤ੍ਰਿਗ ਕਮੇਟੀ ਦੀ ਮੀਟਿੰਗ





ਅੰਮ੍ਰਿਤਸਰ 26 ਮਈ (ਮੋਹਕਮ ਸਿੰਘ) ਪੰਜਾਬ ਸਰਕਾਰ ਦੁਆਰਾ ਲਾਗੂ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ਨੂੰ ਲੈ ਕੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਕੋਈ ਅਹਿਮ ਐਲਾਨ ਕਰ ਸਕਦੇ ਹਨ। ਜਥੇਦਾਰ ਨੇ ਇਸ ਐਕਟ ਵਿਚਲੇ ਪੰਥ ਵਲੋ ਕੀਤੇ ਇਤਰਾਜ ਦੂਰ ਕਰਨ ਲਈ ਪੰਜਾਬ ਸਰਕਾਰ ਨੂੰ 15 ਦਿਨ ਦਾ ਸਮਾਂ ਦਿੱਤਾ ਸੀ।ਇਸ ਸੰਬਧੀ ਜਥੇਦਾਰ ਨੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ ਕੁਲਤਾਰ ਸਿੰਘ ਸੰਧਵਾਂ ਨੂੰ 9 ਮਈ 2026 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਸਕਤਰੇਤ ਵਿਖੇ ਬੁਲਾ ਕੇ ਲਿਖਤੀ ਤੋਰ ਤੇ ਪੰਥ ਵਲੋ ਕੀਤੇ ਇਤਰਾਜਾਂ ਦੀ ਸੂਚੀ ਦਿੱਤੀ ਤੇ ਇਨਾਂ ਇਤਰਾਜਾਂ ਨੂੰ ਦੂਰ ਕਰਨ ਲਈ 15 ਦਿਨ ਦਾ ਸਮਾਂ ਵੀ ਦਿੱਤਾ ਸੀ। ਇਹ ਸਮਾਂ ਖਤਮ ਹੋ ਜਾਣ ਤੋ ਬਾਅਦ ਜਥੇਦਾਰ ਇਸ ਐਕਟ ਤੇ ਪੰਥਕ ਇਤਰਾਜਾਂ ਨੂੰ ਲੈ ਕੇ ਸਖਤ ਐਕਸ਼ਨ ਲੈਣ ਬਾਰੇ ਅਹਿਮ ਐਲਾਨ ਕਰ ਸਕਦੇ ਹਨ। ਇਸ ਐਕਟ ਤੇ ਪੰਥਕ ਵਿਦਵਾਨਾਂ ਵਲੋ ਉਠਾਏ ਨੁਕਤਿਆਂ ਨੂੰ ਲੈ ਕੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਵੀ ਪੰਜਾਬ ਸਰਕਾਰ ਨਾਲ ਦਸਤਪੰਜਾ ਲੈਣ ਦਾ ਮਨ ਬਣਾ ਚੁੱਕੀ ਹੈ।ਐਕਟ ਮਾਮਲੇ ਤੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਲੋ 31 ਮਈ ਨੂੰ ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਪੰਥਕ ਕਾਨਫਰੰਸ ਬੁਲਾਈ ਹੈ। ਇਸ ਦੇ ਨਾਲ ਹੀ 1 ਜੂਨ ਨੂੰ ਸ੍ਰੀ ਅੰਮ੍ਰਿਤਸਰ ਵਿਖੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਵੀ ਬੁਲਾ ਲਈ ਗਈ ਹੈ।

ਪ੍ਰਵਾਸੀ ਮਜ਼ਦੂਰਾਂ ਨੂੰ ਸੌਂਪਿਆ ਜ਼ਰੂਰੀ ਸਮਾਨ

ਜਲੰਧਰ, 26 ਮਈ : (ਪਰਮਜੀਤ ਸਿੰਘ) ਬੀਤੇ ਦਿਨੀਂ ਪਿੰਡ ਰਾਏਪੁਰ ਵਿਖੇ ਪ੍ਰਵਾਸੀ ਮਜ਼ਦੂਰਾਂ ਦੀਆਂ ਝੁੱਗੀਆਂ ਨੂੰ ਅੱਗ ਲੱਗਣ ਕਰਕੇ ਜ਼ਰੂਰੀ ਸਮਾਨ ਸੜ ਗਿਆ ਸੀ। ਡਿਪਟੀ ਕਮਿਸ਼ਨਰ ਸ਼੍ਰੀ ਵਰਜੀਤ ਵਾਲੀਆ ਦੀਆਂ ਹਦਾਇਤਾਂ ਤੇ ਉੱਪ ਮੰਡਲ ਮੈਜਿਸਟਰੇਟ, ਜਲੰਧਰ-1 ਸ਼੍ਰੀਮਤੀ ਸ਼ੁਭੀ ਆਂਗਰਾ ਦੀ ਅਗਵਾਈ ਵਿੱਚ ਰੈੱਡ ਕਰਾਸ ਸੁਸਾਇਟੀ ਅਤੇ ਤਹਿਸੀਲਦਾਰ ਸਵਪਨਦੀਪ ਕੌਰ ਵਲੋਂ ਖਾਣ-ਪੀਣ ਦਾ ਸਮਾਨ, ਰਾਸ਼ਨ, ਭਾਂਡੇ ਅਤੇ ਹੋਰ ਸਹਾਇਤਾ ਮੁਹੱਈਆ ਕਰਵਾਈ ਗਈ। ਇਸ ਮੌਕੇ ਸਕੱਤਰ ਰੈੱਡ ਕਰਾਸ ਸੁਸਾਇਟੀ ਸ਼੍ਰੀ ਸੁਰਜੀਤ ਲਾਲ ਤੋਂ ਇਲਾਵਾ ਹੋਰ ਕਰਮਚਾਰੀ ਵੀ ਮੌਜੂਦ ਸਨ।

ਸਤਿਗੁਰੂ ਭੂਰੀਵਾਲੇ ਮਹਾਰਾਜ ਕੁਟੀਆ ਰੈਲ ਮਾਜਰਾ ਤੋਂ ਪੀ ਜੀ ਆਈ ਚੰਡੀਗੜ੍ਹ ਲਈ ਲੰਗਰ ਸੇਵਾ ਭੇਜੀ ਗਈ



ਨਵਾਂਸ਼ਹਿਰ/ਕਾਠਗੜ੍ਹ 26 ਮਈ (ਜਤਿੰਦਰ ਪਾਲ ਸਿੰਘ ਕਲੇਰ) ਪਿੰਡ ਰੈਲ ਮਾਜਰਾ ਦੀ ਸੰਗਤਾਂ ਵਲੋਂ ਹਰ ਸਾਲ ਦੀ ਤਰ੍ਹਾਂ ਸਤਿਗੁਰੂ ਲਾਲ ਦਾਸ ਬ੍ਰਹਮਾ ਨੰਦ ਜੀ ਮਹਾਰਾਜ ਭੂਰੀਵਾਲਿਆਂ ਦੀ ਯਾਦ ਨੂੰ ਸਮਰਪਿਤ ਪੀ ਜੀ ਆਈ ਚੰਡੀਗੜ੍ਹ ਲਈ ਲੰਗਰ ਸੇਵਾ ਭੇਜੀ ਗਈ। ਸੰਗਤਾਂ ਦੇ ਸਹਿਯੋਗ ਨਾਲ ਲੰਗਰਾਂ ਦੀ ਸੇਵਾ ਕੜੀ ਤਹਿਤ ਇਹ ਸੇਵਾ ਹਰ ਸਾਲ ਭੇਜੀ ਜਾਂਦੀ ਹੈ। ਸਵੇਰ ਸਮੇਂ ਤੋਂ ਸੰਗਤਾਂ ਦੁਆਰਾ ਇਹ ਲੰਗਰ ਤਿਆਰ ਕਰਨੇ ਸ਼ੁਰੂ ਕੀਤੇ ਗਏ ਸਨ। ਦੁਪਹਿਰ ਸਮੇਂ ਆਰਤੀ ਕਰਨ ਤੋਂ ਬਾਅਦ ਲੰਗਰ ਵਾਲੀ ਗੱਡੀ ਨੂੰ ਰਵਾਨਾ ਕੀਤਾ ਗਿਆ। ਸੇਵਾਦਾਰਾਂ ਵਿੱਚ ਸਾਬਕਾ ਸਰਪੰਚ ਦੌਲਤ ਰਾਮ, ਸਾਬਕਾ ਸਰਪੰਚ ਸੇਠੀ ਚੌਧਰੀ, ਚੌਧਰੀ ਮਹਿੰਦਰ ਸਿੰਘ, ਕਰਨੈਲ ਸਿੰਘ ਭੂੰਬਲਾ, ਸੁਖਵਿੰਦਰ ਬਬਲੀ, ਸੋਹਨ ਲਾਲ, ਗੁਰਨਾਮ ਗਾਮਾ, ਭਗਤ ਗਿਆਨ ਜੀ,ਬੀਰਾ ਕੁਮੈਂਟੇਟਰ ਰੈਲ ਮਾਜਰਾ, ਗੁਰਵਿੰਦਰ, ਗੁਰਮੇਲ ਗੋਗੀ, ਕੁਲਵਿੰਦਰ ਕਿੰਦਾ ਅਤੇ ਵੱਡੀ ਗਿਣਤੀ ਵਿੱਚ ਔਰਤਾਂ ਅਤੇ ਬੱਚੇ ਹਾਜ਼ਰ ਸਨ।

ਪੁਲਿਸ ਚੌਕੀ ਸ਼ੇਖਾ ਮਜ਼ਾਰਾ ਦੀ ਵੱਡੀ ਕਾਰਵਾਈ; ਪਿੰਡ ਪੁੰਨੂ ਮਜਾਰਾ ਦਾ ਨੌਜਵਾਨ ਹੈਰੋਇਨ ਸਮੇਤ ਕਾਬੂ: ਚੌਕੀ ਇੰਚਾਰਜ ਰੰਧਾਵਾ



ਬਲਾਚੌਰ 26 ਮਈ (ਤਜਿੰਦਰ ਜੋਤ) ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਵਿੱਢੀ ਗਈ ਵਿਸ਼ੇਸ਼ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸੀਨੀਅਰ ਕਪਤਾਨ ਪੁਲਿਸ ਸ਼੍ਰੀ ਤੁਸ਼ਾਰ ਗੁਪਤਾ ਅਤੇ ਡੀ.ਐੱਸ.ਪੀ. ਸਬ-ਡਿਵੀਜ਼ਨ ਨਵਾਂਸ਼ਹਿਰ ਸ਼੍ਰੀ ਪੰਕਜ ਸ਼ਰਮਾ ਦੀ ਯੋਗ ਅਗਵਾਈ ਹੇਠ ਰਾਹੋਂ ਪੁਲਿਸ ਨੇ ਨਸ਼ਾ ਤਸਕਰਾਂ ਤੇ ਸ਼ਿਕੰਜਾ ਕੱਸਣਾ ਸ਼ੁਰੂ ਕਰ ਦਿੱਤਾ ਹੈ। ਇਸੇ ਤਹਿਤ ਪੁਲਿਸ ਨੇ ਮੁਸਤੈਦੀ ਦਿਖਾਉਂਦੇ ਹੋਏ ਇੱਕ ਨੌਜਵਾਨ ਨੂੰ 10 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਫੜੇ ਗਏ ਮੁਲਜ਼ਮ ਦੀ ਪਛਾਣ ਸਤਪਾਲ ਵਾਸੀ ਪਿੰਡ ਪੁੰਨੂ ਮਜਾਰਾ ਵਜੋਂ ਹੋਈ ਹੈ।ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਏ.ਐੱਸ.ਆਈ. ਸਤਨਾਮ ਸਿੰਘ ਰੰਧਾਵਾ ਇੰਚਾਰਜ ਪੁਲਿਸ ਚੌਕੀ ਸ਼ੇਖਾ ਮਜ਼ਾਰਾ ਨੇ ਦੱਸਿਆ ਕਿ ਪੁਲਿਸ ਟੀਮ ਸਮੇਤ ਸਰਕਾਰੀ ਗੱਡੀ ਰਾਹੀਂ ਸ਼ੱਕੀ ਪੁਰਸ਼ਾਂ ਅਤੇ ਵਾਹਨਾਂ ਦੀ ਚੈਕਿੰਗ ਲਈ ਨਾਕਾਬੰਦੀ ਤੇ ਮੌਜੂਦ ਸਨ। ਇਸੇ ਦੌਰਾਨ ਪਿੰਡ ਛੋਕਰਾਂ ਸਾਈਡ ਵੱਲੋਂ ਇੱਕ ਵਿਅਕਤੀ ਪੈਦਲ ਆਉਂਦਾ ਦਿਖਾਈ ਦਿੱਤਾ। ਪੁਲਿਸ ਪਾਰਟੀ ਦੀ ਗੱਡੀ ਨੂੰ ਦੇਖ ਕੇ ਉਹ ਘਬਰਾ ਗਿਆ ਅਤੇ ਉਸ ਨੇ ਤੁਰੰਤ ਆਪਣੇ ਪਜਾਮੇ ਦੀ ਖੱਬੀ ਜੇਬ ਵਿੱਚੋਂ ਇੱਕ ਪਾਰਦਰਸ਼ੀ ਮੋਮੀ ਲਿਫਾਫੀ ਕੱਢ ਕੇ ਸੜਕ ਕਿਨਾਰੇ ਸੁੱਟ ਦਿੱਤੀ ਅਤੇ ਮੌਕੇ ਤੋਂ ਖਿਸਕਣ ਦੀ ਕੋਸ਼ਿਸ਼ ਕਰਨ ਲੱਗਾ।ਪੁਲਿਸ ਮੁਲਾਜ਼ਮਾਂ ਨੇ ਤੁਰੰਤ ਮੁਸਤੈਦੀ ਦਿਖਾਉਂਦੇ ਹੋਏ ਉਕਤ ਨੌਜਵਾਨ ਨੂੰ ਘੇਰਾ ਪਾ ਕੇ ਕਾਬੂ ਕਰ ਲਿਆ। ਜਦੋਂ ਸੜਕ ਕਿਨਾਰੇ ਸੁੱਟੀ ਹੋਈ ਲਿਫਾਫੀ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ, ਤਾਂ ਉਸ ਵਿੱਚੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਨੇ ਨਸ਼ੀਲੇ ਪਦਾਰਥ ਨੂੰ ਕਬਜ਼ੇ ਵਿੱਚ ਲੈ ਕੇ ਮੁਲਜ਼ਮ ਸਤਪਾਲ ਖ਼ਿਲਾਫ਼ ਥਾਣਾ ਰਾਹੋਂ ਵਿਖੇ ਐਨ.ਡੀ.ਪੀ.ਐਸ. ਐਕਟ ਦੀ ਧਾਰਾ 21 ਤਹਿਤ ਮੁਕੱਦਮਾ ਦਰਜ ਕਰ ਲਿਆ ਹੈ ਅਤੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

ਢਾਡੀ ਕਸ਼ਮੀਰ ਸਿੰਘ ਕਾਦਰ 'ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਢਾਡੀ ਜਥਾ ਪੰਜਾਬ' ਦੇ ਸਰਬਸੰਮਤੀ ਨਾਲ ਪ੍ਰਧਾਨ ਚੁਣੇ

ਬਲਾਚੌਰ, 26 ਮਈ (ਤਜਿੰਦਰ ਜੋਤ) ਇਲਾਕੇ ਦੀ ਪ੍ਰਸਿੱਧ ਸ਼ਖ਼ਸੀਅਤ ਅਤੇ ਪਿੰਡ ਮਹਿੰਦ ਪੁਰ ਦੇ ਜੰਮਪਲ ਢਾਡੀ ਕਸ਼ਮੀਰ ਸਿੰਘ ਕਾਦਰ ਨੂੰ 'ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਢਾਡੀ ਜਥਾ ਪੰਜਾਬ' ਦਾ ਸਰਬਸੰਮਤੀ ਨਾਲ ਸੂਬਾ ਪ੍ਰਧਾਨ ਚੁਣਿਆ ਗਿਆ ਹੈ। ਉਨ੍ਹਾਂ ਦੀ ਇਸ ਮਾਣਮੱਤੀ ਪ੍ਰਾਪਤੀ ਤੇ ਮਜ਼ਦੂਰਾਂ ਦੀ ਸਿਰਮੌਰ ਜਥੇਬੰਦੀ 'ਸੀਟੂ' ਦੇ ਪੰਜਾਬ ਪ੍ਰਧਾਨ ਕਾਮਰੇਡ ਮਹਾਂ ਸਿੰਘ ਰੌੜੀ ਅਤੇ ਸੀਪੀਆਈ ਐਮ ਦੇ ਸੀਨੀਅਰ ਆਗੂ, ਸਾਹਿਤ ਪ੍ਰੇਮੀ ਤੇ ਉੱਘੇ ਸੂਬਾਈ ਟਰੇਡ ਯੂਨੀਅਨਿਸਟ ਪ੍ਰੇਮ ਰੱਕੜ ਨੇ ਵਿਸ਼ੇਸ਼ ਤੌਰ ਤੇ ਮੁਬਾਰਕਬਾਦ ਦਿੱਤੀ ਹੈ।ਉਕਤ ਆਗੂਆਂ ਨੇ ਸ. ਕਸ਼ਮੀਰ ਸਿੰਘ ਕਾਦਰ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਕੌਮੀ ਪੱਧਰ, ਵਿਸ਼ੇਸ਼ ਕਰਕੇ

ਦੇ ਸਿਰਕੱਢ ਢਾਡੀ ਹਨ। ਉਹ ਪੰਜਾਬ ਦੀ ਇੱਕ ਪ੍ਰਮੁੱਖ ਸਭਿਆਚਾਰਕ ਅਤੇ ਸਾਹਿਤਕ ਸ਼ਖ਼ਸੀਅਤ ਹਨ, ਜਿਨ੍ਹਾਂ ਨੇ ਆਪਣੀ ਸਭਿਆਚਾਰਕ, ਸਾਹਿਤਕ ਅਤੇ ਢਾਡੀ ਕਲਾ ਦੀ ਮੁਹਾਰਤ ਸਦਕਾ ਜਿੱਥੇ ਆਪਣੇ ਪਿੰਡ ਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ, ਉੱਥੇ ਹੀ ਪੰਜਾਬ, ਦੇਸ਼ ਅਤੇ ਵਿਦੇਸ਼ਾਂ ਵਿੱਚ ਵੀ ਭਾਰੀ ਪ੍ਰਸਿੱਧੀ ਖੱਟੀ ਹੈ। ਆਗੂਆਂ ਨੇ ਵਿਸ਼ੇਸ਼ ਤੌਰ ਤੇ ਜ਼ਿਕਰ ਕੀਤਾ ਕਿ ਇਲਾਕੇ ਦੇ ਲੋਕ ਸ. ਕਸ਼ਮੀਰ ਸਿੰਘ ਕਾਦਰ ਤੇ ਇਸ ਕਰਕੇ ਵੀ ਬਹੁਤ ਮਾਣ ਕਰਦੇ ਹਨ ਕਿਉਂਕਿ ਉਨ੍ਹਾਂ ਨੇ ਸਾਲ 2020-21 ਦੌਰਾਨ ਚੱਲੇ ਦੇਸ਼-ਵਿਆਪੀ ਇਤਿਹਾਸਕ ਕਿਸਾਨੀ ਅੰਦੋਲਨ ਵਿੱਚ ਵੱਡਾ ਯੋਗਦਾਨ ਪਾਇਆ ਸੀ। ਇਸ ਸੰਘਰਸ਼ ਦੌਰਾਨ ਸ. ਕਾਦਰ ਨੇ ਕਿਸਾਨਾਂ ਦੇ ਵੱਡੇ ਇਕੱਠਾਂ ਵਿੱਚ ਜੋਸ਼ੀਲੀਆਂ ਵਾਰਾਂ ਗਾ ਕੇ ਲੋਕਾਂ ਨੂੰ ਸੰਘਰਸ਼ ਲਈ ਪ੍ਰੇਰਿਤ ਕੀਤਾ ਅਤੇ ਨਾਲ ਹੀ ਇਸ ਅੰਦੋਲਨ ਵਿੱਚ ਵੱਡੀ ਆਰਥਿਕ ਮੱਦਦ ਵੀ ਦਿੱਤੀ ਸੀ।ਸ. ਕਸ਼ਮੀਰ ਸਿੰਘ ਕਾਦਰ ਦੇ ਪ੍ਰਧਾਨ ਬਣਨ ਤੇ ਇਲਾਕੇ ਦੀਆਂ ਸਮਾਜਿਕ, ਸਾਹਿਤਕ ਅਤੇ ਰਾਜਨੀਤਿਕ ਜਥੇਬੰਦੀਆਂ ਵਿੱਚ ਖੁਸ਼ੀ ਦੀ ਲਹਿਰ ਹੈ ਅਤੇ ਉਨ੍ਹਾਂ ਨੂੰ ਲਗਾਤਾਰ ਵਧਾਈਆਂ ਮਿਲ ਰਹੀਆਂ ਹਨ।

ਕੇਂਦਰੀ ਗ੍ਰਹਿ ਮੰਤਰੀ ਅਤੇ ਅਕਾਲੀ ਦਲ ਪੁਨਰ ਸੁਰਜੀਤ ਦੇ ਆਗੂਆਂ ਵਿਚਲੇ ਹੋਈ ਮੀਟਿੰਗ ਦੀ ਚਰਚਾ ਨੇ ਪੰਥਕ ਹਲਕਿਆਂ ਵਿਚ ਪਾਈ ਤਰਥਲੀ

ਅੰਮ੍ਰਿਤਸਰ 26 ਮਈ (ਮੋਹਕਮ ਸਿੰਘ) ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਅਤੇ ਅਕਾਲੀ ਦਲ ਪੁਨਰ ਸੁਰਜੀਤ ਦੇ ਆਗੂਆਂ ਵਿਚਲੇ ਮੀਟਿੰਗ ਦੀਆਂ ਖ਼ਬਰਾਂ ਨੇ ਪੰਥਕ ਹਲਕਿਆਂ ਵਿਚ ਤਰਥਲਾ ਮਚਾ ਦਿੱਤਾ ਹੈ। ਇਕ ਨਿਜੀ ਚੈਨਲ ਨੇ ਦਾਅਵਾ ਕੀਤਾ ਹੈ ਕਿ ਅਕਾਲੀ ਦਲ ਪੁਨਰ ਸੁਰਜੀਤ ਦੇ ਪੰਜ ਮਹਤਵਪੂਰਨ ਆਗੂਆਂ ਤੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਵਿਚਾਲੇ ਬੀਤੇ ਦਿਨੀ ਕਰੀਬ ਇਕ ਘੰਟਾ ਮੀਟਿੰਗ ਚਲੀ ਜਿਸ ਵਿਚ ਪੰਜਾਬ ਵਿਧਾਨ ਸਭਾ ਦੀਆਂ ਚੋਣਾ ਨੂੰ ਲੈ ਕੇ ਅਤੇ ਭਾਰਤੀ ਜਨਤਾ ਪਾਰਟੀ ਤੇ ਅਕਾਲੀ ਦਲ ਪੁਨਰ ਸੁਰਜੀਤ ਦੇ ਸੰਭਾਵੀ ਗਠਜੋੜ ਦੇ ਨਾਲ ਨਾਲ ਪੰਜਾਬ ਦੇ ਨਾਲ ਸੰਬਧਤ ਵਖ ਵਖ ਮੁਦਿਆ ਬਾਰੇ ਚਰਚਾ ਕੀਤੀ ਗਈ।ਚਰਚਾ ਹੈ ਕਿ ਇਸ ਮੀਟਿੰਗ ਤੋਂ ਬਾਅਦ ਅਕਾਲੀ ਦਲ ਪੁਨਰ ਸੁਰਜੀਤ ਦੇ ਆਗੂ ਬਾਗੋ ਬਾਗ ਹਨ। ਚੈਨਲ ਨੇ ਦਾਅਵਾ ਕੀਤਾ ਕਿ ਅਕਾਲੀ ਦਲ ਪੁਨਰ ਸੁਰਜੀਤ ਦੇ ਪੰਜ ਮਹਤਵਪੂਰਨ ਆਗੂ ਸ੍ਰ ਪ੍ਰੇਮ ਸਿੰਘ ਚੰਦੂਮਾਜਰਾ, ਸ੍ਰ ਪਰਮਿੰਦਰ ਸਿੰਘ ਢੀਡਸਾ, ਸ੍ਰ ਗੁਰਪ੍ਰਤਾਪ ਸਿੰਘ ਵਡਾਲਾ, ਸ੍ਰ ਗਗਨਦੀਪ ਸਿੰਘ ਬਰਨਾਲਾ ਦੇ ਨਾਲ ਨਾਲ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਅਤਿ ਨੇੜਲੇ ਸਾਥੀ ਅਤੇ ਸਲਾਹਕਾਰ ਗਿਆਨੀ ਹਰਦੀਪ ਸਿੰਘ ਸ਼ਾਮਲ ਸਨ। ਕਿਹਾ ਜਾ ਰਿਹਾ ਹੈ ਕਿ ਇਸ ਮੀਟਿੰਗ ਵਿਚ ਗਿਆਨੀ ਹਰਪ੍ਰੀਤ ਸਿੰਘ ਸ਼ਾਮਲ ਨਹੀ ਸਨ।ਭਾਰਤੀ ਜਨਤਾ ਪਾਰਟੀ ਪੰਜਾਬ ਵਿਚ ਹਰ ਹੀਲੇ ਸਰਕਾਰ ਬਣਾਉਣ ਦੀ ਉਤਾਵਲੀ ਹੈ। ਇਸ ਲਈ ਵਖ ਵਖ ਸਮੇਂ ਤੇ ਵਖ ਵਖ ਮੀਟਿੰਗਾਂ ਦੀ ਚਰਚਾ ਚਲਦੀ ਰਹਿੰਦੀ ਹੈ। ਇਸ ਤੋਂ ਪਹਿਲਾਂ ਵੀ ਕਈ ਅਕਾਲੀ ਦਲਾਂ ਨਾਲ ਮੀਟਿੰਗ ਦੀ ਚਰਚਾ ਚਲਦੀ ਰਹਿ ਚੁੱਕੀ ਹੈ।ਇਸ ਸੰਬਧੀ ਪਾਰਟੀ ਪ੍ਰਧਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨਾਲ ਸੰਪਰਕ ਕਰਨ ਦੀ ਵਾਰ ਵਾਰ ਕੋਸ਼ਿਸ਼ ਕੀਤੀ ਗਈ ਪਰ ਉਨਾਂ ਨਾਲ ਸੰਪਰਕ ਨਹੀ ਹੋ ਸਕਿਆ।

ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਵਿੱਚ ਵੋਟਰਾਂ ਪੂਰੇ ਉਤਸ਼ਾਹ ਨਾਲ ਲਿਆ ਹਿੱਸਾ

ਗੁਰਦਾਸਪੁਰ, 26 ਮਈ (ਸੰਜੀਵ ਨਈਅਰ) ਜ਼ਿਲਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਵਲੋਂ ਜ਼ਿਲੇ ਅੰਦਰ ਵੋਟ ਪ੍ਰਕਿਰਿਆ ਅਮਨ ਸਾਂਤੀ ਪੂਰਵਕ ਨੇਪਰੇ ਚੜ੍ਹਣ ਲਈ ਸਮੂਹ ਜ਼ਿਲਾ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਸਮੁੱਚੇ ਸਿਵਲ, ਪੁਲਿਸ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਸਮੇਤ ਸਮੂਹ ਪੋਲਿੰਗ ਸਟਾਫ ਦੇ ਸਹਿਯੋਗ ਨਾਲ ਵੋਟ ਪ੍ਰਕਿਰਿਆ ਸਫਲਤਾਪੂਰਵਕ ਢੰਗ ਨਾਲ ਨੇਪਰੇ ਚੜ੍ਹੀ ਹੈ, ਜਿਸ ਲਈ ਸਾਰੇ ਵਧਾਈ ਦੇ ਪਾਤਰ ਹਨ। ਇਸ ਮੌਕੇ ਉਨਾਂ ਰਾਜਸੀ ਪਾਰਟੀਆਂ ਸਮੇਤ ਸਮੂਹ ਉਮੀਦਵਾਰਾਂ ਵਲੋਂ ਵੋਟ ਪ੍ਰਕਿਰਿਆ ਬਹੁਤ

ਹੀ ਸੁਖਾਵੇਂ ਤੇ ਅਮਨ ਸ਼ਾਂਤੀ ਢੰਗ ਨਾਲ ਮੁਕੰਮਲ ਕਰਵਾਉਣ ਲਈ ਜਿਲਾ ਪ੍ਰਸ਼ਾਸਨ ਨੂੰ ਦਿੱਤੇ ਸਹਿਯੋਗ ਲਈ ਵੀ ਧੰਨਵਾਦ ਕੀਤਾ। ਇਸ ਮੌਕੇ ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਵਧੀਕ ਜਿਲਾ ਚੋਣਕਾਰ ਅਫਸਰ ਗੁਰਦਾਸਪੁਰ ਵੀ ਮੌਜੂਦ ਸਨ। 66.43 ਫੀਸਦੀ ਪੋਲਿੰਗ ਹੋਈ ਹੈ। ਨਗਰ ਨਿਗਮ ਬਟਾਲਾ ਵਿਚ 58.55 ਫੀਸਦ, ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਵਿੱਚ 64.93ਫੀਸਦ, ਨਗਰ ਕੌਂਸਲ ਧਾਰੀਵਾਲ ਵਿੱਚ 69.69 ਫੀਸਦ ਅਤੇ ਨਗਰ ਕੌਂਸਲ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ 72.56 ਫੀਸਦ ਪੋਲਿੰਗ ਹੋਈ ਹੈ। ਉਨ੍ਹਾਂ ਦੱਸਿਆ ਕਿ ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ। ਇਸ ਮੌਕੇ ਐਸ.ਐਸ.ਪੀ ਗੁਰਦਾਸਪੁਰ ਤੇ ਬਟਾਲਾ ਵਲੋਂ ਦੱਸਿਆ ਗਿਆ ਕਿ ਮਾਣਯੋਗ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਸਟਰਾਂਗ ਰੂਮ ਵਿਚ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ 24 ਘੰਟੇ ਸਖ਼ਤ ਨਿਗਰਾਨੀ ਰੱਖੀ ਜਾ ਰਹੀ ਹੈ।

ਵਧ ਰਹੀ ਗਰਮੀ ਅਤੇ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਥਾਣਾ ਸੁਲਤਾਨਵਿੰਡ ਵੱਲੋਂ ਕੀਤੀ ਗਈ ਛਬੀਲ ਦੀ ਸੇਵਾ

ਅੰਮ੍ਰਿਤਸਰ 26 ਮਈ (ਰਾਜੇਸ਼ ਡੈਨੀ) ਕਮਿਸ਼ਨਰੇਟ ਪੁਲਿਸ , ਅੰਮ੍ਰਿਤਸਰ ਵੱਲੋਂ ਵਧ ਰਹੀ ਗਰਮੀ ਅਤੇ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਥਾਣਾ ਸੁਲਤਾਨਵਿੰਡ ਵੱਲੋਂ ਥਾਣੇ ਦੇ ਬਾਹਰ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ।ਇਸ ਮੌਕੇ ਪੁਲਿਸ ਅਧਿਕਾਰੀਆਂ ਸ਼੍ਰੀ ਵਿਸ਼ਾਲਜੀਤ ਸਿੰਘ ਏਡੀਸੀਪੀ ਸਿਟੀ 1, ਅੰਮ੍ਰਿਤਸਰ, ਸ਼੍ਰੀ ਪ੍ਰੀਤ ਇੰਦਰ ਸਿੰਘ

ਏਸੀਪੀ ਸਾਹਿਬ ਅੰਮ੍ਰਿਤਸਰ, ਅਤੇ ਇੰਸਪੈਕਟਰ ਮੋਹਿਤ ਕੁਮਾਰ ਮੁੱਖ ਅਫਸਰ ਥਾਣਾ ਸੁਲਤਾਨਵਿੰਡ, ਅੰਮ੍ਰਿਤਸਰ ਅਤੇ ਕਰਮਚਾਰੀਆਂ ਵੱਲੋਂ ਰਾਹਗੀਰਾਂ, ਆਉਣ ਜਾਣ ਵਾਲੇ ਵਾਹਨ ਚਾਲਕਾਂ ਨੂੰ ਮਿੱਠਾ ਜਲ ਪਿਲਾ ਕੇ ਸੇਵਾ ਭਾਵਨਾ ਦਾ ਪ੍ਰਗਟਾਵਾ ਕੀਤਾ ਗਿਆ ਪੰਜਾਬ ਪੁਲਿਸ ਹਮੇਸ਼ਾਂ ਲੋਕ ਸੇਵਾ ਲਈ ਵਚਨਬੱਧ ਹੈ ਅਤੇ ਸਮਾਜਿਕ ਭਲਾਈ ਦੇ ਕਾਰਜਾਂ ਵਿੱਚ ਅੱਗੇ ਰਹਿ ਕੇ ਆਪਣਾ ਯੋਗਦਾਨ ਪਾਉਂਦੀ ਰਹਿੰਦੀ ਹੈ।ਇਸ ਦੌਰਾਨ ਲੋਕਾਂ ਵੱਲੋਂ ਵੀ ਪੰਜਾਬ ਪੁਲਿਸ ਦੇ ਇਸ ਉਪਰਾਲੇ ਦੀ ਸਰਾਹਨਾ ਕੀਤੀ ਗਈ।

ਬੰਗਾ ਵਿਖੇ ਨਗਰ ਕੌਂਸਲ ਚੋਣਾਂ ਸ਼ਾਂਤਮਈ ਮਾਹੌਲ ਵਿੱਚ ਅਮਨ-ਅਮਾਨ ਨਾਲ ਸੰਪੰਨ

ਬੰਗਾ, 26 ਮਈ (ਮਨਜਿੰਦਰ ਸਿੰਘ) : ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਸਿੱਧ ਸ਼ਹਿਰ ਬੰਗਾ ਵਿੱਚ ਅੱਜ ਨਗਰ ਕੌਂਸਲ ਚੋਣਾਂ ਪੂਰੇ ਸ਼ਾਂਤਮਈ ਮਾਹੌਲ ਅਤੇ ਅਮਨ-ਅਮਾਨ ਨਾਲ ਸੰਪੰਨ ਹੋਈਆਂ। ਸ਼ਹਿਰ ਦੇ ਕੁੱਲ 15 ਵਾਰਡਾਂ ਵਿੱਚ ਵੱਖ-ਵੱਖ ਸਿਆਸੀ ਪਾਰਟੀਆਂ ਦੇ ਉਮੀਦਵਾਰਾਂ ਦਾ ਭਵਿੱਖ ਚੋਣ ਬਕਸਿਆਂ ਵਿੱਚ ਬੰਦ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਵਾਰਡ ਨੰਬਰ 1ਅਤੇ 15 ਵਿੱਚ ਸਭ ਤੋਂ ਵੱਧ 75 ਫੀਸਦੀ ਵੋਟਿੰਗ ਦਰਜ ਕੀਤੀ ਗਈ। ਇਸ ਤੋਂ ਇਲਾਵਾ ਵਾਰਡ ਨੰਬਰ 2 ਵਿੱਚ 73 ਫੀਸਦੀ, ਵਾਰਡ ਨੰਬਰ 3 ਵਿੱਚ 63 ਫੀਸਦੀ, ਵਾਰਡ ਨੰਬਰ 4 ਵਿੱਚ 61 ਫੀਸਦੀ ਅਤੇ ਵਾਰਡ ਨੰਬਰ 5 ਵਿੱਚ 61 ਫੀਸਦੀ ਵੋਟਿੰਗ ਹੋਈ। ਇਸੇ ਤਰ੍ਹਾਂ ਵਾਰਡ ਨੰਬਰ 6 ਵਿੱਚ 64 ਫੀਸਦੀ, ਵਾਰਡ ਨੰਬਰ 7 ਵਿੱਚ 66 ਫੀਸਦੀ, ਵਾਰਡ ਨੰਬਰ 8

ਵਿੱਚ 62 ਫੀਸਦੀ, ਵਾਰਡ ਨੰਬਰ 9 ਵਿੱਚ 60 ਫੀਸਦੀ ਅਤੇ ਵਾਰਡ ਨੰਬਰ 10 ਵਿੱਚ 41 ਫੀਸਦੀ ਵੋਟਿੰਗ ਦਰਜ ਕੀਤੀ ਗਈ। ਵਾਰਡ ਨੰਬਰ 11 ਵਿੱਚ 56 ਫੀਸਦੀ, ਵਾਰਡ ਨੰਬਰ 12 ਵਿੱਚ 64 ਫੀਸਦੀ, ਵਾਰਡ ਨੰਬਰ 13 ਵਿੱਚ 53 ਫੀਸਦੀ, ਵਾਰਡ ਨੰਬਰ 14 ਵਿੱਚ 71 ਫੀਸਦੀ ਅਤੇ ਆਖਰੀ ਵਾਰਡ ਨੰਬਰ 15 ਵਿੱਚ ਵੀ 75 ਫੀਸਦੀ ਵੋਟਿੰਗ ਦਰਜ ਕੀਤੀ ਗਈ। ਸਾਰੇ ਵਾਰਡਾਂ ਵਿੱਚ ਵੋਟਿੰਗ ਪ੍ਰਕਿਰਿਆ ਪੂਰੀ ਤਰ੍ਹਾਂ ਸ਼ਾਂਤੀਪੂਰਵਕ ਰਹੀ। ਸ਼ਾਂਤਮਈ ਢੰਗ ਨਾਲ ਸੰਪੰਨ ਹੋਈ ਚੋਣ ਪ੍ਰਕਿਰਿਆ ਤੋਂ ਬਾਅਦ ਲੋਕਾਂ ਨੇ ਵੀ ਸੁੱਖ ਦਾ ਸਾਹ ਲਿਆ। ਬੰਗਾ ਸ਼ਹਿਰ ਦੇ 15 ਵਾਰਡਾਂ ਵਿੱਚ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਅਤੇ ਜ਼ਿਲ੍ਹਾ ਪੁਲਿਸ ਕਪਤਾਨ ਤੁਸ਼ਾਰ ਗੁਪਤਾ ਆਪਣੀਆਂ ਟੀਮਾਂ ਸਮੇਤ ਵੱਖ-ਵੱਖ ਪੋਲਿੰਗ ਬੂਥਾਂ ਦਾ ਜਾਇਜ਼ਾ ਲੈਣ ਪਹੁੰਚੇ। ਇਸ ਮੌਕੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਵਿੱਚ ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ, ਮੈਡਮ ਮੀਨਾ ਸੂੰਢ ਹਲਕਾ ਇੰਚਾਰਜ ਕਾਂਗਰਸ ਬੰਗਾ, ਸੀਨੀਅਰ ਅਕਾਲੀ ਆਗੂ ਚੌਧਰੀ ਮੋਹਨ ਲਾਲ ਸਾਬਕਾ ਵਿਧਾਇਕ ਬੰਗਾ, ਪਰਵੀਨ ਬੰਗਾ ਬਸਪਾ ਆਗੂ ਅਤੇ ਸੰਜੀਵ ਭਾਰਦਵਾਜ ਭਾਜਪਾ ਆਗੂ ਵੀ ਆਪਣੇ ਪਾਰਟੀ ਵਰਕਰਾਂ ਅਤੇ ਉਮੀਦਵਾਰਾਂ ਦੀ ਹੌਸਲਾ ਅਫਜ਼ਾਈ ਕਰਨ ਲਈ ਵੱਖ-ਵੱਖ ਬੂਥਾਂ ਵਿੱਚ ਪਹੁੰਚੇ।

ਕਮਿਸ਼ਨਰੇਟ ਪ੍ਰਲਿਸ, ਵੱਲੋਂ ਆਈ.ਪੀ.ਸੀ/ਬੀ.ਐਨ.ਐਸ ਅਤੇ ਐਨ.ਡੀ.ਪੀ.ਐਸ ਐਕਟ ਅਧੀਨ ਜਬਤ 115 ਵਹੀਕਲਾਂ ਦੀ ਕਰਵਾਈ ਜਨਤਕ ਨਿਲਾਮੀ

ਅੰਮ੍ਰਿਤਸਰ 26 ਮਈ (ਰਾਜੇਸ਼ ਡੈਨੀ) ਸ੍ਰੀ ਗੁਰਪ੍ਰੀਤ ਸਿੰਘ ਭੁੱਲਰ, ਆਈ.ਪੀ.ਐਸ, ਕਮਿਸ਼ਨਰ ਪੁਲਿਸ,ਅੰਮਿਤਸਰ ਜੀ ਦੀਆਂ ਹਦਾਇਤਾਂ ਤੇ ਅੱਜ ਮਿਤੀ 26-05-2026 ਨੂੰ ਪੁਲਿਸ ਲਾਈਨ, ਅੰਮ੍ਰਿਤਸਰ ਸਿਟੀ ਵਿੱਖੇ

ਕਮਿਸ਼ਨਰੇਟ ਪੁਲਿਸ, ਅੰਮ੍ਰਿਤਸਰ ਵੱਲੋਂ ਵੱਖ-ਵੱਖ ਥਾਣਿਆਂ ਵਿੱਚ ਆਈ.ਪੀ.ਸੀ/ਬੀ.ਐਨ.ਐਸ ਅਤੇ ਐਨ.ਡੀ.ਪੀ.ਐਸ ਐਕਟ ਅਧੀਨ ਦਰਜ਼ ਮੁਕੱਦਮਿਆਂ ਵਿੱਚ ਜਬਤ (ਕੇਸ ਪ੍ਰਾਪਰਟੀ) ਦੋ ਪਹੀਆ ਅਤੇ ਚਾਰ ਪਹੀਆ ਵਾਹਨਾਂ ਦੀ ਨਿਲਾਮੀ ਲਈ ਬਣਾਈ ਗਈ, ਜ਼ਿਲ੍ਹਾ ਵਾਹਨ ਨਿਪਟਾਰਾ ਕਮੇਟੀ ਅਤੇ ਜ਼ਿਲ੍ਹਾ ਨਸ਼ਾ ਨਿਪਟਾਰਾ ਕਮੇਟੀ, ਸ੍ਰੀ ਰਵਿੰਦਰਪਾਲ ਸਿੰਘ, ਡੀ.ਸੀ.ਪੀ ਇਨਵੈਸਟੀਗੇਸ਼ਨ, ਅੰਮ੍ਰਿਤਸਰ, ਸ੍ਰੀਮਤੀ ਪਰਵਿੰਦਰ ਕੌਰ ਏ.ਡੀ.ਸੀ.ਪੀ ਸਥਾਨਿਕ, ਅੰਮ੍ਰਿਤਸਰ, ਸ੍ਰੀ ਕਮਲਜੀਤ ਸਿੰਘ, ਏ.ਸੀ.ਪੀ ਸਥਾਨਿਕ, ਅੰਮ੍ਰਿਤਸਰ ਅਤੇ ਇੰਸਪੈਕਟਰ ਰਜਿੰਦਰ ਸਿੰਘ ਅਤੇ ਇੰਸਪੈਕਟਰ ਅਮਨਦੀਪ ਕੌਰ ਅਤੇ ਜਿਲ੍ਹਾ ਪ੍ਰਸ਼ਾਸ਼ਨ ਦੇ ਅਧਿਕਾਰੀਆ ਵੱਲੋਂ ਜਨਤਕ ਨਿਲਾਮੀ ਕਰਵਾਈ ਗਈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਆਈ.ਪੀ.ਸੀ/ਬੀ.ਐਨ.ਐਸ ਅਤੇ ਐਨ.ਡੀ.ਪੀ.ਐਸ ਐਕਟ ਅਧੀਨ ਜਬਤ ਵਾਹਨ ਲੰਬੇ ਸਮੇਂ ਤੋਂ ਥਾਣਿਆਂ ਵਿੱਚ ਖੜ੍ਹੇ ਸਨ, ਜਿਨ੍ਹਾਂ ਦੀ ਕਾਨੂੰਨੀ ਪ੍ਰਕਿਰਿਆ ਨੂੰ ਪੂਰੀ ਹੋਣ ਉਪਰੰਤ ਨਿਲਾਮੀ ਕੀਤੀ ਜਾ ਰਹੀ ਹੈ ਅਤੇ ਇਸ ਨਿਲਾਮੀ ਦੀ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਢੰਗ ਨਾਲ ਸਰਕਾਰੀ ਨਿਯਮਾਂ ਅਤੇ ਹਦਾਇਤਾਂ ਅਨੁਸਾਰ ਅਮਲ ਵਿੱਚ ਲਿਆਂਦਾ ਗਿਆ ਹੈ। ਇਸ ਜਨਤਕ ਨਿਮਾਲੀ ਵਿੱਚ ਜਿਲ੍ਹਾ ਅੰਮ੍ਰਿਤਸਰ, ਜਿਲ੍ਹਾ ਜਲੰਧਰ ਅਤੇ ਜਿਲ੍ਹਾ ਗੁਰਦਾਸਪੁਰ ਤੋਂ ਕੁੱਲ 23 ਬੋਲੀਦਾਤਾਵਾਂ ਨੇ ਭਾਗ ਲਿਆ ਅਤੇ ਜਨਤਕ ਨਿਲਾਮ ਕੀਤੇ ਗਏ ਵਾਹਨਾਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ:- ਕਾਰਾਂ 05, ਮੋਟਰਸਾਈਕਲ 110, ਕੁੱਲ ਵਾਹਨ 115, ਇਸ ਨਿਲਾਮੀ ਤੋਂ ਕੁੱਲ 5,44,000/- ਰੁਪਏ ਦੀ ਰਕਮ ਪ੍ਰਾਪਤ ਹੋਈ।* ਨਿਲਾਮੀ ਵਿੱਚ ਭਾਗ ਲੈਣ ਵਾਲੇ ਸਾਰੇ ਬੋਲੀਦਾਤਾਵਾਂ ਵੱਲੋਂ ਪਹਿਲਾਂ 5,000/- ਰੁਪਏ ਪ੍ਰਤੀ ਵਿਅਕਤੀ ਸਕਿਉਰਟੀ ਰਕਮ ਜਮ੍ਹਾ ਕਰਵਾਈ ਗਈ ਸੀ, ਜੋ ਕਿ ਅਸਫਲ ਰਹੇ ਬੋਲੀਦਾਤਾਵਾਂ ਨੂੰ ਸਕਿਉਰਟੀ ਰਕਮ ਵਾਪਸ ਕੀਤੀ ਗਈ। ਇਸ ਨਿਲਾਮੀ ਤੋਂ ਪ੍ਰਾਪਤ ਹੋਈ ਕੁੱਲ ਰਕਮ 5,44,000/- ਰੁਪਏ ਸਰਕਾਰੀ ਖਜ਼ਾਨੇ ਵਿੱਚ ਜਮ੍ਹਾ ਕਰਵਾਈ ਗਈ ਹੈ।* ਇਸ ਨਿਲਾਮੀ ਦੀ ਕਾਰਵਾਈ ਪੂਰੀ ਤਰ੍ਹਾਂ ਪਾਰਦਰਸ਼ੀ ਢੰਗ ਨਾਲ ਸਰਕਾਰੀ ਨਿਯਮਾਂ ਅਤੇ ਹਦਾਇਤਾਂ ਅਨੁਸਾਰ ਅਮਲ ਵਿੱਚ ਲਿਆਂਦੀ ਗਈ।

ਪਾਪੜੀਆ ਬਾਜ਼ਾਰ ਵਿੱਚ ਕੂੜੇ ਦੇ ਢੇਰਾਂ ਕਾਰਨ ਵਪਾਰ ਠੱਪ, ਸਰਾਫਾ ਮਾਰਕੀਟ ਦੇ ਦੁਕਾਨਦਾਰਾਂ ਵੱਲੋਂ ਰੋਸ ਪ੍ਰਦਰਸ਼ਨ

ਜਲੰਧਰ, 26 ਮਈ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਨਗਰ ਨਿਗਮ ਦੇ ਸਫਾਈ ਕਰਮਚਾਰੀਆਂ ਦੀ ਚੱਲ ਰਹੀ ਹੜਤਾਲ ਕਾਰਨ ਸ਼ਹਿਰ ਦੇ ਕਈ ਇਲਾਕਿਆਂ ਵਿੱਚ ਕੂੜੇ ਦੀ ਸਮੱਸਿਆ ਗੰਭੀਰ ਬਣਦੀ ਜਾ ਰਹੀ ਹੈ। ਇਸੇ ਤਹਿਤ ਪਾਪੜੀਆ ਬਾਜ਼ਾਰ ਸਥਿਤ ਸਰਾਫਾ ਮਾਰਕੀਟ ਦੇ ਦੁਕਾਨਦਾਰਾਂ ਨੇ ਕੂੜਾ ਨਾ ਚੁੱਕੇ ਜਾਣ ਕਾਰਨ ਤਿੱਖਾ ਰੋਸ ਜਤਾਇਆ। ਵਪਾਰੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਜਲਦ ਹੀ ਸਫਾਈ ਪ੍ਰਬੰਧ ਨਹੀਂ ਸੁਧਰੇ ਤਾਂ ਉਹ ਆਪਣੀਆਂ ਦੁਕਾਨਾਂ ਪੂਰੀ ਤਰ੍ਹਾਂ ਬੰਦ ਕਰਕੇ ਨਗਰ ਨਿਗਮ ਦੇ ਖ਼ਿਲਾਫ਼ ਧਰਨਾ ਦੇਣਗੇ ਅਤੇ ਦੁਕਾਨਾਂ ਦੀਆਂ ਚਾਬੀਆਂ ਨਿਗਮ ਅਧਿਕਾਰੀਆਂ ਨੂੰ ਸੌਂਪ ਦੇਣਗੇ। ਦੁਕਾਨਦਾਰਾਂ ਮੁਤਾਬਕ ਪਿਛਲੇ ਪੰਜ ਦਿਨਾਂ ਤੋਂ ਇਲਾਕੇ ਵਿੱਚੋਂ ਕੂੜਾ ਨਹੀਂ ਚੁੱਕਿਆ ਗਿਆ, ਜਿਸ ਕਾਰਨ ਸੜਕਾਂ ਅਤੇ ਗਲੀਆਂ ਵਿੱਚ ਗੰਦਗੀ ਦੇ ਢੇਰ ਲੱਗੇ ਹੋਏ ਹਨ। ਕੂੜੇ ਵਿੱਚੋਂ ਆ ਰਹੀ ਭਿਆਨਕ ਬਦਬੂ ਕਾਰਨ ਗਾਹਕ ਮਾਰਕੀਟ ਵਿੱਚ ਆਉਣ

ਤੋਂ ਕਤਰਾ ਰਹੇ ਹਨ, ਜਿਸ ਨਾਲ ਵਪਾਰ ਉੱਤੇ ਸਿੱਧਾ ਅਸਰ ਪੈ ਰਿਹਾ ਹੈ। ਵਪਾਰੀ ਸੁਨੀਲ ਨੇ ਦੱਸਿਆ ਕਿ ਸਫਾਈ ਯੂਨੀਅਨ ਦੀ ਹੜਤਾਲ ਦੇ ਨਾਲ-ਨਾਲ ਯੂਨੀਅਨ ਦੇ ਦੋ ਗੁੱਟਾਂ ਵਿਚਕਾਰ ਚੱਲ ਰਹੇ ਵਿਵਾਦ ਦਾ ਖਮਿਆਜ਼ਾ ਆਮ ਲੋਕਾਂ ਅਤੇ ਦੁਕਾਨਦਾਰਾਂ ਨੂੰ ਭੁਗਤਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਹਾਲਾਤ ਇੰਨੇ ਖ਼ਰਾਬ ਹੋ ਗਏ ਹਨ ਕਿ ਉਨ੍ਹਾਂ ਨੂੰ ਖੁਦ ਆਪਣੀ ਦੁਕਾਨ ਅੱਗੇ ਪਿਆ ਕੂੜਾ ਹਟਾ ਕੇ ਪਿੱਛੇ ਕਰਨਾ ਪਿਆ ਤਾਂ ਜੋ ਦੁਕਾਨ ਖੋਲ੍ਹੀ ਜਾ ਸਕੇ। ਪਰ ਬਦਬੂ ਅਤੇ ਗੰਦਗੀ ਕਾਰਨ ਗਾਹਕ ਨਾ ਆਉਣ ਕਰਕੇ ਕਈ ਦੁਕਾਨਦਾਰਾਂ ਨੇ ਦੁਕਾਨਾਂ ਬੰਦ ਕਰ ਦਿੱਤੀਆਂ। ਉਨ੍ਹਾਂ ਦੱਸਿਆ ਕਿ ਅੱਜ ਕਰੀਬ 15 ਤੋਂ 20 ਦੁਕਾਨਾਂ ਬੰਦ ਰੱਖੀਆਂ ਗਈਆਂ ਅਤੇ ਸਾਰੇ ਵਪਾਰੀ ਨਗਰ ਨਿਗਮ ਦੇ ਕਮਿਸ਼ਨਰ ਅਤੇ ਮੇਅਰ ਨਾਲ ਮਿਲ ਕੇ ਸਮੱਸਿਆ ਦਾ ਹੱਲ ਮੰਗਣਗੇ। ਇਸ ਦੌਰਾਨ ਇਲਾਕੇ ਦਾ ਪਾਰਸ਼ਦ ਵੀ ਮੌਕੇ 'ਤੇ ਪਹੁੰਚਿਆ ਅਤੇ ਜਲਦ ਕੂੜਾ ਚੁਕਵਾਉਣ ਦਾ ਭਰੋਸਾ ਦਿੱਤਾ, ਪਰ ਵਪਾਰੀਆਂ ਦਾ ਕਹਿਣਾ ਹੈ ਕਿ ਪਿਛਲੇ ਪੰਜ ਦਿਨਾਂ ਤੋਂ ਉਹ ਇਸੇ ਸਮੱਸਿਆ ਨਾਲ ਜੂਝ ਰਹੇ ਹਨ। ਵਪਾਰੀ ਸੁਧੀਰ ਖੰਨਾ ਨੇ ਕਿਹਾ ਕਿ ਹੜਤਾਲਾਂ ਦਾ ਨੁਕਸਾਨ ਹਮੇਸ਼ਾ ਆਮ ਲੋਕਾਂ ਅਤੇ ਛੋਟੇ ਵਪਾਰੀਆਂ ਨੂੰ ਭੁਗਤਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਦੁਕਾਨਦਾਰ ਖੁਦ ਸੜਕਾਂ ਦੀ ਸਫਾਈ ਕਰ ਰਹੇ ਹਨ, ਪਰ ਇਸ ਦੇ ਬਾਵਜੂਦ ਗਾਹਕ ਨਾ ਆਉਣ ਕਾਰਨ ਵਪਾਰ ਠੱਪ ਹੋ ਰਿਹਾ ਹੈ। ਉਨ੍ਹਾਂ ਨੇ ਨਗਰ ਨਿਗਮ ਪ੍ਰਸ਼ਾਸਨ ਤੋਂ ਤੁਰੰਤ ਹੱਲ ਦੀ ਮੰਗ ਕਰਦਿਆਂ ਚੇਤਾਵਨੀ ਦਿੱਤੀ ਕਿ ਜੇਕਰ ਹਾਲਾਤ ਨਾ ਸੁਧਰੇ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

ਸਿਵਲ ਸਰਜਨ ਵੱਲੋਂ ਸਿਵਲ ਹਸਪਤਾਲ ਅੰਮ੍ਰਿਤਸਰ ਦਾ ਅਚਨਚੇਤ ਦੌਰਾ; ਹੀਟ ਸਟ੍ਰੋਕ ਅਤੇ ਐਮਰਜੈਂਸੀ ਸੇਵਾਵਾਂ ਦੀ ਤਿਆਰੀ ਦਾ ਲਿਆ ਜਾਇਜ਼ਾ

ਅੰਮ੍ਰਿਤਸਰ, 26 ਮਈ (ਰਾਜੇਸ਼ ਡੈਨੀ) ਸਿਵਲ ਸਰਜਨ ਡਾ. ਸਤਿੰਦਰਜੀਤ ਸਿੰਘ ਬਜਾਜ ਵੱਲੋਂ ਸਿਵਲ ਹਸਪਤਾਲ ਅੰਮ੍ਰਿਤਸਰ ਦਾ ਅਚਨਚੇਤ ਦੌਰਾ ਕਰਕੇ ਐਮਰਜੈਂਸੀ ਸਿਹਤ ਸੇਵਾਵਾਂ ਦੇ ਕੰਮਕਾਜ ਅਤੇ ਚੱਲ ਰਹੇ ਗਰਮੀ ਦੇ ਮੌਸਮ ਦੌਰਾਨ ਹੀਟ ਵੇਵ ਅਤੇ ਹੀਟ ਸਟ੍ਰੋਕ ਸਬੰਧੀ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਇਸ ਦੌਰਾਨ ਐਮਰਜੈਂਸੀ ਵਾਰਡ, ਟਰੌਮਾ ਸੈਂਟਰ, ਇੰਟੈਂਸਿਵ ਕੇਅਰ ਯੂਨਿਟ ਅਤੇ ਮੁਰਦਾਘਰ ਦਾ ਵਿਸਥਾਰ ਨਾਲ ਨਿਰੀਖਣ ਕੀਤਾ ਗਿਆ। ਸਿਵਲ ਸਰਜਨ ਵੱਲੋਂ ਡਾਕਟਰਾਂ, ਨਰਸਿੰਗ ਸਟਾਫ ਅਤੇ ਹੋਰ ਸਹਾਇਕ ਕਰਮਚਾਰੀਆਂ ਨਾਲ ਗੱਲਬਾਤ ਕਰਕੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ, ਸਫਾਈ ਪ੍ਰਬੰਧ, ਦਵਾਈਆਂ ਦੀ ਉਪਲਬਧਤਾ, ਐਮਰਜੈਂਸੀ ਉਪਕਰਣਾਂ, ਆਕਸੀਜਨ ਸਪਲਾਈ ਅਤੇ ਡਿਊਟੀ ਰੋਸਟਰ ਦੀ ਸਮੀਖਿਆ ਕੀਤੀ ਗਈ। ਵਧ ਰਹੀਆਂ ਗਰਮੀਆਂ ਨੂੰ ਦੇਖਦਿਆਂ ਹੀਟ ਸਟ੍ਰੋਕ ਅਤੇ ਗਰਮੀ ਨਾਲ ਸੰਬੰਧਿਤ ਬਿਮਾਰੀਆਂ ਨਾਲ ਨਜਿੱਠਣ

ਲਈ ਕੀਤੀਆਂ ਤਿਆਰੀਆਂ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਸਿਵਲ ਸਰਜਨ ਵੱਲੋਂ ਠੰਢਕ ਪ੍ਰਬੰਧਾਂ, ਓ.ਆਰ.ਐਸ. ਪੈਕਟਾਂ, ਜ਼ਰੂਰੀ ਐਮਰਜੈਂਸੀ ਦਵਾਈਆਂ, ਆਈਸ ਪੈਕ, ਪੀਣ ਵਾਲੇ ਸਾਫ ਪਾਣੀ ਦੀ ਉਪਲਬਧਤਾ ਅਤੇ ਹੀਟ ਸਟ੍ਰੋਕ ਮਰੀਜ਼ਾਂ ਦੇ ਤੁਰੰਤ ਇਲਾਜ ਲਈ ਕਾਰਗਰ ਕੂਲਿੰਗ ਉਪਕਰਣਾਂ ਦੀ ਜਾਂਚ ਕੀਤੀ ਗਈ। ਉਨ੍ਹਾਂ ਵੱਲੋਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਸਾਰਾ ਐਮਰਜੈਂਸੀ ਸਟਾਫ ਪੂਰੀ ਤਰ੍ਹਾਂ ਸਚੇਤ ਰਹੇ ਅਤੇ ਗਰਮੀ ਨਾਲ ਸੰਬੰਧਿਤ ਕਿਸੇ ਵੀ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਰਹੇ। ਸਟਾਫ ਨੂੰ ਸਹੀ ਟ੍ਰਾਇਏਜ ਪ੍ਰਣਾਲੀ ਬਣਾਈ ਰੱਖਣ, ਗੰਭੀਰ ਮਰੀਜ਼ਾਂ ਨੂੰ ਤੁਰੰਤ ਇਲਾਜ ਮੁਹੱਈਆ ਕਰਵਾਉਣ ਅਤੇ ਲੋਕਾਂ ਨੂੰ ਤੇਜ਼ ਗਰਮੀ ਦੌਰਾਨ ਬਚਾਅ ਸਬੰਧੀ ਜਾਗਰੂਕ ਕਰਨ ਲਈ ਵੀ ਨਿਰਦੇਸ਼ ਦਿੱਤੇ ਗਏ। ਟਰੌਮਾ ਆਈ.ਸੀ.ਯੂ. ਅਤੇ ਐਮਰਜੈਂਸੀ ਰਿਸਪਾਂਸ ਮਕੈਨਿਜ਼ਮ ਦੇ ਕੰਮਕਾਜ ਦੀ ਵੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ ਤਾਂ ਜੋ ਹਾਦਸਾਗ੍ਰਸਤ ਅਤੇ ਐਮਰਜੈਂਸੀ ਮਰੀਜ਼ਾਂ ਨੂੰ ਬਿਨਾਂ ਰੁਕਾਵਟ ਸੰਕਟਮਈ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ। ਮੁਰਦਾਘਰ ਦੇ ਨਿਰੀਖਣ ਦੌਰਾਨ ਸਫਾਈ ਪ੍ਰਬੰਧ, ਰਿਕਾਰਡ ਸੰਭਾਲ ਅਤੇ ਸ਼ਵ ਸੰਭਾਲਣ ਵਾਲੀਆਂ ਸਹੂਲਤਾਂ ਦੇ ਸੁਚਾਰੂ ਕੰਮਕਾਜ ਦੀ ਜਾਂਚ ਕੀਤੀ ਗਈ। ਸਿਵਲ ਸਰਜਨ ਨੇ ਜ਼ੋਰ ਦੇ ਕੇ ਕਿਹਾ ਕਿ ਮਰੀਜ਼ਾਂ ਦੀ ਸੰਭਾਲ, ਐਮਰਜੈਂਸੀ ਤਿਆਰੀਆਂ ਅਤੇ ਲੋਕ ਸੁਰੱਖਿਆ ਸਿਹਤ ਵਿਭਾਗ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਸਾਰੇ ਸੰਬੰਧਿਤ ਅਧਿਕਾਰੀਆਂ ਨੂੰ ਉੱਚ ਮਿਆਰੀ ਸਿਹਤ ਸੇਵਾਵਾਂ ਯਕੀਨੀ ਬਣਾਉਣ ਅਤੇ ਗਰਮੀ ਦੇ ਮੌਸਮ ਦੌਰਾਨ ਹਰ ਐਮਰਜੈਂਸੀ ਸਥਿਤੀ ਦਾ ਤੁਰੰਤ ਜਵਾਬ ਦੇਣ ਲਈ ਨਿਰਦੇਸ਼ ਦਿੱਤੇ।

ਸੋਢਲ ਮੰਦਰ ਨੇੜੇ ਘਰ ਵਿੱਚ ਭਿਆਨਕ ਅੱਗ, ਮੰਦਰ ਵਿੱਚ ਜਗਾਈ ਜੋਤ ਤੋਂ ਭੜਕੀ ਅੱਗ, ਫਾਇਰ ਬ੍ਰਿਗੇਡ ਦੀਆਂ 3 ਗੱਡੀਆਂ ਨੇ ਮੌਕੇ 'ਤੇ ਪਾਇਆ ਕਾਬੂ

ਜਲੰਧਰ, 26 ਮਈ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਜਲੰਧਰ ਦੇ ਸੋਢਲ ਮੰਦਰ ਦੀ ਬੈਕਸਾਈਡ ਬੰਟੀ ਟੈਂਟ ਹਾਊਸ ਵਾਲੀ ਗਲੀ ਵਿੱਚ ਸਥਿਤ ਇਕ ਘਰ ਵਿੱਚ ਭਿਆਨਕ ਅੱਗ ਲੱਗਣ ਦੀ ਘਟਨਾ ਸਾਹਮਣੇ ਆਈ ਹੈ। ਅੱਗ ਨੇ ਕੁਝ ਹੀ ਸਮੇਂ ਵਿੱਚ ਭਿਆਨਕ ਰੂਪ ਧਾਰਨ ਕਰ ਲਿਆ, ਜਿਸ ਕਾਰਨ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ।

ਅੱਗ ਦੀਆਂ ਉੱਚੀਆਂ ਲਪਟਾਂ ਦੂਰੋਂ ਹੀ ਨਜ਼ਰ ਆ ਰਹੀਆਂ ਸਨ, ਜਦਕਿ ਕਾਲੇ ਧੂੰਏਂ ਦੇ ਗੁਬਾਰ ਨੇ ਪੂਰੇ ਆਸਮਾਨ ਨੂੰ ਢੱਕ ਲਿਆ। ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਇਲਾਕਾ ਵਾਸੀਆਂ ਨੇ ਤੁਰੰਤ ਫਾਇਰ ਬ੍ਰਿਗੇਡ ਵਿਭਾਗ ਨੂੰ ਸੂਚਿਤ ਕੀਤਾ। ਮੌਕੇ 'ਤੇ ਪਹੁੰਚੀਆਂ ਫਾਇਰ ਬ੍ਰਿਗੇਡ ਦੀਆਂ ਤਿੰਨ ਗੱਡੀਆਂ ਅਤੇ ਕਰਮਚਾਰੀਆਂ ਨੇ ਕੜੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਇਸ ਹਾਦਸੇ ਵਿੱਚ ਘਰ ਦੀ ਪਹਿਲੀ ਮੰਜ਼ਿਲ 'ਤੇ ਪਿਆ ਵੱਡਾ ਸਮਾਨ ਸੜ ਕੇ ਸੁਆਹ ਹੋ ਗਿਆ, ਹਾਲਾਂਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਪੀੜਤ ਸ਼ੀਤਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਮਕਾਨ ਨੰਬਰ 302 ਹੈ ਅਤੇ ਘਰ ਦੇ ਮੰਦਰ ਵਿੱਚ ਜੋਤ ਜਗਾਈ ਹੋਈ ਸੀ। ਇਸ ਦੌਰਾਨ ਇੱਕ ਛੋਟਾ ਬੱਚਾ ਕਮਰੇ ਵਿੱਚ ਗਿਆ ਅਤੇ ਕੁਝ ਸਮੇਂ ਬਾਅਦ ਡਰਿਆ ਹੋਇਆ ਹੇਠਾਂ ਆ ਗਿਆ। ਉਸ ਤੋਂ ਬਾਅਦ ਮੰਦਰ ਵਿੱਚ ਅੱਗ ਲੱਗ ਗਈ ਜੋ ਚਿੰਗਾਰੀ ਕਾਰਨ ਤੇਜ਼ੀ ਨਾਲ ਫੈਲ ਗਈ। ਉਨ੍ਹਾਂ ਦੱਸਿਆ ਕਿ ਉਸ ਵੇਲੇ ਉਹ ਹੇਠਾਂ ਸੌਂ ਰਹੇ ਸਨ। ਅੱਗ ਕਾਰਨ ਵਾਸ਼ਿੰਗ ਮਸ਼ੀਨ, ਪੱਖੇ, ਕੱਪੜੇ ਅਤੇ ਹੋਰ ਕੀਮਤੀ ਸਮਾਨ ਸੜ ਕੇ ਸੁਆਹ ਹੋ ਗਿਆ। ਮੌਕੇ 'ਤੇ ਮੌਜੂਦ ਸੁਸ਼ੀਲ ਕੁਮਾਰ ਨੇ ਦੱਸਿਆ ਕਿ ਉਹ ਆਪਣਾ ਆਟੋ ਲੈ ਕੇ ਜਾ ਰਹੇ ਸਨ ਤਾਂ ਉਨ੍ਹਾਂ ਨੇ ਘਰ ਦੀ ਛੱਤ 'ਤੇ ਅੱਗ ਲੱਗੀ ਦੇਖੀ। ਇਸ ਤੋਂ ਬਾਅਦ ਇਲਾਕਾ ਵਾਸੀਆਂ ਨੇ ਮਿਲ ਕੇ ਪਹਿਲਾਂ ਆਪਣੇ ਪੱਧਰ 'ਤੇ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ, ਪਰ ਅੱਗ ਤੇਜ਼ੀ ਨਾਲ ਫੈਲਦੀ ਚਲੀ ਗਈ। ਬਾਅਦ ਵਿੱਚ ਫਾਇਰ ਬ੍ਰਿਗੇਡ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾਇਆ। ਇਸ ਸਬੰਧੀ ਪਾਰਦ ਦੇ ਭਰਾ ਕੁਲਦੀਪ ਸ਼ਾਰਦਾ ਨੇ ਦੱਸਿਆ ਕਿ ਉਨ੍ਹਾਂ ਨੂੰ ਘਰ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ ਸੀ। ਉਨ੍ਹਾਂ ਕਿਹਾ ਕਿ ਘਟਨਾ ਦੌਰਾਨ ਇੱਕ ਬੱਚਾ ਛੱਤ 'ਤੇ ਖੇਡ ਰਿਹਾ ਸੀ ਅਤੇ ਅਚਾਨਕ ਮੰਦਰ ਵਿੱਚ ਅੱਗ ਲੱਗ ਗਈ, ਜਿਸ ਨੇ ਕੁਝ ਹੀ ਮਿੰਟਾਂ ਵਿੱਚ ਭਿਆਨਕ ਰੂਪ ਧਾਰਨ ਕਰ ਲਿਆ। ਉਨ੍ਹਾਂ ਦੱਸਿਆ ਕਿ ਫਾਇਰ ਬ੍ਰਿਗੇਡ ਦੀਆਂ ਤਿੰਨ ਗੱਡੀਆਂ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ ਗਿਆ। ਘਟਨਾ ਦੀ ਵੀਡੀਓ ਵੀ ਸਾਹਮਣੇ ਆਈ ਹੈ, ਜਿਸ ਵਿੱਚ ਘਰ ਦੀ ਛੱਤ ਤੋਂ ਨਿਕਲ ਰਹੀਆਂ ਅੱਗ ਦੀਆਂ ਲਪਟਾਂ ਅਤੇ ਧੂੰਏਂ ਦੇ ਗੁਬਾਰ ਸਪੱਸ਼ਟ ਤੌਰ 'ਤੇ ਵੇਖੇ ਜਾ ਸਕਦੇ ਹਨ। ਇਲਾਕਾ ਵਾਸੀਆਂ ਨੇ ਫਾਇਰ ਬ੍ਰਿਗੇਡ ਦੀ ਤੁਰੰਤ ਕਾਰਵਾਈ ਦੀ ਸਰਾਹਨਾ ਕੀਤੀ ਹੈ।

ਫੂਡ ਸੇਫਟੀ ਸਹਾਇਕ ਕਮਿਸ਼ਨਰ ਹਰਪ੍ਰੀਤ ਕੌਰ ਵਲੋਂ ਮਿਡ ਡੇ ਮੀਲ ਵਰਕਰਾਂ ਨੂੰ ਫੂਡ ਸੇਫਟੀ ਸਬੰਧੀ ਟ੍ਰੇਨਿੰਗ ਦਿੱਤੀ ਗਈ

ਨਵਾਂਸ਼ਹਿਰ /ਕਾਠਗੜ੍ਹ, 26 ਮਈ (ਜਤਿੰਦਰ ਪਾਲ ਸਿੰਘ ਕਲੇਰ) ਮੈਡਮ ਰੇਨੂੰ ਭਨੋਟ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦਸਿਆ ਕਿ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਸਿਆਣਾ ਵਿੱਚ ਫੂਡ ਸੇਫਟੀ ਸਹਾਇਕ ਕਮਿਸ਼ਨਰ ਹਰਪ੍ਰੀਤ ਕੌਰ ਦੀ ਰਹਿਨੁਮਾਈ ਹੇਠ ਮਿਡ ਡੇ ਮੀਲ ਵਰਕਰਾਂ ਲਈ ਫੂਡ ਸੇਫਟੀ ਅਤੇ ਸਫਾਈ ਸਬੰਧੀ ਵਿਸ਼ੇਸ ਟ੍ਰੇਨਿੰਗ ਕਰਵਾਈ ਗਈ ਟ੍ਰੇਨਿੰਗ ਦੌਰਾਨ ਵਰਕਰਾਂ ਨੂੰ ਸਕੂਲੀ ਬੱਚਿਆਂ ਲਈ ਬਣਾਏ ਜਾਣ ਵਾਲੇ ਭੋਜਨ ਸੁਰੱਖਿਆ ਅਤੇ ਸਫਾਈ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ

ਅਧਿਕਾਰੀਆਂ ਵਲੋਂ ਸਾਫ ਪੀਣ ਵਾਲੇ ਪਾਣੀ ਦੀ ਵਰਤੋਂ ਕਣਕ ਅਤੇ ਚੋਲਾਂ ਦੀ ਸਫਾਈ, ਸਾਫ ਸੁਥਰੇ ਢੰਗ ਨਾਲ ਖਾਣਾ ਤਿਆਰ ਕਰਨ ਅਤੇ ਰਸੋਈ ਦੀ ਸਫਾਈ ਬਣਾਈ ਰੱਖਣ ਬਾਰੇ ਜਾਗਰੂਕ ਕੀਤਾ ਇਸ ਤੋਂ ਇਲਾਵਾ ਵਰਕਰਾਂ ਨੂੰ ਨਿੱਜੀ ਸਫਾਈ, ਖਾਣ ਪੀਣ ਵਾਲੀਆਂ ਵਸਤੂਆਂ ਦੀ ਸਹੀ ਸੰਭਾਲ ਅਤੇ ਸਿਹਤ ਸੰਬੰਧੀ ਸਾਵਧਾਨੀਆਂ ਵਾਰੇ ਵੀ ਜਾਣਕਾਰੀ ਦਿੱਤੀ ਗਈ ਇਸ ਮੌਕੇ ਸੰਗੀਤਾ ਸਹਿਦੇਵ ਫੂਡ ਸੇਫਟੀ ਅਫ਼ਸਰ ਨੇ ਕਿਹਾ ਕਿ ਬੱਚਿਆਂ ਨੂੰ ਸੁਰੱਖਿਅਤ ਅਤੇ ਪੋਸ਼ਟਿਕ ਭੋਜਨ ਮੁਹਈਆ ਕਰਵਾਉਣਾ ਹਰ ਵਰਕਰ ਦੀ ਜਿੰਮੇਵਾਰੀ ਹੈ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਅਵਤਾਰ ਸਿੰਘ ਅਤੇ ਬਲਾਕ ਰਿਸੋਰਸ ਪਰਸਨ ਯਸ਼ਪਾਲ ਨੇ ਸਾਂਝੇ ਤੌਰ ਤੇ ਕਿਹਾ ਕਿ ਇਸ ਟ੍ਰੇਨਿੰਗ ਦਾ ਮਕਸਦ ਸਕੂਲਾਂ ਵਿੱਚ ਭੋਜਨ ਦੀ ਗੁਣਵਤਾ ਅਤੇ ਸਿਹਤ ਮਾਪਦੰਡਾ ਪ੍ਰਤੀ ਜਾਗਰੂਕਤਾ ਵਧਾਉਣਾ ਹੈ ਸੁਰੱਖਿਅਤ ਭੋਜਨ -ਸਿਹਤਮੰਦ ਬੱਚੇ, ਸਿਹਤਮੰਦ ਭਵਿੱਖ

ਪਾਸਟਰਾਂ ਨੂੰ ਮਸੀਹ 'ਸੇਵਾ ਰਤਨ ਅਵਾਰਡ 2026' ਨਾਲ ਸਨਮਾਨਿਤ ਕੀਤਾ, 25 ਮਈ ਨੂੰ ਪਾਸਟਰ ਡੇ ਵਜੋਂ ਵਿਸ਼ਵ ਪੱਧਰ 'ਤੇ ਸਥਾਪਿਤ ਕੀਤਾ: ਪਾ. ਸਰਬਜੀਤ ਸਾਬਾ, ਰਾਜਵਿੰਦਰ ਮਿੱਠਾ

ਗੋਇੰਦਵਾਲ ਸਾਹਿਬ, 26 ਮਈ (ਨਰਿੰਦਰਪਾਲ ਸਿੰਘ ਕਾਲੜਾ) ਬੀਤੀ ਕੱਲ੍ਹ ਰਾਤ ਕਸਬਾ ਗੋਇੰਦਵਾਲ ਵਿਖੇ ਇੱਕ ਵਿਸ਼ੇਸ਼ ਸੇਵਾ ਰਤਨ ਅਵਾਰਡ 2026 ਬੈਥਏਲ ਚਰਚ ਕੌਂਸਲ ਤੇ ਸਰਬਜੀਤ ਸਾਬਾ ਮਨਿਸਟਰੀ ਵਲੋਂ ਅਯੋਜਨ ਕੀਤਾ ਗਿਆ। ਇਸ ਮੌਕੇ ਪਾਸਟਰ ਸਰਬਜੀਤ ਸਾਬਾ ਨੇ ਲੰਬੇ ਸਮੇਂ ਤੋਂ ਪ੍ਰਚਾਰ ਕਰਨ ਵਾਲੇ ਪਾਸਟਰਾਂ ਨੂੰ ਮਸੀਹ 'ਸੇਵਾ ਰਤਨ ਪੁਰਸਕਾਰ 2026' ਨਾਲ ਸਨਮਾਨਿਤ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਇਹ ਸਮਾਗਮ ਪੰਜਾਬ ਵਿੱਚ ਹਰ ਸਾਲ ਹਰ ਜਿਲ੍ਹੇ ਵਿੱਚ ਮਨਾਇਆ ਜਾਵੇਗਾ ਜਿਸ ਵਿਚ ਲੰਬੇ ਸਮੇਂ ਤੋਂ ਸ਼ੁੱਭ ਸਮਾਚਾਰ ਦਾ ਪ੍ਰਚਾਰ ਕਰ ਰਹੇ ਪਾਸਟਰ ਸਹਿਬਾਨਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਸਮੇਂ ਪਾਸਟਰ ਸਰਬਜੀਤ ਸਾਬਾ ਤੇ

ਰਾਜਵਿੰਦਰ ਮਿੱਠਾ ਨੇ ਕਿਹਾ ਕਿ ਅੱਜ 25 ਮਈ ਨੂੰ ਪਾਸਟਰ ਡੇ ਵਜੋਂ ਵਿਸ਼ਵ ਪੱਧਰ 'ਤੇ ਸਥਾਪਿਤ ਕੀਤਾ ਗਿਆ ਹੈ। ਇਸ ਦਿਨ ਮਸੀਹ ਭਾਈਚਾਰਾ ਪਾਸਟਰ ਡੇ ਮੌਕੇ ਪਾਸਟਰਾਂ ਨੂੰ ਮਾਨ ਸਨਮਾਨ, ਸੁਸਮਾਚਾਰ ਸੇਵਾ ਦੀ ਕਦਰ, ਆਤਮਿਕ ਸੇਵਾ ਲਈ ਉਤਸ਼ਾਹ, ਪ੍ਰਾਰਥਨਾ, ਬਾਈਬਲ ਡਿਸਟ੍ਰੀਬਿਊਸ਼ਨ ਅਤੇ ਹੋਰ ਧਾਰਮਿਕ ਸੇਵਾਵਾਂ ਕੀਤੀਆਂ ਜਾ ਸਕਦੀਆਂ ਹਨ। ਇਸ ਮੌਕੇ ਪਾਸਟਰ ਸੌਖਾ ਮਸੀਹ, ਬਿਸ਼ਪ ਜੌਰਜ ਮਸੀਹ, ਪਾਸਟਰ ਰਣਜੀਤ, ਬਿਸ਼ਪ ਜਤਿੰਦਰ ਸਟੀਫਨ ਪਟਿਆਲਾ, ਪਾ ਵਿਲੀਅਮ, ਪਾ ਮੱਤੀ ਦਾਸ, ਪਾ ਬਿਕਰਮ, ਪਾ ਪ੍ਰੇਮ ਪੌਲ, ਪਾ ਗੁਰਪ੍ਰੀਤ ਗੋਪੀ, ਪਾ ਨਰਿੰਦਰ ਮਿੰਟੂ, ਪਾ ਜਤਿੰਦਰ, ਪਾ ਜਰਨੈਲ, ਪਾ ਬਲਵਿੰਦਰ ਜੌਹਨ, ਪਾ ਸਵਰਾਜ, ਪਾ ਹੀਰਾ, ਪਾ ਕੁਲਦੀਪ ਸੰਘਰ,ਪਾ ਸੋਨੂੰ, ਪਾ ਜੋਗਾ ਸਿੰਘ ਅਟਵਾਲ, ਪਾ ਅਨਵਰ ਮਸੀਹ, ਪਾ ਫਿਲਪਸ, ਪਾ ਰਾਜ, ਪਾ ਕੁਲਦੀਪ ਹੰਸ, ਪਾ ਵੀਨਸ ਗਿੱਲ,ਪਾ ਪੀਟਰ, ਪਾ ਮੀਰਾ ਆਦਿ ਹਾਜ਼ਰ ਸਨ ।

ਚੋਣ ਆਬਜ਼ਰਵਰ ਰਾਕੇਸ਼ ਕੁਮਾਰ ਪੋਪਲੀ ਵੱਲੋਂ ਵੱਖ ਵੱਖ ਪੋਲਿੰਗ ਕੇਂਦਰਾਂ ਦਾ ਦੌਰਾ

ਗੁਰਦਾਸਪੁਰ, 26 ਮਈ (ਗੁਲਸ਼ਨ ਕੁਮਾਰ ਰਣੀਆਂ) ਜ਼ਿਲ੍ਹਾ ਗੁਰਦਾਸਪੁਰ ਲਈ ਨਿਯੁਕਤ ਚੋਣ ਆਬਜ਼ਰਵਰ ਰਾਕੇਸ਼ ਕੁਮਾਰ ਪਿਪਲੀ ਵਲੋਂ ਧਾਰੀਵਾਲ ਅਤੇ ਬਟਾਲਾ ਸਮੇਤ ਵੱਖ ਵੱਖ ਪੋਲਿੰਗ ਬੂਥਾਂ ਦਾ ਦੌਰਾ ਕੀਤਾ ਗਿਆ ਤੇ ਵੋਟਰਾਂ ਨਾਲ ਗੱਲਬਾਤ ਕਰਕੇ ਚੋਣ ਪ੍ਰਕਿਰਿਆ ਦਾ ਜਾਇਜ਼ਾ

ਲਿਆ। ਇਸ ਮੌਕੇ ਕੁਲਦੀਪ ਚੋਣ ਸਹਾਇਕ ਕਮਿਸ਼ਨਰ (ਜ) -ਕਮ - ਰਿਟਰਨਿੰਗ ਅਫਸਰ ਧਾਰੀਵਾਲ ਵੀ ਮੌਜੂਦ ਸਨ।ਚੋਣ ਆਬਜ਼ਰਵਰ ਵਲੋਂ ਪੋਲਿੰਗ ਸੈਂਟਰਾਂ ਦਾ ਜਾਇਜ਼ਾ ਲਿਆ ਗਿਆ ਅਤੇ ਵੋਟਿੰਗ ਪ੍ਰਕਿਰਿਆ ਪੂਰੀ ਤਰ੍ਹਾਂ ਸ਼ਾਂਤੀਪੂਰਵਕ ਤਰੀਕੇ ਨਾਲ ਚੱਲ ਰਹੀ ਸੀ। ਦੌਰੇ ਦੌਰਾਨ ਉਨ੍ਹਾਂ ਪ੍ਰਿਜ਼ਾਈਡਿੰਗ ਅਫ਼ਸਰਾਂ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਚੋਣ ਏਜੰਟਾਂ ਨਾਲ ਗੱਲਬਾਤ ਕਰਕੇ ਚੋਣ ਪ੍ਰਬੰਧਾਂ ਬਾਰੇ ਫੀਡਬੈਕ ਲਈ ਇਸ ਮੌਕੇ ਚੋਣ ਆਬਜ਼ਰਵਰ ਵਲੋਂ ਪੋਲਿੰਗ ਕੇਂਦਰ ਤੇ ਆਏ ਬਜ਼ੁਰਗ ਵੋਟਰਾਂ ਨਾਲ ਵੀ ਗੱਲਬਾਤ ਕੀਤੀ। ਵੋਟਰਾਂ ਤੋਂ ਚੋਣ ਪ੍ਰਬੰਧਾਂ ਬਾਰੇ ਜਾਣਕਾਰੀ ਲਈ ਅਤੇ ਲੋਕਤੰਤਰ ਦੇ ਇਸ ਤਿਉਹਾਰ ਵਿੱਚ ਹਿੱਸਾ ਲੈਣ ਲਈ ਉਨ੍ਹਾਂ ਦਾ ਹੌਂਸਲਾ ਵਧਾਇਆ। ਉਨ੍ਹਾਂ ਦੱਸਿਆ ਕਿ ਚੋਣਾਂ ਦੌਰਾਨ ਵੋਟਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੋਟਰਾਂ ਦੀ ਸਹੂਲਤ ਲਈ ਪੋਲਿੰਗ ਕੇਂਦਰਾਂ ਤੇ ਪੁਖ਼ਤਾ ਇੰਤਜ਼ਾਮ ਕੀਤੇ ਗਏ ਹਨ।ਬਜ਼ੁਰਗਾਂ ਅਤੇ ਦਿਵਿਆਂਗ ਵੋਟਰਾਂ ਲਈ ਵ੍ਹੀਲ ਚੇਅਰਜ਼, ਗਰਮੀ ਤੋਂ ਬਚਾਅ ਲਈ ਛਾਂਦਾਰ ਥਾਂ (ਸ਼ੈੱਡ) ਅਤੇ ਪੀਣ ਲਈ ਸਾਫ਼ ਤੇ ਠੰਡੇ ਪਾਣੀ ਦੇ ਵਿਸ਼ੇਸ਼ ਪ੍ਰਬੰਧ ਅਮਲ ਵਿੱਚ ਲਿਆਂਦੇ ਗਏ ਹਨ ਤਾਂ ਜੋ ਕਿਸੇ ਵੀ ਨਾਗਰਿਕ ਨੂੰ ਵੋਟ ਪਾਉਣ ਵੇਲੇ ਕੋਈ ਦਿੱਕਤ ਨਾ ਆਵੇ।ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ, ਭੈਅ ਜਾਂ ਲਾਲਚ ਦੇ ਲੋਕਤੰਤਰ ਦੇ ਇਸ ਤਿਉਹਾਰ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਜ਼ਰੂਰ ਕਰਨ।

ਐਨੋਕੋਟ ਵਿੱਚ ਕਾਂਗਰਸ ਦੀ ਬੂਥ ਪੱਧਰੀ ਮੀਟਿੰਗ, ਲੋਕਾਂ ਨੂੰ ਪਾਰਟੀ ਨਾਲ ਜੁੜਨ ਦਾ ਦਿੱਤਾ ਸੱਦਾ

ਸ੍ਰੀ ਹਰਗੋਬਿੰਦਪੁਰ ਸਾਹਿਬ 26 ਮਈ (ਪ੍ਰਦੀਪ ਸਿੰਘ ਬੇਦੀ) ਇੰਜ ਹਰਵਿੰਦਰਪਾਲ ਸਿੰਘ ਸ਼ਾਹਬਾਦ ਵੱਲੋਂ ਪਿੰਡ-ਪਿੰਡ ਬੂਥ ਪੱਧਰ 'ਤੇ ਲੋਕਾਂ ਨੂੰ ਕਾਂਗਰਸ ਪਾਰਟੀ ਨਾਲ ਜੋੜਨ ਲਈ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਸ੍ਰੀ ਰਾਹੁਲ ਗਾਂਧੀ, ਸ੍ਰੀ ਰਜਿੰਦਰਪਾਲ ਗੌਤਮ ਆਲ ਇੰਡੀਆ ਚੈਅਰਮੈਨ ਐਸ ਸੀ/ਐਸ ਟੀ ਅਤੇ ਪੰਜਾਬ ਐਸ ਸੀ ਵਿੰਗ ਦੇ ਚੇਅਰਮੈਨ ਸ੍ਰੀ ਗੁਰਪ੍ਰੀਤ ਸਿੰਘ ਲੱਕੀ ਅਤੇ ਪਰਟੀ ਦੀ ਸੀਨੀਅਰ ਲੀਡਰਸ਼ਿਪ ਦੇ ਦੁਆਰਾ ਦਿਸ਼ਾ-ਨਿਰਦੇਸ਼ਾਂ ਹੇਠ ਅੱਜ ਪਿੰਡ ਐਨੋਕੋਟ ਵਿਖੇ ਕੰਵਲਜੀਤ ਸਿੰਘ ਪੁੱਤਰ ਹਰਭਜਨ ਸਿੰਘ ਦੇ ਗ੍ਰਹਿ ਵਿਖੇ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਲੋਕਾਂ ਨੂੰ ਕਾਂਗਰਸ ਪਾਰਟੀ ਦੀਆਂ ਨੀਤੀਆਂ ਅਤੇ ਭਵਿੱਖੀ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਇੰਜ ਹਰਵਿੰਦਰਪਾਲ ਸਿੰਘ ਸ਼ਾਹਬਾਦ, ਵਾਈਸ ਪ੍ਰਧਾਨ ਪੰਜਾਬ ਐਸ ਸੀ ਵਿੰਗ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਵੱਡੇ ਫਰਕ ਨਾਲ ਪੰਜਾਬ ਵਿੱਚ ਸਰਕਾਰ ਬਣਾਵੇਗੀ ਅਤੇ ਪੰਜਾਬ ਦੀ ਤਰੱਕੀ ਤੇ ਖੁਸ਼ਹਾਲੀ ਲਈ ਵਰਦਾਨ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪਿੰਡ ਪੱਧਰ 'ਤੇ ਮੀਟਿੰਗਾਂ ਦਾ ਸਿਲਸਿਲਾ ਜਾਰੀ ਰਹੇਗਾ ਅਤੇ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜ ਰਹੇ ਹਨ। ਇਸ ਮੌਕੇ ਸਰਵਨ ਸਿੰਘ, ਬਲਬੀਰ ਸਿੰਘ, ਸਤਨਾਮ ਸਿੰਘ, ਸੁਖਵਿੰਦਰ ਸਿੰਘ, ਮਨਜੀਤ ਸਿੰਘ, ਜਸਵੰਤ ਸਿੰਘ, ਲਖਵਿੰਦਰ ਸਿੰਘ ਸੰਧੂ, ਲਵਪ੍ਰੀਤ ਅਤੇ ਸੰਤੋਸ਼ ਮਸੀਹ ਸਮੇਤ ਹੋਰ ਹਾਜ਼ਰ ਸਨ।

ਈਦਗਾਹ ਮੀਆਂ ਸਮਦੂਸ਼ਾਹ ਸੁਲਤਾਨਵਿੰਡ ਰੋਡ ਵਿਖੇ 28 ਮਈ ਨੂੰ ਕੀਤੀ ਜਾਵੇਗੀ ਨਮਾਜ਼ ਅਦਾ

ਅੰਮ੍ਰਿਤਸਰ 26 ਮਈ (ਰਾਜੇਸ਼ ਡੈਨੀ) ਈਦ-ਉਲ-ਅਜ਼ਹਾ ਇਸਲਾਮ ਧਰਮ ਦਾ ਇੱਕ ਵੱਡਾ ਅਤੇ ਪਵਿੱਤਰ ਤਿਉਹਾਰ ਹੈ। ਮੁਸਲਿਮ ਭਾਈਚਾਰਾ ਇਸ ਦਿਨ ਸਵੇਰੇ ਈਦਗਾਹ ਅਤੇ ਮਸਜਿਦਾਂ ਵਿੱਚ ਵਿਸ਼ੇਸ਼ ਨਮਾਜ਼ ਅਦਾ ਕਰਦਾ ਹੈ। ਸ਼ਹਿਰੀ ਇਮਾਮ ਮੁਜ਼ਮਲ ਹੁਸੈਨ ਕਾਦਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਈਦ-ਉਲ-ਅਜ਼ਹਾ ਦਾ ਪਵਿੱਤਰ ਤਿਉਹਾਰ 28 ਮਈ ਨੂੰ ਈਦਗਾਹ ਕਬਰਸਤਾਨ ਇੰਤਜ਼ਾਮੀਆ ਵੱਲੋਂ

ਈਦਗਾਹ ਮੀਆਂ ਸਮਦੂਸ਼ਾਹ ਸੁਲਤਾਨਵਿੰਡ ਰੋਡ ਵਿਖੇ ਮਨਾਇਆ ਜਾਵੇਗਾ। ਇਸ ਮੌਕੇ ਤੇ 28 ਮਈ ਵੀਰਵਾਰ ਨੂੰ ਸਵੇਰੇ 9 ਵਜੇ ਈਦ-ਉਲ-ਅਜ਼ਹਾ ਦੀ ਨਮਾਜ਼ ਅਦਾ ਕੀਤੀ ਜਾਵੇਗੀ। ਇਸ ਤਿਉਹਾਰ ਦਾ ਮੁੱਖ ਉਦੇਸ਼ ਮਨੁੱਖਤਾ, ਭਾਈਚਾਰਕ ਸਾਂਝ ਅਤੇ ਰੱਬ ਪ੍ਰਤੀ ਸ਼ਰਧਾ ਅਤੇ ਕੁਰਬਾਨੀ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ।

ਡੀ.ਸੀ. ਵੱਲੋਂ ਸ਼ਾਂਤੀਪੂਰਨ ਅਤੇ ਸੁਚਾਰੂ ਚੋਣਾਂ ਲਈ ਵੋਟਰਾਂ, ਪੋਲਿੰਗ ਸਟਾਫ਼ ਅਤੇ ਉਮੀਦਵਾਰਾਂ ਦਾ ਧੰਨਵਾਦ

ਐਸ.ਬੀ.ਐਸ. ਨਗਰ, 26 ਮਈ (ਜਤਿੰਦਰ ਪਾਲ ਸਿੰਘ ਕਲੇਰ) ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਅੱਜ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਨਗਰ ਕੌਂਸਲ ਚੋਣਾਂ ਕਰਵਾਉਣ ਵਿੱਚ ਸਹਿਯੋਗ ਦੇਣ ਲਈ ਵੋਟਰਾਂ, ਪੋਲਿੰਗ ਅਤੇ ਸੁਰੱਖਿਆ ਸਟਾਫ਼, ਉਮੀਦਵਾਰਾਂ ਅਤੇ ਰਾਜਨੀਤਿਕ ਪਾਰਟੀਆਂ ਦਾ ਧੰਨਵਾਦ ਕੀਤਾ। ਪੋਲਿੰਗ ਪੂਰੀ ਤਰ੍ਹਾਂ ਸ਼ਾਂਤੀਪੂਰਨ ਰਹੀ ਅਤੇ ਜ਼ਿਲ੍ਹੇ ਦੇ ਕਿਸੇ ਵੀ ਪੋਲਿੰਗ ਬੂਥ ਤੋਂ ਕਿਸੇ ਵੀ ਅਣਸੁਖਾਵੀਂ

ਘਟਨਾ ਦੀ ਕੋਈ ਰਿਪੋਰਟ ਪ੍ਰਾਪਤ ਨਹੀਂ ਹੋਈ। ਡੀ.ਸੀ. ਨੇ ਕਿਹਾ ਕਿ ਸਵੇਰੇ 8 ਵਜੇ ਸ਼ੁਰੂ ਹੋਈ ਵੋਟਿੰਗ ਸ਼ਾਮ 5 ਵਜੇ ਤੱਕ ਸ਼ਾਂਤੀਪੂਰਵਕ ਢੰਗ ਨਾਲ ਮੁਕੰਮਲ ਹੋਈ ਅਤੇ ਵੋਟਿੰਗ ਦੌਰਾਨ ਹਿੰਸਾ ਦੀ ਕੋਈ ਘਟਨਾ ਸਾਹਮਣੇ ਨਹੀਂ ਆਈ। ਅੱਜ ਦੀ ਪੋਲਿੰਗ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਸਨ ਅਤੇ ਇਸ ਵੱਡੀ ਲੋਕਤੰਤਰੀ ਪ੍ਰਕਿਰਿਆ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਵੱਡੀ ਗਿਣਤੀ ਵਿੱਚ ਪੋਲਿੰਗ ਅਤੇ ਸੁਰੱਖਿਆ ਕਰਮਚਾਰੀ ਤਾਇਨਾਤ ਕੀਤੇ ਗਏ ਸਨ। ਉਨ੍ਹਾਂ ਸਮੂਹ ਰਾਜਨੀਤਿਕ ਪਾਰਟੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਪੋਲਿੰਗ ਸਟਾਫ਼ ਅਤੇ ਪੁਲਿਸ ਪ੍ਰਸ਼ਾਸਨ ਨੇ ਨਿਰਪੱਖ ਅਤੇ ਸੁਚਾਰੂ ਵੋਟਿੰਗ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।ਸ਼ਾਂਤੀਪੂਰਨ ਢੰਗ ਨਾਲ ਚੋਣਾਂ ਕਰਵਾਉਣ ਵਿੱਚ ਸਹਿਯੋਗ ਦੇਣ ਲਈ ਵੋਟਰਾਂ ਨੂੰ ਵੀ ਵਧਾਈ ਦਿੱਤੀ।

ਕਾਦੀਆਂ ਵਿਖੇ ਈਦ ਉਲ ਅਜ਼ਾ 28 ਮਈ ਨੂੰ

ਕਾਦੀਆਂ 26 ਮਈ (ਅਸ਼ੋਕ ਨਈਅਰ) ਮੁਸਲਿਮ ਜਮਾਤ ਅਹਿਮਦੀਆ ਦੇ ਬੁਲਾਰੇ ਮੌਲਾਨਾ ਕੇ ਤਾਰਿਕ ਅਹਿਮਦ ਨੇ ਜਾਰੀ ਪ੍ਰੈਸ ਰਿਲੀਜ਼ ਰਾਹੀਂ ਦੱਸਿਆ ਹੈ ਕਿ ਜਿੱਥੇ ਦੁਨੀਆ ਭਰ ਦੇ ਮੁਸਲਿਮ ਭਾਈਚਾਰੇ ਦੇ ਲੋਕ ਈਦ ਉਲ ਅਜ਼ਾ ਬੜੀ ਸ਼ਰਧਾ ਅਤੇ ਉਤਸ਼ਾਹ ਪੂਰਵਕ ਮਨਾ ਰਹੇ ਹਨ। ਉੱਥੇ ਕਾਦੀਆਂ ਵਿਖੇ 28 ਮਈ ਨੂੰ ਈਦ ਉਲ ਅਜ਼ਾਂ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਮੌਕੇ ਜਾਣਕਾਰੀ ਦਿੰਦਿਆਂ ਉਹਨਾਂ ਦੱਸਿਆ



ਕਿ ਕਾਦੀਆਂ ਵਿਖੇ ਈਦ ਦੀ ਨਮਾਜ਼ ਸਵੇਰੇ 8:30 ਮਿੰਟ ਤੇ ਅਦਾ ਕੀਤੀ ਜਾਵੇਗੀ। ਉਹਨਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸੰਬੰਧ ਵਿੱਚ ਮੁਸਲਿਮ ਜਮਾਤ ਅਹਿਮਦੀਆ ਦੇ ਮੁੱਖ ਕੇਂਦਰ ਕਾਦੀਆਂ ਵਿਖੇ ਈਦ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।

ਡਿਪਟੀ ਕਮਿਸ਼ਨਰ ਵੱਲੋਂ ਬਲਾਚੌਰ ਦੀ ਇਮੀਗ੍ਰੇਸ਼ਨ ਫਰਮ ਦਾ ਲਾਇਸੈਂਸ ਰੱਦ

ਸ਼ਹੀਦ ਭਗਤ ਸਿੰਘ ਨਗਰ, 26 ਮਈ(ਜਤਿੰਦਰ ਪਾਲ ਸਿੰਘ ਕਲੇਰ) ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਗੁਲਪ੍ਰੀਤ ਸਿੰਘ ਔਲਖ ਨੇ ਪੰਜਾਬ ਟਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਐਕਟ, 2012 ਦੀਆਂ ਵਿਵਸਥਾਵਾਂ ਤਹਿਤ ਬਲਾਚੌਰ ਵਿਖੇ ਸਥਿਤ ਇਮੀਗ੍ਰੇਸ਼ਨ ਫਰਮ ਮੈਸਰਜ਼ ਬ੍ਰੈਂਪਟਨ ਇਮੀਗ੍ਰੇਸ਼ਨ ਐਂਡ ਆਈ.ਈ.ਐਲ.ਟੀ.ਐਸ. ਇੰਸਟੀਚਿਊਟ ਦਾ ਲਾਇਸੈਂਸ ਰੱਦ ਕਰ ਦਿੱਤਾ ਹੈ। ਜਾਰੀ ਅਧਿਕਾਰਤ ਹੁਕਮਾਂ ਅਨੁਸਾਰ ਫਰਮ ਦੇ ਮਾਲਕ ਵਰਿੰਦਰ ਕੁਮਾਰ ਬਜਾੜ ਨੇ ਖੁਦ ਹੀ ਸੰਸਥਾ ਨੂੰ ਜਾਰੀ ਕੀਤੇ ਲਾਇਸੈਂਸ ਨੂੰ ਰੱਦ ਕਰਨ ਲਈ ਅਰਜ਼ੀ ਦਿੱਤੀ ਸੀ। ਪੁਲਿਸ ਅਧਿਕਾਰੀਆਂ ਵੱਲੋਂ ਤਸਦੀਕ ਅਤੇ ਰਿਪੋਰਟ ਪੇਸ਼ ਕੀਤੇ ਜਾਣ ਤੋਂ ਬਾਅਦ ਜ਼ਿਲ੍ਹਾ ਪ੍ਰਸ਼ਾਸਨ ਨੇ ਪੰਜਾਬ ਟਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਐਕਟ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਲਾਇਸੈਂਸ ਰੱਦ ਕਰ ਦਿੱਤਾ। ਪ੍ਰਸ਼ਾਸਨ ਇਮੀਗ੍ਰੇਸ਼ਨ ਖੇਤਰ ਵਿੱਚ ਗੈਰ-ਕਾਨੂੰਨੀ ਆਪਰੇਟਰਾਂ ਵੱਲੋਂ ਲੋਕਾਂ ਨਾਲ ਧੋਖਾਧੜੀ ਅਤੇ ਸ਼ੋਸ਼ਣ ਤੋਂ ਬਚਾਉਣ ਅਤੇ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਸਫ਼ਾ ਇੱਕ ਦੀਆਂ ਬਾਕੀ...

ਪੰਜਾਬ ਨਗਰ ਨਿਗਮ ਚੋਣਾਂ.....

ਵਿੱਚ ਬਦਲ ਗਿਆ, ਜਿਸ ਨਾਲ ਵਾਰਡ ਨੰਬਰ 4 ਜੰਗ ਦੇ ਮੈਦਾਨ ਵਿੱਚ ਬਦਲ ਗਿਆ। ਪੁਲਿਸ ਦੀ ਮੌਜੂਦਗੀ ਵਿੱਚ, ਟਰੱਕ ਯੂਨੀਅਨ ਦੇ ਪ੍ਰਧਾਨ ਅਤੇ 'ਆਪ' ਵਿਧਾਇਕ ਹਾਕਮ ਸਿੰਘ ਠੇਕੇਦਾਰ ਦੇ ਮੁੱਖ ਸਹਿਯੋਗੀ ਬਿਦਰਜੀਤ ਸਿੰਘ ਗਿੱਲ ਨੂੰ ਵਾਰਡ ਨੰਬਰ 4 ਵਿੱਚ ਕਾਂਗਰਸੀ ਉਮੀਦਵਾਰ ਜਗਦੇਵ ਸਿੰਘ ਜੱਗਾ ਦੇ ਸਮਰਥਕਾਂ ਨੇ ਬੁਰੀ ਤਰ੍ਹਾਂ ਕੁੱਟਿਆ। ਇੱਟਾਂ ਅਤੇ ਪੱਥਰ ਸੁੱਟੇ ਗਏ, ਅਤੇ ਝਗੜੇ ਦੌਰਾਨ ਬਿਦਰਜੀਤ ਸਿੰਘ ਗਿੱਲ ਦੀ ਪੱਗ ਲਾਹ ਦਿੱਤੀ ਗਈ। ਰਾਏਕੋਟ ਨਗਰ ਕੌਂਸਲ ਚੋਣਾਂ ਵਿੱਚ ਵਾਰਡ ਨੰਬਰ 4 ਤੋਂ ਕਾਂਗਰਸੀ ਉਮੀਦਵਾਰ ਜਗਦੇਵ ਸਿੰਘ ਜੱਗਾ ਦਾ ਅਪਰਾਧਿਕ ਰਿਕਾਰਡ ਹੈ; ਇਸੇ ਤਰ੍ਹਾਂ, ਟਰੱਕ ਯੂਨੀਅਨ ਦੇ ਪ੍ਰਧਾਨ ਬਿਦਰਜੀਤ ਸਿੰਘ ਗਿੱਲ ਵਿਰੁੱਧ ਦਰਜਨਾਂ ਅਪਰਾਧਿਕ ਮਾਮਲੇ ਦਰਜ ਹਨ। ਜਗਦੇਵ ਸਿੰਘ ਜੱਗਾ ਅਤੇ ਬਿਦਰਜੀਤ ਸਿੰਘ ਗਿੱਲ - ਜੋ ਕਦੇ ਅਕਾਲੀ ਦਲ ਵਿੱਚ ਇਕੱਠੇ ਕੰਮ ਕਰਦੇ ਸਨ - ਹੁਣ ਕੱਟੜ ਵਿਰੋਧੀ ਬਣ ਗਏ ਹਨ। ਜੱਗਾ ਕਾਂਗਰਸ ਦੇ ਉਮੀਦਵਾਰ ਵਜੋਂ ਵਾਰਡ ਨੰਬਰ 4 ਤੋਂ ਚੋਣ ਲੜ ਰਹੇ ਹਨ, ਜਦੋਂ ਕਿ ਅਮਨਦੀਪ ਸਿੰਘ ਮਾਂਗਟ – ਜੋ ਕਿ ਬਿਦਰਜੀਤ ਸਿੰਘ ਗਿੱਲ ਦੇ ਕਰੀਬੀ ਸਾਥੀ ਹਨ – 'ਆਪ' ਦੀ ਨੁਮਾਇੰਦਗੀ ਕਰਦੇ ਹੋਏ ਚੋਣ ਮੈਦਾਨ ਵਿੱਚ ਹਨ। ਚੋਣਾਂ ਤੋਂ ਪਹਿਲਾਂ, ਦੋਵਾਂ ਧੜਿਆਂ ਦੇ ਸਮਰਥਕ – ਜੋ ਘਰ-ਘਰ ਪ੍ਰਚਾਰ ਕਰ ਰਹੇ ਸਨ – ਸਵੇਰੇ 9:30 ਵਜੇ ਇੱਕ ਦੂਜੇ ਦੇ ਸਾਹਮਣੇ ਆ ਗਏ, ਜਿਸ ਕਾਰਨ ਹਿੰਸਕ ਝੜਪ ਹੋ ਗਈ। ਧੂਰੀ ਵਿੱਚ, ਰਾਜਨੀਤਿਕ ਤਣਾਅ ਉਸ ਸਮੇਂ ਸਿਖਰ 'ਤੇ ਪਹੁੰਚ ਗਿਆ ਜਦੋਂ ਕੇਂਦਰੀ ਰਾਜ ਮੰਤਰੀ, ਰਵਨੀਤ ਸਿੰਘ ਬਿੱਟੂ ਨੂੰ ਭਾਰੀ ਪੁਲਿਸ ਟੁਕੜੀ ਨੇ ਰੋਕ ਲਿਆ, ਜਿਸਨੇ ਸੜਕ ਦੇ ਪਾਰ ਬੈਰੀਕੇਡ ਲਗਾਏ ਹੋਏ ਸਨ। ਇਹ ਜਾਣਕਾਰੀ ਮਿਲਣ 'ਤੇ ਕਿ ਭਾਜਪਾ ਨੇਤਾ ਪ੍ਰੋ. ਓਅੰਕਾਰ ਸਿੰਘ ਸਿੱਧੂ ਨੂੰ ਪੁਲਿਸ ਹਿਰਾਸਤ ਵਿੱਚ ਲੈ ਲਿਆ ਗਿਆ ਹੈ, ਬਿੱਟੂ - ਜੋ ਕਿ ਧੂਰੀ ਜਾ ਰਿਹਾ ਸੀ - ਪੁਲਿਸ ਅਧਿਕਾਰੀਆਂ ਨਾਲ ਗਰਮਾ-ਗਰਮ ਬਹਿਸ ਵਿੱਚ ਉਲਝ ਗਿਆ। ਪੁਲਿਸ ਨੇ ਕੇਂਦਰੀ ਮੰਤਰੀ ਦੇ ਕਾਫ਼ਲੇ ਨੂੰ ਰੋਕਣ ਲਈ ਸੜਕ ਦੇ ਵਿਚਕਾਰ ਵਾਹਨ ਖੜ੍ਹੇ ਕੀਤੇ ਸਨ। ਸੰਗਰੂਰ ਦੇ ਐਸਐਸਪੀ ਡਾ. ਸਰਤਾਜ ਸਿੰਘ ਗਰੇਵਾਲ, ਐਸਪੀ ਦਵਿੰਦਰ ਅੱਤਰੀ ਅਤੇ ਧੂਰੀ ਦੇ ਡੀਐਸਪੀ ਸਮੇਤ ਭਾਰੀ ਪੁਲਿਸ ਫੋਰਸ ਮੌਕੇ 'ਤੇ ਤਾਇਨਾਤ ਰਹੀ। ਜਦੋਂ ਰਵਨੀਤ ਸਿੰਘ ਬਿੱਟੂ ਨੇ ਪੁਲਿਸ ਅਧਿਕਾਰੀਆਂ ਤੋਂ ਪ੍ਰੋ. ਸਿੱਧੂ ਦਾ ਪਤਾ ਪੁੱਛਿਆ, ਤਾਂ ਉਨ੍ਹਾਂ ਨੂੰ ਦੱਸਿਆ ਗਿਆ ਕਿ ਸਿੱਧੂ ਨੂੰ ਸੰਗਰੂਰ ਰੈਸਟ ਹਾਊਸ ਲਿਜਾਇਆ ਗਿਆ ਹੈ। ਇਸ ਤੋਂ ਬਾਅਦ, ਬਿੱਟੂ ਆਪਣੇ ਕਾਫ਼ਲੇ ਨਾਲ ਸੰਗਰੂਰ ਰੈਸਟ ਹਾਊਸ ਪਹੁੰਚੇ, ਪਰ ਸਿੱਧੂ ਉੱਥੇ ਨਹੀਂ ਮਿਲੇ। ਮੀਡੀਆ ਨਾਲ ਗੱਲ ਕਰਦੇ ਹੋਏ, ਕੇਂਦਰੀ ਮੰਤਰੀ ਬਿੱਟੂ ਨੇ ਪੰਜਾਬ ਪੁਲਿਸ 'ਤੇ ਗੰਭੀਰ ਦੋਸ਼ ਲਗਾਏ। ਉਨ੍ਹਾਂ ਕਿਹਾ ਕਿ ਪੁਲਿਸ ਨੇ ਪਹਿਲਾਂ ਪ੍ਰੋ. ਸਿੱਧੂ ਨੂੰ ਹਿਰਾਸਤ ਵਿੱਚ ਲੈ ਲਿਆ ਸੀ ਅਤੇ ਧੂਰੀ ਸਿਟੀ ਪੁਲਿਸ ਸਟੇਸ਼ਨ ਲੈ ਗਈ ਸੀ। ਹਾਲਾਂਕਿ, ਜਿਵੇਂ ਹੀ ਪੁਲਿਸ ਨੂੰ ਪਤਾ ਲੱਗਾ ਕਿ ਉਹ (ਬਿੱਟੂ) ਧੂਰੀ ਆ ਰਿਹਾ ਹੈ, ਉਨ੍ਹਾਂ ਨੇ ਸਿੱਧੂ ਨੂੰ ਸੰਗਰੂਰ ਭੇਜ ਦਿੱਤਾ। ਸੰਗਰੂਰ ਪਹੁੰਚਣ 'ਤੇ, ਪੁਲਿਸ ਉਨ੍ਹਾਂ ਨੂੰ ਧੂਰੀ ਵਾਪਸ ਲੈ ਗਈ। 'ਪੁਲਿਸ ਸਾਡੇ ਨਾਲ ਲੁਕਣਮੀਟੀ ਦੀ ਖੇਡ ਖੇਡ ਰਹੀ ਹੈ,' ਉਨ੍ਹਾਂ ਟਿੱਪਣੀ ਕੀਤੀ। ਭਗਵੰਤ ਮਾਨ ਸਰਕਾਰ 'ਤੇ ਸਿੱਧਾ ਹਮਲਾ ਕਰਦੇ ਹੋਏ, ਰਵਨੀਤ ਸਿੰਘ ਬਿੱਟੂ ਨੇ ਜ਼ੋਰ ਦੇ ਕੇ ਕਿਹਾ ਕਿ ਧੂਰੀ ਵਿੱਚ ਲੋਕਤੰਤਰ ਦਾ ਖੁੱਲ੍ਹੇਆਮ ਕਤਲ ਕੀਤਾ ਜਾ ਰਿਹਾ ਹੈ, ਅਤੇ ਪੁਲਿਸ 'ਆਪ' ਸਰਕਾਰ ਦੇ ਇਸ਼ਾਰੇ 'ਤੇ ਪੱਖਪਾਤ ਨਾਲ ਕੰਮ ਕਰ ਰਹੀ ਹੈ। ਇਸ ਤੋਂ ਬਾਅਦ, ਰਵਨੀਤ ਬਿੱਟੂ ਇੱਕ ਵਾਰ ਫਿਰ ਸੰਗਰੂਰ ਤੋਂ ਧੂਰੀ ਲਈ ਰਵਾਨਾ ਹੋਏ, ਪੁਲਿਸ ਨੇ ਉਨ੍ਹਾਂ ਨੂੰ ਰੋਕਣ ਲਈ ਬੈਰੀਕੇਡ ਲਗਾ ਦਿੱਤੇ ਅਤੇ ਸੜਕ 'ਤੇ ਨਾਕਾਬੰਦੀ ਕੀਤੀ। ਸੜਕ ਨੂੰ ਰੋਕਣ ਨੂੰ ਲੈ ਕੇ ਬਿੱਟੂ ਅਤੇ ਪੁਲਿਸ ਅਧਿਕਾਰੀਆਂ ਵਿਚਕਾਰ ਇੱਕ ਵਾਰ ਫਿਰ ਗਰਮਾ-ਗਰਮ ਬਹਿਸ ਹੋ ਗਈ। ਬਿੱਟੂ ਇਸ ਗੱਲੋਂ ਕਾਫ਼ੀ ਗੁੱਸੇ ਵਿੱਚ ਸੀ ਕਿ ਮੁੱਖ ਮਾਰਗ ਦੀ ਰੁਕਾਵਟ ਕਾਰਨ ਆਮ ਲੋਕਾਂ ਨੂੰ ਮੁਸ਼ਕਲ ਹੋ ਰਹੀ ਸੀ। ਇਸ ਦੌਰਾਨ, ਤਣਾਅ ਨੂੰ ਘਟਾਉਣ ਦੀ ਕੋਸ਼ਿਸ਼ ਵਿੱਚ, ਇੱਕ ਪੁਲਿਸ ਅਧਿਕਾਰੀ ਨੇ ਕੇਂਦਰੀ ਮੰਤਰੀ ਨੂੰ ਕੋਲਡ ਡਰਿੰਕ ਦੀ ਪੇਸ਼ਕਸ਼ ਕੀਤੀ। ਇਸ ਇਸ਼ਾਰੇ 'ਤੇ ਗੁੱਸੇ ਵਿੱਚ ਪ੍ਰਤੀਕਿਰਿਆ ਦਿੰਦੇ ਹੋਏ, ਬਿੱਟੂ ਨੇ ਪੇਸ਼ਕਸ਼ ਨੂੰ ਸਾਫ਼-ਸਾਫ਼ ਠੁਕਰਾ ਦਿੱਤਾ ਅਤੇ ਵਿਅੰਗਮਈ ਲਹਿਜੇ ਵਿੱਚ, ਅਧਿਕਾਰੀ ਨੂੰ ਕਿਹਾ ਕਿ ਉਹ ਕੋਲਡ ਡਰਿੰਕ ਲੈ ਕੇ ਆਪਣੇ ਮੁੱਖ ਮੰਤਰੀ ਨੂੰ ਪਰੋਸ ਦੇਵੇ। ਜਗਰਾਉਂ ਵਿੱਚ ਪ੍ਰਭਾਵਕ ਦੇ ਕੈਮਰਾਮੈਨ 'ਤੇ ਹਮਲਾ ਕੀਤਾ ਗਿਆ। ਮੰਗਲਵਾਰ ਨੂੰ ਜਗਰਾਉਂ ਨਗਰ ਕੌਂਸਲ ਦੇ 23 ਵਾਰਡਾਂ ਵਿੱਚ ਚੱਲ ਰਹੀਆਂ ਚੋਣਾਂ ਦੌਰਾਨ 'ਆਪ' ਵਿਧਾਇਕ ਸਰਬਜੀਤ ਕੌਰ ਮਾਣੂੰਕੇ ਅਤੇ ਇੱਕ ਸੋਸ਼ਲ ਮੀਡੀਆ ਪ੍ਰਭਾਵਕ ਵਿਚਕਾਰ ਹੋਈ ਗਰਮਾ-ਗਰਮ ਬਹਿਸ ਤੋਂ ਬਾਅਦ ਮਾਹੌਲ ਤਣਾਅਪੂਰਨ ਹੋ ਗਿਆ। ਸਥਿਤੀ ਇਸ ਹੱਦ ਤੱਕ ਵਧ ਗਈ ਕਿ ਦੋਵਾਂ ਧਿਰਾਂ ਵਿਚਕਾਰ ਜ਼ੁਬਾਨੀ ਝੜਪ ਹੋ ਗਈ। ਹਾਲਾਂਕਿ ਮੌਕੇ 'ਤੇ ਮੌਜੂਦ ਪੁਲਿਸ ਨੇ ਸ਼ਾਂਤੀ ਬਹਾਲ ਕਰਨ ਲਈ ਦਖਲ ਦਿੱਤਾ, ਪਰ ਇਸ ਤੋਂ ਬਾਅਦ ਮਾਹੌਲ ਇੱਕ ਵਾਰ ਫਿਰ ਵਿਗੜ ਗਿਆ ਜਦੋਂ ਨੌਜਵਾਨਾਂ ਦੇ ਇੱਕ ਸਮੂਹ ਨੇ ਕਥਿਤ ਤੌਰ 'ਤੇ ਪ੍ਰਭਾਵਕ 'ਤੇ ਹਮਲਾ ਕਰ ਦਿੱਤਾ। ਘਟਨਾ ਦੀ ਖ਼ਬਰ ਮਿਲਦਿਆਂ ਹੀ ਪੁਲਿਸ ਨੇ ਦਖ਼ਲ ਦੇ ਕੇ ਸਥਿਤੀ 'ਤੇ ਕਾਬੂ ਪਾ ਲਿਆ। ਰਿਪੋਰਟਾਂ ਅਨੁਸਾਰ, ਵਾਰਡ ਨੰਬਰ 1 ਲਈ ਵੋਟਿੰਗ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਚੱਲ ਰਹੀ ਸੀ। ਦੋਸ਼ ਹੈ ਕਿ ਵਿਧਾਇਕ ਸਰਬਜੀਤ ਕੌਰ ਮਾਣੂੰਕੇ ਵੋਟ ਪਾਉਣ ਤੋਂ ਬਾਅਦ ਕਾਫ਼ੀ ਸਮੇਂ ਤੱਕ ਪੋਲਿੰਗ ਸਟੇਸ਼ਨ ਦੇ ਅੰਦਰ ਰਹੀ। ਇਸ ਦੌਰਾਨ, ਸੋਸ਼ਲ ਮੀਡੀਆ ਪ੍ਰਭਾਵਕ ਸੁਖਵਿੰਦਰ ਸਿੰਘ ਨੇ ਪੋਲਿੰਗ ਸਟੇਸ਼ਨ ਦੇ ਅੰਦਰ ਉਸਦੀ ਮੌਜੂਦਗੀ 'ਤੇ ਇਤਰਾਜ਼ ਕੀਤਾ ਅਤੇ ਉਨ੍ਹਾਂ ਨੂੰ ਚਲੇ ਜਾਣ ਲਈ ਕਿਹਾ। ਇਸ ਮੁੱਦੇ ਨੇ ਦੋਵਾਂ ਵਿਚਕਾਰ ਬਹਿਸ ਸ਼ੁਰੂ ਕਰ ਦਿੱਤੀ। ਚਸ਼ਮਦੀਦਾਂ ਦੇ ਅਨੁਸਾਰ, ਬਹਿਸ ਹੌਲੀ-ਹੌਲੀ ਗਰਮਾ-ਗਰਮ ਬਹਿਸ ਵਿੱਚ ਬਦਲ ਗਈ, ਜਿਸ ਕਾਰਨ ਮਾਹੌਲ ਤਣਾਅਪੂਰਨ ਹੋ ਗਿਆ। ਪੁਲਿਸ ਨੇ ਤੁਰੰਤ ਦਖਲ ਦਿੱਤਾ ਅਤੇ ਦੋਵਾਂ ਧਿਰਾਂ ਨੂੰ ਸ਼ਾਂਤ ਕੀਤਾ। ਬਾਅਦ ਵਿੱਚ, ਵਿਧਾਇਕ ਸਰਬਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਜਗਰਾਉਂ ਵਿੱਚ ਕਿਸੇ ਵੀ ਤਰ੍ਹਾਂ ਦੀ ਗੁੰਡਾਗਰਦੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ, ਭਾਵੇਂ ਇਸ ਵਿੱਚ ਸ਼ਾਮਲ ਵਿਅਕਤੀਆਂ ਦਾ ਰਾਜਨੀਤਿਕ ਸਬੰਧ ਕੋਈ ਵੀ ਹੋਵੇ। ਸਥਿਤੀ ਸ਼ਾਂਤ ਹੋਣ ਤੋਂ ਬਾਅਦ, ਪ੍ਰਭਾਵਕ ਸੁਖਵਿੰਦਰ ਸਿੰਘ ਨੇ ਆਪਣੇ ਕੈਮਰਾਮੈਨ ਗੁਰਵੀਰ ਸਿੰਘ ਵਿਰਕ ਨਾਲ ਆਪਣੀ ਵੀਡੀਓ ਕਵਰੇਜ ਦੁਬਾਰਾ ਸ਼ੁਰੂ ਕੀਤੀ। ਦੋਸ਼ ਹੈ ਕਿ ਲਗਭਗ ਅੱਧੇ ਘੰਟੇ ਬਾਅਦ, ਇੱਕ ਸਕਾਰਪੀਓ ਗੱਡੀ ਮੌਕੇ 'ਤੇ ਪਹੁੰਚੀ; ਨੌਜਵਾਨਾਂ ਦੇ ਇੱਕ ਸਮੂਹ ਨੇ ਗੱਡੀ ਵਿੱਚੋਂ ਉਤਰ ਕੇ ਅਚਾਨਕ ਪ੍ਰਭਾਵਕ 'ਤੇ ਹਮਲਾ ਕਰ ਦਿੱਤਾ। ਘਟਨਾ ਦੌਰਾਨ, ਪ੍ਰਭਾਵਕ ਦੀ ਪੱਗ ਲਾਹ ਦਿੱਤੀ ਗਈ, ਜਦੋਂ ਕਿ ਉਸਦੇ ਕੈਮਰਾਮੈਨ ਗੁਰਵੀਰ ਸਿੰਘ ਵਿਰਕ 'ਤੇ ਚਾਕੂ ਨਾਲ ਹਮਲਾ ਕੀਤਾ ਗਿਆ ਅਤੇ ਉਸਨੂੰ ਗੰਭੀਰ ਸੱਟਾਂ ਲੱਗੀਆਂ। ਜ਼ਖ਼ਮੀ ਵਿਅਕਤੀ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ। ਘਟਨਾ ਦੀ ਜਾਣਕਾਰੀ ਮਿਲਦੇ ਹੀ, ਕਾਂਗਰਸੀ ਵਰਕਰ ਅਤੇ ਆਗੂ ਮੌਕੇ 'ਤੇ ਪਹੁੰਚੇ ਅਤੇ ਆਮ ਆਦਮੀ ਪਾਰਟੀ ਦੇ ਸਮਰਥਕਾਂ ਅਤੇ ਪੁਲਿਸ ਪ੍ਰਸ਼ਾਸਨ ਵਿਰੁੱਧ ਧਰਨਾ ਦਿੱਤਾ। ਇਸ ਦੌਰਾਨ, ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਵੀ ਜਗਰਾਉਂ ਪਹੁੰਚੇ। ਦੂਜੇ ਪਾਸੇ, ਵਿਧਾਇਕ ਸਰਬਜੀਤ ਕੌਰ ਮਾਣੂੰਕੇ ਅਤੇ ਆਪ ਵਰਕਰਾਂ ਨੇ ਵੀ ਸਕੂਲ ਦੇ ਬਾਹਰ ਧਰਨਾ ਦਿੱਤਾ ਅਤੇ ਪ੍ਰਭਾਵਸ਼ਾਲੀ ਸੁਖਵਿੰਦਰ ਸਿੰਘ 'ਤੇ ਆਮ ਆਦਮੀ ਪਾਰਟੀ ਦੇ ਵਿਧਾਇਕ ਅਤੇ ਪੁਲਿਸ 'ਤੇ ਹਮਲੇ ਦੀ ਸਾਜ਼ਿਸ਼ ਰਚਣ ਦਾ ਦੋਸ਼ ਲਗਾਉਂਦੇ ਹੋਏ ਗੰਭੀਰ ਦੋਸ਼ ਲਗਾਏ ਹਨ। ਇਸ ਵਿਰੁੱਧ, ਪੁਲਿਸ ਪੂਰੇ ਮਾਮਲੇ ਦੀ ਜਾਂਚ ਕਰ ਰਹੀ ਹੈ।

ਕੁਲਜੀਤ ਸਿੰਘ ਬੇਦੀ ਨੇ.....

ਮੁੜ ਰਫ਼ਤਾਰ ਦੇ ਸਕਦੀ ਹੈ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰ ਸਕਦੀ ਹੈ। ਉਨ੍ਹਾਂ ਕਿਹਾ ਕਿ ਮੋਹਾਲੀ ਦੇ ਲੋਕ ਵਿਕਾਸ, ਸਾਫ਼-ਸੁਥਰੀ ਪ੍ਰਸ਼ਾਸਨਿਕ ਪ੍ਰਣਾਲੀ ਅਤੇ ਬੁਨਿਆਦੀ ਸਹੂਲਤਾਂ ਦੀ ਮੰਗ ਕਰ ਰਹੇ ਹਨ, ਜਿਨ੍ਹਾਂ ਨੂੰ ਮੌਜੂਦਾ ਪ੍ਰਬੰਧ ਪੂਰਾ ਕਰਨ ਵਿੱਚ ਨਾਕਾਮ ਰਿਹਾ ਹੈ। ਬੇਦੀ ਨੇ ਕਿਹਾ ਕਿ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਹਰ ਵਾਰਡ ਵਿੱਚੋਂ ਵੱਡਾ ਸਮਰਥਨ ਮਿਲ ਰਿਹਾ ਹੈ ਅਤੇ ਕਈ ਸੀਟਾਂ 'ਤੇ ਮੁਕਾਬਲਾ ਇੱਕ ਪੱਖੀ ਬਣਦਾ ਨਜ਼ਰ ਆ ਰਿਹਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਚੋਣ ਨਤੀਜੇ ਆਉਣ ਤੋਂ ਬਾਅਦ ਮੋਹਾਲੀ ਨਗਰ ਨਿਗਮ 'ਤੇ ਮੁੜ ਕਾਂਗਰਸ ਦਾ ਕਬਜ਼ਾ ਹੋਵੇਗਾ ਅਤੇ ਕਾਂਗਰਸ ਪਾਰਟੀ ਦਾ ਮੇਅਰ ਬਣਨਾ ਲਗਭਗ ਤੈਅ ਹੈ।

ਸਰਹੱਦੀ ਖੇਤਰ 'ਚ 50.....

ਕਰਦਾ ਹੈ ਅਤੇ ਉਸ ਸਮੱਗਰੀ ਦਾ ਇਸਤੇਮਾਲ ਕਿੱਥੇ ਹੁੰਦਾ ਹੈ, ਇਸ 'ਤੇ ਪੈਨੀ ਨਜ਼ਰ ਰੱਖੀ ਜਾਵੇ। ਦੇਸ਼ ਦੀ ਸੁਰੱਖਿਆ ਨੂੰ ਮਜ਼ਬੂਤ ਬਣਾਉਣ ਲਈ ਗ੍ਰਹਿ ਮੰਤਰੀ ਨੇ ਬੀ.ਐਸ.ਐਫ., ਭਾਰਤੀ ਸੈਨਾ, ਰਾਜਾਂ ਦੀ ਪੁਲਿਸ ਅਤੇ ਰਾਜ ਸਰਕਾਰ ਦੇ ਆਪਸੀ ਤਾਲਮੇਲ ਨਾਲ ਇੱਕ ਕੋਰ ਲੇਅਰ ਸੁਰੱਖਿਆ ਗਰਿੱਡ ਤਿਆਰ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਹੁਣ ਸਰਹੱਦ ਸਿਰਫ਼ ਇੱਕ ਏਜੰਸੀ ਦੀ ਜ਼ਿੰਮੇਵਾਰੀ ਨਹੀਂ, ਬਲਕਿ ਇੱਕ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਦੁਸ਼ਮਣ ਤਾਕਤਾਂ ਵੱਲੋਂ ਦੇਸ਼ ਦੇ ਅੰਦਰ ਮੌਜੂਦ ਜਿਨ੍ਹਾਂ ਤੱਤਾਂ ਦੀ ਵਰਤੋਂ ਕੀਤੀ ਜਾਂਦੀ ਹੈ, ਉਨ੍ਹਾਂ 'ਤੇ ਵੀ ਸਖ਼ਤ ਨਜ਼ਰ ਰੱਖਣੀ ਹੋਵੇਗੀ। ਸ਼ਾਹ ਨੇ ਕਿਹਾ ਕਿ 2014 ਤੋਂ ਬਾਅਦ ਭਾਰਤ ਦੀ ਸੁਰੱਖਿਆ ਨੀਤੀ ਵਿੱਚ ਵੱਡਾ ਬਦਲਾਅ ਆਇਆ ਹੈ। ਮੋਦੀ ਸਰਕਾਰ ਦੀ ਨੀਤੀ ਸਿਰਫ਼ ਹਮਲੇ ਦਾ ਜਵਾਬ ਦੇਣ ਦੀ ਨਹੀਂ, ਬਲਕਿ ਸਰਹੱਦਾਂ ਨੂੰ ਇੰਨਾ ਮਜ਼ਬੂਤ ਬਣਾਉਣ ਦੀ ਹੈ ਕਿ ਦੁਸ਼ਮਣ ਹਮਲਾ ਕਰਨ ਦੀ ਹਿੰਮਤ ਹੀ ਨਾ ਕਰ ਸਕੇ। ਦੌਰੇ ਦੌਰਾਨ ਉਨ੍ਹਾਂ ਨੇ ਭਾਰਤ-ਪਾਕਿਸਤਾਨ ਸਰਹੱਦ ਨਾਲ ਸਬੰਧਤ ਵਿਕਾਸ ਕਾਰਜਾਂ ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਦੱਸਿਆ ਕਿ ਬੀਕਾਨੇਰ ਤੋਂ ਬਾਅਦ ਹੁਣ ਕੱਛ (ਗੁਜਰਾਤ), ਤ੍ਰਿਪੁਰਾ ਅਤੇ ਪੱਛਮੀ ਬੰਗਾਲ ਦੀਆਂ ਸਰਹੱਦਾਂ 'ਤੇ ਵੀ ਅਜਿਹੀਆਂ ਸਾਂਝੀਆਂ ਸਮੀਖਿਆ ਬੈਠਕਾਂ ਕੀਤੀਆਂ ਜਾਣਗੀਆਂ।

ਨਿੱਜੀ ਵਾਹਨਾਂ ਦੀ ਵਰਤੋਂ.....

ਸੁਝਾਅ ਦਿੱਤਾ ਤਾਂ ਜੋ ਉਨ੍ਹਾਂ ਨੂੰ ਬੱਸ ਰੂਟਾਂ ਰਾਹੀਂ ਆਪਸ ਵਿੱਚ ਜੋੜਿਆ ਜਾ ਸਕੇ। ਜੇਕਰ ਜ਼ਰੂਰੀ ਹੋਵੇ, ਤਾਂ ਇਸ ਪਹਿਲਕਦਮੀ ਨੂੰ ਸੁਵਿਧਾਜਨਕ ਬਣਾਉਣ ਲਈ ਮੌਜੂਦਾ ਨੀਤੀ ਵਿੱਚ ਸੋਧ ਕੀਤੀ ਜਾ ਸਕਦੀ ਹੈ। ਸਰਕਾਰ ਦਾ ਉਦੇਸ਼ ਟਰਾਂਸਪੋਰਟ ਵਿਭਾਗ ਦੇ ਕੰਮਕਾਜ ਨੂੰ ਇਸ ਹੱਦ ਤੱਕ ਬਦਲਣਾ ਹੈ ਕਿ ਇੱਕ ਸਾਲ ਦੇ ਅੰਦਰ, ਇਹ ਮਾਣ ਨਾਲ ਐਲਾਨ ਕਰ ਸਕੇ ਕਿ ਰਾਜ ਦਾ ਹਰ ਪਿੰਡ ਬੱਸ ਸੇਵਾ ਨੈੱਟਵਰਕ ਨਾਲ ਜੁੜਿਆ ਹੋਇਆ ਹੈ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਹਰਿਆਣਾ ਦੀਆਂ ਸਰਕਾਰੀ ਬੱਸਾਂ ਨੂੰ ਇੱਕ ਟਰੈਕਿੰਗ ਸਿਸਟਮ ਨਾਲ ਜੋੜਿਆ ਜਾਵੇਗਾ - ਰੇਲਵੇ ਨੈੱਟਵਰਕ ਦੇ ਮਾਡਲ 'ਤੇ - ਯਾਤਰੀਆਂ ਨੂੰ ਕਿਸੇ ਵੀ ਖਾਸ ਬੱਸ ਦੇ ਅਸਲ-ਸਮੇਂ ਦੇ ਸਥਾਨ ਦੀ ਨਿਗਰਾਨੀ ਕਰਨ ਅਤੇ ਕਿਸੇ ਵੀ ਦਿੱਤੇ ਸਟਾਪ 'ਤੇ ਇਸਦੇ ਆਉਣ ਦੇ ਅਨੁਮਾਨਤ ਸਮੇਂ ਦਾ ਪਤਾ ਲਗਾਉਣ ਦੇ ਯੋਗ ਬਣਾਉਣ ਲਈ ਇੱਕ ਮੋਬਾਈਲ ਐਪਲੀਕੇਸ਼ਨ ਵੀ ਵਿਕਸਤ ਕੀਤੀ ਜਾਵੇਗੀ। ਹਰੇਕ ਬੱਸ ਦਾ ਅਸਲ-ਸਮੇਂ ਦਾ ਸਥਾਨ ਉਸ ਪਲ ਤੋਂ ਦਿਖਾਈ ਦੇਣਾ ਚਾਹੀਦਾ ਹੈ ਜਦੋਂ ਇਹ ਆਪਣੇ ਡਿਪੂ ਤੋਂ ਰਵਾਨਾ ਹੁੰਦੀ ਹੈ। ਇਸ ਤੋਂ ਇਲਾਵਾ, ਸਰਕਾਰੀ ਬੱਸਾਂ ਵਿੱਚ ਸੀਸੀਟੀਵੀ ਕੈਮਰੇ - ਜਿੱਥੇ ਕੰਟਰੋਲ

ਸਫ਼ਾ ਇੱਕ ਦੀਆਂ ਬਾਕੀ...

ਕੰਟਰੋਲ ਰੂਮ ਨਾਲ ਜੁੜੇ – ਲਗਾਏ ਜਾਣੇ ਚਾਹੀਦੇ ਹਨ। ਐਮਰਜੈਂਸੀ ਸਥਿਤੀਆਂ ਦੌਰਾਨ ਔਰਤਾਂ ਦੀ ਸੁਰੱਖਿਆ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਬੱਸਾਂ ਦੇ ਅੰਦਰ ਪੈਨਿਕ ਬਟਨ ਵੀ ਲਗਾਏ ਜਾਣੇ ਚਾਹੀਦੇ ਹਨ। ਨਾਇਬ ਸਿੰਘ ਸੈਣੀ ਨੇ ਟਰਾਂਸਪੋਰਟ ਵਿਭਾਗ ਨੂੰ ਭਵਿੱਖ ਵਿੱਚ ਇਲੈਕਟ੍ਰਿਕ ਬੱਸਾਂ ਦੀ ਖਰੀਦ ਨੂੰ ਤਰਜੀਹ ਦੇਣ ਦੇ ਨਿਰਦੇਸ਼ ਦਿੱਤੇ। ਇਨ੍ਹਾਂ ਵਾਹਨਾਂ ਦੀ ਚਾਰਜਿੰਗ ਦੀ ਸਹੂਲਤ ਲਈ ਇੱਕ ਮਜ਼ਬੂਤ ਬੁਨਿਆਦੀ ਢਾਂਚਾ ਵਿਕਸਤ ਕੀਤਾ ਜਾਵੇਗਾ। ਉਨ੍ਹਾਂ ਐਲਾਨ ਕੀਤਾ ਕਿ ਅਗਲੇ ਸਾਲ ਦੇ ਅੰਦਰ ਰਾਜ ਭਰ ਵਿੱਚ 10 ਨਵੇਂ ਇਲੈਕਟ੍ਰਿਕ ਬੱਸ ਸਟੈਂਡ ਬਣਾਉਣ ਦੀ ਯੋਜਨਾ ਹੈ। ਇਲੈਕਟ੍ਰਿਕ ਬੱਸਾਂ ਲਈ ਚਾਰਜਿੰਗ ਪੁਆਇੰਟ ਬੱਸ ਸਟੈਂਡਾਂ ਦੇ ਅੰਦਰ ਖਾਸ ਬੇਅ 'ਤੇ ਲਗਾਏ ਜਾਣੇ ਚਾਹੀਦੇ ਹਨ ਜਿੱਥੇ ਯਾਤਰੀ ਚੜ੍ਹਦੇ ਅਤੇ ਉਤਰਦੇ ਹਨ। ਯਾਤਰੀਆਂ ਦੇ ਚੜ੍ਹਨ ਅਤੇ ਟਿਕਟਾਂ ਜਾਰੀ ਕਰਨ ਵੇਲੇ ਬੱਸਾਂ ਨੂੰ ਇੱਕੋ ਸਮੇਂ ਚਾਰਜ ਕਰਨ ਦੇ ਪ੍ਰਬੰਧ ਕੀਤੇ ਜਾਣੇ ਚਾਹੀਦੇ ਹਨ। ਹਰੇਕ ਜ਼ਿਲ੍ਹੇ ਅਤੇ ਸ਼ਹਿਰ ਵਿੱਚ ਇਲੈਕਟ੍ਰਿਕ ਬੱਸਾਂ ਦੀ ਤਾਇਨਾਤੀ ਵੱਧ ਤੋਂ ਵੱਧ ਕੀਤੀ ਜਾਣੀ ਚਾਹੀਦੀ ਹੈ। ਇਸੇ ਤਰ੍ਹਾਂ, ਜਨਤਕ-ਨਿੱਜੀ ਭਾਈਵਾਲੀ (ਪੀਪੀਪੀ) ਮਾਡਲ ਦੇ ਤਹਿਤ ਰਾਜ ਦੇ ਵੱਧ ਤੋਂ ਵੱਧ ਹਿੱਸਿਆਂ ਵਿੱਚ ਚਾਰਜਿੰਗ ਸਟੇਸ਼ਨ ਸਥਾਪਤ ਕੀਤੇ ਜਾਣੇ ਚਾਹੀਦੇ ਹਨ। ਰਾਜ ਵਿੱਚ 'ਹੈਪੀ ਕਾਰਡ' ਯੋਜਨਾ ਦੀ ਸਮੀਖਿਆ ਕਰਦੇ ਹੋਏ, ਸ਼ ?ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਲਗਭਗ 20 ਲੱਖ ਵਿਅਕਤੀਆਂ ਨੂੰ ਪਹਿਲਾਂ ਹੀ ਹੈਪੀ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ, ਅਤੇ ਹੋਰ 20 ਲੱਖ ਨਵੇਂ ਕਾਰਡ ਜਲਦੀ ਹੀ ਵੰਡੇ ਜਾਣ ਦੀ ਤਿਆਰੀ ਹੈ। ਉਨ੍ਹਾਂ ਨੇ ਇਨ੍ਹਾਂ ਨਵੇਂ ਕਾਰਡਾਂ ਦੀ ਵੰਡ ਸੰਬੰਧੀ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ। ਮੁੱਖ ਮੰਤਰੀ ਨੇ ਆਈਟੀ-ਅਧਾਰਤ ਸਮਾਰਟ ਡਰਾਈਵਿੰਗ ਸਿਖਲਾਈ ਸੰਸਥਾਵਾਂ ਰਾਹੀਂ ਨਿੱਜੀ ਅਤੇ ਵਪਾਰਕ ਵਾਹਨਾਂ ਲਈ ਪ੍ਰਦਾਨ ਕੀਤੇ ਗਏ ਸਿਖਲਾਈ ਪ੍ਰੋਗਰਾਮਾਂ ਦੀ ਵੀ ਸਮੀਖਿਆ ਕੀਤੀ। ਉਨ੍ਹਾਂ ਨੇ ਨਿਰਦੇਸ਼ ਦਿੱਤਾ ਕਿ ਭਾਰਤ ਸਰਕਾਰ ਦੁਆਰਾ ਜਾਰੀ ਕੀਤੇ ਗਏ ਨਵੇਂ ਪ੍ਰਬੰਧਾਂ ਦੇ ਅਨੁਸਾਰ, ਵਾਹਨ ਫਿਟਨੈਸ ਸਰਟੀਫਿਕੇਸ਼ਨ ਲਈ ਮੈਨੂਅਲ ਪ੍ਰਕਿਰਿਆ ਨੂੰ ਬੰਦ ਕਰਕੇ ਇੱਕ ਆਟੋਮੇਟਿਡ ਸਿਸਟਮ ਨਾਲ ਬਦਲਿਆ ਜਾਵੇ। ਇਸ ਤੋਂ ਇਲਾਵਾ, ਉਨ੍ਹਾਂ ਨੇ ਵਾਹਨ ਸਰਟੀਫਿਕੇਸ਼ਨ ਪ੍ਰਕਿਰਿਆ ਵਿੱਚ ਸ਼ਾਮਲ ਉਡੀਕ ਸਮੇਂ ਨੂੰ ਘਟਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਮੀਟਿੰਗ ਵਿੱਚ ਮੌਜੂਦ ਹੋਰ ਅਧਿਕਾਰੀਆਂ ਵਿੱਚ ਮੁੱਖ ਸਕੱਤਰ ਅਨੁਰਾਗ ਰਸਤੋਗੀ; ਟਰਾਂਸਪੋਰਟ ਵਿਭਾਗ ਦੇ ਵਧੀਕ ਮੁੱਖ ਸਕੱਤਰ, ਰਾਜਾ ਸ਼ੇਖਰ ਵੁੰਦਰੂ; ਭਵਿੱਖ ਵਿਭਾਗ ਦੇ ਪ੍ਰਮੁੱਖ ਸਕੱਤਰ, ਅਮਨੀਤ ਪੀ. ਕੁਮਾਰ; ਮੁੱਖ ਮੰਤਰੀ ਦੇ ਓਐਸਡੀ ਅਤੇ ਸਵਰਨ ਜਯੰਤੀ ਹਰਿਆਣਾ ਇੰਸਟੀਚਿਊਟ ਆਫ਼ ਫਿਸਕਲ ਮੈਨੇਜਮੈਂਟ ਦੇ ਡਾਇਰੈਕਟਰ ਜਨਰਲ, ਡਾ. ਰਾਜ ਨਹਿਰੂ; ਅਤੇ ਟਰਾਂਸਪੋਰਟ ਕਮਿਸ਼ਨਰ ਅਤੁਲ ਕੁਮਾਰ।

ਜਲੰਧਰ ਕੇਂਦਰੀ ਦੇ ਵਿਧਾਇਕ.....

ਵਿਜੀਲੈਂਸ ਬਿਊਰੋ ਦੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਜਾਅਲੀ ਨੋਟਿਸਾਂ ਅਤੇ ਭ੍ਰਿਸ਼ਟਾਚਾਰ ਦੇ ਇਸ ਪੂਰੇ ਮਾਮਲੇ ਵਿੱਚ ਅਪਰਾਧ ਦੀ ਵੱਡੀ ਰਕਮ ਜਾਂ ਗੈਰ-ਕਾਨੂੰਨੀ ਪੈਸਾ ਸ਼ਾਮਲ ਸੀ। ਭ੍ਰਿਸ਼ਟਾਚਾਰ ਜਾਂ ਵਿੱਤੀ ਧੋਖਾਧੜੀ ਦੇ ਇਸ ਮਾਮਲੇ ਵਿੱਚ, ਗੈਰ-ਕਾਨੂੰਨੀ ਜਾਇਦਾਦ ਪ੍ਰਾਪਤੀ ਅਤੇ ਗੈਰ-ਕਾਨੂੰਨੀ ਵਿੱਤੀ ਲੈਣ-ਦੇਣ ਦੀ ਸੰਭਾਵਨਾ ਹੈ। ਇਨਫੋਰਸਮੈਂਟ ਡਾਇਰੈਕਟੋਰੇਟ (54) ਮਨੀ ਲਾਂਡਰਿੰਗ ਦੀ ਜਾਂਚ ਲਈ ਇਸ ਮਾਮਲੇ ਦੀ ਜਾਂਚ ਕਰ ਸਕਦਾ ਹੈ। ਇਸ ਦੌਰਾਨ, ਵਿਧਾਇਕ ਰਮਨ ਅਰੋੜਾ ਦਾ ਕਹਿਣਾ ਹੈ ਕਿ ਉਹ ਕੰਮ ਦੇ ਸਿਲਸਿਲੇ ਵਿੱਚ ਬਾਹਰ ਹਨ। ਉਨ੍ਹਾਂ ਨੂੰ ਪਤਾ ਲੱਗਾ ਕਿ ਈਡੀ ਦਾ ਇੱਕ ਪੱਤਰ ਉਨ੍ਹਾਂ ਦੇ ਘਰ ਪਹੁੰਚਿਆ ਹੈ। ਉਹ ਇਸ ਮਾਮਲੇ 'ਤੇ ਪੜ੍ਹਨ ਤੋਂ ਬਾਅਦ ਹੀ ਕੋਈ ਟਿੱਪਣੀ ਕਰ ਸਕਣਗੇ।

ਪੰਜਾਬ ਕਾਂਗਰਸ ਮੁਖੀ ਨਵੇਂ.....

ਨਾ ਕਰਨ ਦੀ ਸੂਰਤ ਵਿੱਚ, ਕਮਿਸ਼ਨ ਸਿਵਲ ਅਦਾਲਤ ਦੇ ਸਮਾਨ ਸ਼ਕਤੀਆਂ ਦੀ ਵਰਤੋਂ ਕਰਨ ਦਾ ਅਧਿਕਾਰ ਰੱਖਦਾ ਹੈ। ਇਸ ਦੌਰਾਨ, ਰਾਜਾ ਵੜਿੰਗ ਨੇ ਆਡੀਓ ਕਲਿੱਪ ਨੂੰ ਜਾਅਲੀ ਕਰਾਰ ਦੇਣ ਲਈ 'ਐਕਸ' ਦਾ ਸਹਾਰਾ ਲਿਆ ਹੈ। ਉਸਨੇ ਜ਼ੋਰ ਦੇ ਕੇ ਕਿਹਾ ਕਿ ਇਹ ਮਨਘੜਤ ਆਡੀਓ – ਲਗਭਗ ਸੱਤ ਸਾਲ ਪੁਰਾਣਾ – ਹੁਣ ਉਸਨੂੰ ਬਦਨਾਮ ਕਰਨ ਦੀ ਜਾਣਬੁੱਝ ਕੇ ਕੋਸ਼ਿਸ਼ ਵਿੱਚ ਐਸਸੀ ਕਮਿਸ਼ਨ ਰਾਹੀਂ ਹਥਿਆਰ ਬਣਾਇਆ ਜਾ ਰਿਹਾ ਹੈ। ਵੜਿੰਗ ਦਾ ਦਾਅਵਾ ਹੈ ਕਿ ÷ਇੱਕ ਬੱਚਾ ਵੀ ਦੱਸ ਸਕਦਾ ਹੈ' ਕਿ ਰਿਕਾਰਡਿੰਗ ਵਿੱਚ ਆਵਾਜ਼ ਉਸਦੀ ਨਹੀਂ ਹੈ। ਉਸਨੇ 'ਆਪ' ਦੀ ਅਗਵਾਈ ਵਾਲੀ ਸਰਕਾਰ 'ਤੇ ਸੰਸਥਾਗਤ ਸੰਸਥਾਵਾਂ ਦੀ ਦੁਰਵਰਤੋਂ ਕਰਨ ਅਤੇ ਰਾਜਨੀਤਿਕ ਬਦਲਾ ਲੈਣ ਵਿੱਚ ਸ਼ਾਮਲ ਹੋਣ ਦਾ ਦੋਸ਼ ਲਗਾਇਆ। ਇਸ ਤੋਂ ਇਲਾਵਾ, ਉਸਨੇ ਇਸ ਧੋਖਾਧੜੀ ਵਾਲੀ ਸਮੱਗਰੀ ਨੂੰ ਪ੍ਰਸਾਰਿਤ ਕਰਨ ਲਈ ਜ਼ਿੰਮੇਵਾਰ ਲੋਕਾਂ ਵਿਰੁੱਧ ਕਾਨੂੰਨੀ ਕਾਰਵਾਈ ਦੀ ਚੇਤਾਵਨੀ ਜਾਰੀ ਕੀਤੀ। ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਇਸ ਕਲਿੱਪ ਦੇ ਤੇਜ਼ੀ ਨਾਲ ਪ੍ਰਸਾਰਣ ਤੋਂ ਬਾਅਦ ਰਾਜਨੀਤਿਕ ਮਾਹੌਲ ਤਣਾਅਪੂਰਨ ਹੋ ਗਿਆ ਹੈ। ਵਰਤਮਾਨ ਵਿੱਚ, ਪੁਲਿਸ ਆਡੀਓ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਅਤੇ ਆਵਾਜ਼-ਮੇਲ ਵਿਸ਼ਲੇਸ਼ਣ ਕਰਨ ਵਿੱਚ ਰੁੱਝੀ ਹੋਈ ਹੈ। ਕਮਿਸ਼ਨ ਫੋਰੈਂਸਿਕ ਰਿਪੋਰਟ, ਜਾਂਚ ਦੀ ਸਥਿਤੀ ਬਾਰੇ ਅਪਡੇਟਸ ਅਤੇ ਸਾਰੇ ਸੰਬੰਧਿਤ ਤੱਥਾਂ ਦੇ ਵੇਰਵਿਆਂ ਦੀ ਉਡੀਕ ਕਰ ਰਿਹਾ ਹੈ। ਇਸ ਮਾਮਲੇ ਵਿੱਚ ਅਗਲੀ ਸੁਣਵਾਈ 29 ਮਈ ਨੂੰ ਹੋਣੀ ਹੈ।

328 ਪਾਵਨ ਸਰੂਪਾਂ ਦੇ.....

ਵੇਰਵਿਆਂ ਦੀ ਮੰਗ ਕਰਨਾ ਉਸ ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ। ਉਨ੍ਹਾਂ ਕਿਹਾ ਕਿ ਕਦੇ ਸਿੱਟ ਆਪਣੇ ਨੁਮਾਇੰਦਿਆਂ ਨੂੰ ਬੈਂਕਾਂ ਵਿੱਚ ਭੇਜ ਕੇ ਖਾਤਿਆਂ ਦੀ ਜਾਣਕਾਰੀ ਇਕੱਠੀ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਅਤੇ ਕਦੇ ਪੱਤਰਾਂ ਰਾਹੀਂ ਵਿਸਥਾਰਪੂਰਵਕ ਵਿੱਤੀ ਵੇਰਵੇ ਮੰਗੇ ਜਾ ਰਹੇ ਹਨ। ਹੁਣ ਸਿੱਟ ਵੱਲੋਂ ਨਿੱਜੀ ਚੈਨਲਾਂ ਈਟੀਸੀ ਅਤੇ ਜੀ ਨੈਕਸਟ ਮੀਡੀਆ ਨਾਲ ਬੀਤੇ ਲੰਬੇ ਸਮੇਂ ਦੌਰਾਨ ਗੁਰਬਾਣੀ ਕੀਰਤਨ ਸਬੰਧੀ ਕੀਤੇ ਗਏ ਸਮਝੌਤਿਆਂ ਦੇ ਵੇਰਵੇ ਵੀ ਮੰਗੇ ਗਏ ਹਨ, ਜਿਨ੍ਹਾਂ ਦਾ 328 ਪਾਵਨ ਸਰੂਪਾਂ ਨਾਲ ਕੋਈ ਸੰਬੰਧ ਨਹੀਂ ਬਣਦਾ। ਇਥੋਂ ਤਕ ਕਿ ਜਿਹੜੀ ਜਾਣਕਾਰੀਆਂ ਪਹਿਲਾਂ ਹੀ ਸਿੱਟ ਨੂੰ ਦਿੱਤੀਆਂ ਜਾ ਚੁੱਕੀਆਂ ਹਨ, ਉਨ੍ਹਾਂ ਬਾਰੇ ਬਾਰ-ਬਾਰ ਦੁਬਾਰਾ ਪੱਤਰ ਭੇਜ ਕੇ ਫਿਰ ਜਾਣਕਾਰੀ ਮੰਗੀ ਜਾ ਰਹੀ ਹੈ। ਇਹ ਸਭ ਕੁਝ ਜਾਂਚ ਦੇ ਮੂਲ ਮਕਸਦ ਤੋਂ ਬਾਹਰ ਜਾ ਕੇ ਕੀਤਾ ਜਾ ਰਿਹਾ ਹੈ। ਜਾਂਚ ਟੀਮ ਦੇ ਸਵਾਲ ਅਤੇ ਮਨਮਰਜ਼ੀ ਨਾਲ ਮੰਗੀਆਂ ਜਾ ਰਹੀਆਂ ਜਾਣਕਾਰੀਆਂ ਇਸ ਗੱਲ ਵੱਲ ਇਸ਼ਾਰਾ ਕਰਦੀਆਂ ਹਨ ਕਿ ਉਹ ਅਸਲ ਜਾਂਚ ਤੋਂ ਹਟ ਕੇ ਕਿਸੇ ਹੋਰ ਮਨਸੂਬੇ ਤਹਿਤ ਕੰਮ ਕਰ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇੰਝ ਮਹਿਸੂਸ ਹੁੰਦਾ ਹੈ ਕਿ ਪੰਜਾਬ ਸਰਕਾਰ ਸਿੱਟ ਦੇ ਜ਼ਰੀਏ ਸਿੱਖਾਂ ਦੀ ਸਿਰਮੌਰ ਸੰਸਥਾ ਦੇ ਸੰਵਿਧਾਨਕ ਅਧਿਕਾਰਾਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਸ਼੍ਰੋਮਣੀ ਕਮੇਟੀ ਦਾ ਮਾਮਲਾ ਨਹੀਂ, ਸਗੋਂ ਸਿੱਖ ਸੰਸਥਾਵਾਂ ਦੀ ਖ਼ੁਦਮੁਖਤਿਆਰੀ ਅਤੇ ਅਧਿਕਾਰਾਂ ਨਾਲ ਜੁੜਿਆ ਸੰਵੇਦਨਸ਼ੀਲ ਵਿਸ਼ਾ ਹੈ। ਉਨ੍ਹਾਂ ਆਖਿਆ ਕਿ ਸਿੱਟ ਆਪਣੇ ਅਧਿਕਾਰਾਂ ਤੋਂ ਬਾਹਰ ਨਾ ਜਾਵੇ ਅਤੇ ਕੇਵਲ 328 ਪਾਵਨ ਸਰੂਪਾਂ ਦੀ ਜਾਂਚ ਤਕ ਹੀ ਸੀਮਤ ਰਹੇ।

ਮਨੀ ਲਾਂਡਰਿੰਗ ਦੇ ਮਾਮਲੇ.....

ਤਰਫ਼ੋਂ ਹਾਲੇ ਤੱਕ ਕੋਈ ਅਧਿਕਾਰਤ ਪੁਸ਼ਟੀ ਨਹੀਂ ਹੋਈ ਹੈ। ਈ ਡੀ ਦੀ ਇਸ ਛਾਪੇਮਾਰੀ ਦਾ ਆਧਾਰ ਮੁਹਾਲੀ 'ਚ 19 ਜੁਲਾਈ 2025 ਨੂੰ ਦਰਜ ਹੋਈ ਐੱਫ ਆਈ ਆਰ ਬਣੀ ਹੈ ਜੋ ਕਿ ਧੋਖਾਧੜੀ ਅਤੇ ਅਪਰਾਧਿਕ ਸਾਜ਼ਿਸ਼ ਨਾਲ ਸਬੰਧਿਤ ਹੈ। ਅਜਿਹਾ ਕਰਕੇ ਗਮਾਡਾ ਨੂੰ ਕਾਨੂੰਨੀ ਦੇਣਦਾਰੀਆਂ 'ਚ ਧੋਖਾ ਕੀਤਾ ਗਿਆ ਅਤੇ 32.67 ਕਰੋੜ ਦਾ ਡਿਸਆਨਰ ਚੈੱਕ ਜਮ ?ਹਾ ਕਰਾਇਆ ਗਿਆ। ਈ ਡੀ ਨੇ ਜਾਂਚ 'ਚ ਪਾਇਆ ਕਿ ਕੰਪਨੀ ਵੱਲ ਗਮਾਡਾ ਦੇ ਬਕਾਏ ਖੜ੍ਹੇ ਹਨ ਅਤੇ ਫੰਡਾਂ ਨੂੰ ਡਾਈਵਰਟ ਕੀਤੇ ਜਾਣ ਦਾ ਵੀ ਮਾਮਲਾ ਹੈ। ਰੌਇਲ ਅਸਟੇਟ ਗਰੁੱਪ ਨਾਲ ਸਬੰਧਿਤ ਕੰਪਨੀਆਂ ਦਾ ਲੈਣ ਦੇਣ ਸ਼ੱਕੀ ਜਾਪਿਆ ਹੈ। ਦੱਸਣਯੋਗ ਹੈ ਕਿ ਪੰਜਾਬ ਵਿਜੀਲੈਂਸ ਬਿਊਰੋ ਨੇ ਵੀ ਜੂਨ 2025 'ਚ ਬਿਲਡਰ ਪਰਵੀਨ ਕਾਂਸਲ ਉਰਫ਼ ਰੌਕੀ ਸਮੇਤ ਤਿੰਨ ਜਣਿਆਂ 'ਤੇ ਧੋਖਾਧੜੀ ਦਾ ਮੁਕੱਦਮਾ ਦਰਜ ਕੀਤਾ ਸੀ। ਉਸ ਵਕਤ ਕਾਂਸਲ ਦੇ ਸਾਥੀ ਪਿਆਰੇ ਲਾਲ ਗਰਗ ਨੇ ਹੀ ਵਿਜੀਲੈਂਸ ਕੋਲ ਸ਼ਿਕਾਇਤ ਕੀਤੀ ਸੀ ਕਿ ਰੌਕੀ ਕਾਂਸਲ ਨੇ ਨਿਊ ਚੰਡੀਗੜ੍ਹ 'ਚ ਇੱਕ ਪ੍ਰਮੁੱਖ ਜ਼ਮੀਨ ਦੀ ਧੋਖਾਧੜੀ ਨਾਲ ਮਾਲਕੀ ਬਦਲੀ ਸੀ। ਮਾਲ ਵਿਭਾਗ ਦੇ ਅਧਿਕਾਰੀਆਂ ਦੀ ਰਿਪੋਰਟ ਮਗਰੋਂ ਇਹ ਮਾਮਲਾ ਖੋਲ੍ਹਿਆ ਗਿਆ ਸੀ।

ਲੈਫਟੀਨੈਂਟ ਜਨਰਲ ਹਰਜੀਤ ਸਿੰਘ.....

ਆਪਣੀ ਬਟਾਲੀਅਨ ਅਤੇ ਕਾਊਂਟਰ ਇਨਸਰਜੈਂਸੀ ਫੋਰਸ ਦੇ ਅੰਦਰ ਇੱਕ ਇਨਫੈਂਟਰੀ ਬ੍ਰਿਗੇਡ ਦੀ ਕਮਾਂਡ ਕੀਤੀ ਹੈ। ਉਸਨੂੰ ਭਾਰਤੀ ਫੌਜ ਦੀ ਸਭ ਤੋਂ ਵੱਡੀ ਕੋਰ – 3 ਕੋਰ – ਦੀ ਕਮਾਂਡ ਕਰਨ ਦਾ ਵਿਸ਼ੇਸ਼ ਸਨਮਾਨ ਪ੍ਰਾਪਤ ਹੈ, ਜਿਸਦੀ ਜ਼ਿੰਮੇਵਾਰੀ ਦਾ ਖੇਤਰ ਪੂਰਬੀ ਸਰਹੱਦਾਂ, ਭਾਰਤ-ਮਿਆਂਮਾਰ ਸਰਹੱਦ ਅਤੇ ਛੇ ਉੱਤਰ-ਪੂਰਬੀ ਰਾਜਾਂ ਦੇ ਅੰਦਰੂਨੀ ਖੇਤਰਾਂ ਵਿੱਚ ਫੈਲਿਆ ਹੋਇਆ ਹੈ। ਮਈ 2023 ਵਿੱਚ ਮਨੀਪੁਰ ਵਿੱਚ ਸ਼ੁਰੂ ਹੋਏ ਨਸਲੀ ਟਕਰਾਅ ਦੌਰਾਨ, ਉਸਨੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਅਤੇ ਆਪਣੀ ਜ਼ਿੰਮੇਵਾਰੀ ਦੇ ਖੇਤਰ ਵਿੱਚ ਸਥਿਰਤਾ ਨੂੰ ਯਕੀਨੀ ਬਣਾਉਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਨਿਯੁਕਤੀ ਤੋਂ ਪਹਿਲਾਂ, ਉਸਨੇ ਆਰਮੀ ਵਾਰ ਕਾਲਜ, ਮਹੂ ਦੇ ਕਮਾਂਡੈਂਟ ਵਜੋਂ ਸੇਵਾ ਨਿਭਾਈ, ਜਿੱਥੇ ਉਸਨੇ ਪੇਸ਼ੇਵਰ ਫੌਜੀ ਸਿੱਖਿਆ ਨੂੰ ਵਿਕਸਤ ਹੋ ਰਹੀਆਂ ਸੰਚਾਲਨ ਜ਼ਰੂਰਤਾਂ ਅਤੇ ਤਕਨੀਕੀ ਤਰੱਕੀਆਂ ਨਾਲ ਜੋੜਨ ਲਈ ਕਈ ਮੁੱਖ ਪਹਿਲਕਦਮੀਆਂ ਦੀ ਅਗਵਾਈ ਕੀਤੀ। ਉਸਦੀ ਅਗਵਾਈ ਹੇਠ, ਸੰਸਥਾ ਨੂੰ 15 ਜਨਵਰੀ, 2026 ਨੂੰ ਵੱਕਾਰੀ 'ਆਰਮੀ ਸਟਾਫ ਯੂਨਿਟ ਐਪਰੀਸੀਏਸ਼ਨ ਦੇ ਮੁਖੀ' ਨਾਲ ਸਨਮਾਨਿਤ ਕੀਤਾ ਗਿਆ ਸੀ। ਜਨਰਲ ਅਫਸਰ ਨੇ ਕਈ ਮੁੱਖ ਸਟਾਫ ਨਿਯੁਕਤੀਆਂ ਵਿੱਚ ਵੀ ਸੇਵਾ ਨਿਭਾਈ ਹੈ, ਜਿਸ ਵਿੱਚ ਇੱਕ ਆਪ੍ਰੇਸ਼ਨਲ ਕੋਰ ਦੇ ਬ੍ਰਿਗੇਡੀਅਰ ਜਨਰਲ ਸਟਾਫ, ਮਿਲਟਰੀ ਆਪਰੇਸ਼ਨਾਂ ਦੇ ਵਧੀਕ ਡਾਇਰੈਕਟਰ ਜਨਰਲ, ਅਤੇ ਆਰਮੀ ਹੈੱਡਕੁਆਰਟਰ ਵਿਖੇ ਇਨਫਰਮੇਸ਼ਨ ਵਾਰਫੇਅਰ ਦੇ ਡਾਇਰੈਕਟਰ ਜਨਰਲ ਸ਼ਾਮਲ ਹਨ। ਉਨ੍ਹਾਂ ਨੇ ਸਾਰੇ ਮਹੱਤਵਪੂਰਨ ਪੇਸ਼ੇਵਰ ਕੋਰਸ ਪੂਰੇ ਕੀਤੇ ਹਨ, ਜਿਨ੍ਹਾਂ ਵਿੱਚ ਡੀਐਸਐਸਸੀ ਵੈਲਿੰਗਟਨ ਵਿਖੇ ਸਟਾਫ ਕੋਰਸ, ਆਰਮੀ ਵਾਰ ਕਾਲਜ, ਮਹੂ ਵਿਖੇ ਹਾਇਰ ਕਮਾਂਡ ਕੋਰਸ ਅਤੇ ਨਵੀਂ ਦਿੱਲੀ ਵਿਖੇ ਨੈਸ਼ਨਲ ਡਿਫੈਂਸ ਕਾਲਜ ਵਿਖੇ ਐਨਡੀਸੀ ਕੋਰਸ ਸ਼ਾਮਲ ਹਨ। ਲੈਫਟੀਨੈਂਟ ਜਨਰਲ ਸਾਹੀ ਕੋਲ ਦੋ ਐਮ.ਫਿਲ. ਡਿਗਰੀਆਂ ਦੇ ਨਾਲ-ਨਾਲ ਰੱਖਿਆ ਅਤੇ ਰਣਨੀਤਕ ਅਧਿਐਨ ਵਿੱਚ ਮਾਸਟਰ ਡਿਗਰੀ ਹੈ। ਉਨ੍ਹਾਂ ਦੀਆਂ ਵਿਲੱਖਣ ਸੇਵਾਵਾਂ ਲਈ, ਉਨ੍ਹਾਂ ਨੂੰ ਪਰਮ ਵਿਸ਼ਿਸ਼ਟ ਸੇਵਾ ਮੈਡਲ, ਉੱਤਮ ਯੁੱਧ ਸੇਵਾ ਮੈਡਲ, ਅਤਿ ਵਿਸ਼ਿਸ਼ਟ ਸੇਵਾ ਮੈਡਲ, ਯੁੱਧ ਸੇਵਾ ਮੈਡਲ ਅਤੇ ਸੈਨਾ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਹੈ। ਚਾਰਜ ਸੰਭਾਲਣ 'ਤੇ, ਲੈਫਟੀਨੈਂਟ ਜਨਰਲ ਸਾਹੀ ਨੇ ਵੀਰ ਸਮ੍ਰਿਤੀ ਯੁੱਧ ਸਮਾਰਕ 'ਤੇ ਫੁੱਲਮਾਲਾ ਭੇਟ ਕਰਕੇ ਰਾਸ਼ਟਰ ਦੀ ਸੇਵਾ ਵਿੱਚ ਸਰਵਉੱਚ ਕੁਰਬਾਨੀ ਦੇਣ ਵਾਲੇ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਦਿੱਤੀ। ਉਨ੍ਹਾਂ ਨੇ ਸੰਚਾਲਨ ਤਿਆਰੀ, ਸਮਰੱਥਾ ਵਿਕਾਸ ਅਤੇ ਸਾਰੇ ਰੈਂਕਾਂ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ।

ਮੋਗਾ ਤੇ ਕੋਟ ਈਸੇਖਾਂ ਨਗਰ ਕੌਂਸਲ, ਨਗਰ ਪੰਚਾਇਤ ਚੋਣਾਂ ਅਮਨ ਅਮਾਨ ਨਾਲ ਹੋਈਆਂ

ਮੋਗਾ, 26 ਮਈ (ਜਗਰਾਜ ਸਿੰਘ ਸੰਘਾ) : ਮੋਗਾ ਨਗਰ ਨਿਗਮ ਦੇ 50 ਵਾਰਡਾਂ ਤੇ ਕੋਟ ਈਸੇਖਾਂ ਨਗਰ ਪੰਚਾਇਤ ਦੇ 13 ਵਾਰਡਾਂ ਤੇ ਅੱਜ ਚੋਣ ਸਵੇਰੇ 8 ਵਜੇ ਤੋਂ ਸ਼ੁਰੂ ਹੋ ਕੇ ਸ਼ਾਮ 5 ਵਜੇ ਤੱਕ ਚੱਲੀ ਜੋ ਅਮਨ ਅਮਾਨ ਨਾਲ ਖਤਮ ਹੋ ਗਈ ਜਿੱਥੇ ਕਈ ਵਾਰਡਾਂ ਦੇ ਬਾਹਰ ਗਰਮਾ ਗਰਮੀ ਦਾ ਮਾਹੌਲ ਵੀ ਬਣਿਆ ਰਿਹਾ। ਮੋਗਾ 50 ਵਾਰਡਾਂ ਲਈ 130321 ਵੋਟਰ ਅਤੇ ਨਗਰ ਪੰਚਾਇਤ ਕੋਟ ਈਸੇ ਖਾਂ ਦੇ 13 ਵਾਰਡਾਂ ਲਈ 10452 ਵੋਟਰਾਂ ਵੋਟਰਾਂ ਵਿੱਚੋਂ ਸ਼ਾਮ 5 ਵਜੇ ਤੱਕ ਮੋਗਾ ਨਗਰ ਨਿਗਮ ਲਈ 58.35 ਫੀਸਦੀ ਪੋਲਿੰਗ ਕੋਟ ਈਸੇ ਖਾਂ ਲਈ 72.76 ਫੀਸਦੀ ਵੋਟ ਪੋਲ ਹੋਈ ਵੋਟਾਂ ਦੀ ਗਿਣਤੀ 29 ਮਈ 2026 (ਸ਼ੁੱਕਰਵਾਰ) ਨੂੰ ਹੋਵੇਗੀ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਹੁਤ ਸਾਰੇ ਵੋਟਰਾਂ ਨੇ ਵਿਕਾਸ ਕਾਰਜਾਂ ਨੂੰ ਪਹਿਲ ਦਿੰਦਿਆਂ ਆਪਣੇ ਮੱਤਦਾਨ ਦਾ ਇਸਤੇਮਾਲ ਕੀਤਾ ਜਿਕਰਯੋਗ ਹੈ ਕਿ ਕੋਟ ਈਸੇਖਾਂ ਦੇ ਵਾਰਡ ਨੰਬਰ 3 ਤੇ ਵਾਰਡ ਨੰਬਰ 10 ਚ ਕਾਫੀ ਗਰਮਾ ਗਰਮੀ ਹੋਈ

ਇਸੇ ਤਰ੍ਹਾਂ ਕੋਟ ਈਸੇਖਾਂ ਦੇ ਵਾਰਡ ਨੰਬਰ 7, 11 ਤੇ 12 ਦੀਆਂ ਸੀਟਾਂ ਵਿੱਚ ਵੀ ਪੂਰਾ ਗਰਮ ਮਾਹੌਲ ਦੇਖਣ ਨੂੰ ਮਿਲਿਆ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਹਲਕਾ ਧਰਮਕੋਟ ਦੇ ਇੰਚਾਰਜ ਬਰਜਿੰਦਰ ਸਿੰਘ ਮੱਖਣ ਬਰਾੜ ਹਲਕਾ ਮੋਗਾ ਦੇ ਇਨਚਾਰਜ ਸੰਜੀਤ ਸਿੰਘ ਸਨੀ ਗਿੱਲ ਤੇ ਸ਼ਹਿਰੀ ਪ੍ਰਧਾਨ ਸਨਮੁੱਖ ਭਾਰਤੀ ਨੇ ਸਮੂਹ ਵੋਟਰਾਂ ਦਾ ਸ਼੍ਰੋਮਣੀ ਅਕਾਲੀ ਦਲ ਦਾ ਵੱਡਾ ਸਮਰਥਨ ਮਿਲਣ ਤੇ ਧੰਨਵਾਦ ਕੀਤਾ ਉਹਨਾਂ ਦਾਅਵਾ ਕੀਤਾ ਕਿ ਇਹਨਾਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵੱਡੀ ਗਿਣਤੀ ਵਿੱਚ ਜਰੂਰ ਜਿੱਤਣਗੇ ਉਧਰ ਗੱਲਬਾਤ ਕਰਦਿਆਂ ਭਾਜਪਾ ਦੇ ਜਿਲਾ ਪ੍ਰਧਾਨ ਸਾਬਕਾ ਵਿਧਾਇਕ ਹਰਜੋਤ ਸਿੰਘ ਕਮਲ ਤੇ ਸਾਬਕਾ ਜ਼ਿਲਾ ਪ੍ਰਧਾਨ ਡਾਕਟਰ ਸੀਮਾਂਤ ਗਰਗ ਤੇ ਕਾਂਗਰਸ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ ਨੇ ਵੀ ਵੋਟਰਾਂ ਦਾ ਸਮਰਥਨ ਦੇਣ ਤੇ ਤਹਿ ਦਿਲੋਂ ਧੰਨਵਾਦ ਕੀਤਾ।

ਕੇਂਦਰ ਸਰਕਾਰ ਨੇ ਸੀਐਨਜੀ ਦੀਆਂ ਕੀਮਤਾਂ 'ਚ 2 ਰੁਪਏ ਪ੍ਰਤੀ ਕਿਲੋ ਕੀਤਾ ਵਾਧਾ

ਨਵੀਂ ਦਿੱਲੀ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਪੈਟਰੋਲ ਅਤੇ ਡੀਜ਼ਲ ਤੋਂ ਬਾਅਦ, ਸੀਐਨਜੀ ਵੀ ਹੁਣ ਮਹਿੰਗੀ ਹੋ ਗਈ ਹੈ। ਮੰਗਲਵਾਰ ਸਵੇਰੇ, ਦਿੱਲੀ-ਐਨਸੀਆਰ ਵਿੱਚ ਸੀਐਨਜੀ ਦੀ ਕੀਮਤ 2 ਰੁਪਏ ਪ੍ਰਤੀ ਕਿਲੋਗ੍ਰਾਮ ਵਧਾਈ ਗਈ ਸੀ। ਇਸ ਤੋਂ ਪਹਿਲਾਂ, ਸ਼ਨੀਵਾਰ ਨੂੰ ਹੀ, ਸੀਐਨਜੀ ਦੀ ਕੀਮਤ 1 ਰੁਪਏ ਪ੍ਰਤੀ ਕਿਲੋਗ੍ਰਾਮ ਵਧਾਈ ਗਈ ਸੀ। ਇਸ ਤਾਜ਼ਾ ਵਾਧੇ ਨਾਲ, ਦਿੱਲੀ ਵਿੱਚ ਸੀਐਨਜੀ ਦੀ ਕੀਮਤ ਹੁਣ 83.09 ਰੁਪਏ ਪ੍ਰਤੀ ਕਿਲੋਗ੍ਰਾਮ ਤੱਕ ਪਹੁੰਚ ਗਈ ਹੈ। ਦੱਸ ਦਈਏ ਕਿ 15 ਮਈ ਤੋਂ ਲੈ ਕੇ ਹੁਣ ਤੱਕ, ਸੀਐਨਜੀ ਦੀਆਂ ਕੀਮਤਾਂ ਚਾਰ ਵਾਰ ਵਧਾਈਆਂ ਜਾ ਚੁੱਕੀਆਂ ਹਨ। 15 ਮਈ ਨੂੰ ਸੀਐਨਜੀ ਦੀਆਂ ਕੀਮਤਾਂ ਵਿੱਚ 2 ਰੁਪਏ ਪ੍ਰਤੀ ਕਿਲੋਗ੍ਰਾਮ ਦਾ ਵਾਧਾ ਹੋਇਆ, 17 ਮਈ ਨੂੰ 1 ਰੁਪਏ ਪ੍ਰਤੀ ਕਿਲੋਗ੍ਰਾਮ ਦਾ ਵਾਧਾ ਹੋਇਆ ਅਤੇ 23 ਮਈ ਨੂੰ 1 ਰੁਪਏ ਪ੍ਰਤੀ ਕਿਲੋਗ੍ਰਾਮ ਦਾ ਵਾਧਾ ਹੋਇਆ, ਜਦਕਿ ਹੁਣ, 2 ਰੁਪਏ ਪ੍ਰਤੀ ਕਿਲੋਗ੍ਰਾਮ ਦਾ ਵਾਧਾ ਹੋਇਆ ਹੈ। 15 ਮਈ ਤੋਂ ਸੀਐਨਜੀ ਦੀਆਂ ਕੀਮਤਾਂ ਵਿੱਚ ਕੁੱਲ ਵਾਧਾ 7 ਰੁਪਏ ਤੱਕ ਪ੍ਰਤੀ ਕਿਲੋਗ੍ਰਾਮ ਹੈ। ਕੱਲ੍ਹ – ਯਾਨੀ ਸੋਮਵਾਰ – ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧਾ ਕੀਤਾ ਗਿਆ ਸੀ। ਇਹ 15 ਮਈ ਤੋਂ ਬਾਅਦ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਚੌਥਾ ਵਾਧਾ ਸੀ। ਸੀਐਨਜੀ ਦੀਆਂ ਕੀਮਤਾਂ ਵਿੱਚ ਵਾਧੇ ਨਾਲ ਸੀਐਨਜੀ 'ਤੇ ਚੱਲਣ ਵਾਲੇ ਆਟੋ-ਰਿਕਸ਼ਾ, ਟੈਕਸੀਆਂ ਅਤੇ ਨਿੱਜੀ ਵਾਹਨਾਂ ਲਈ ਰੋਜ਼ਾਨਾ ਆਉਣ-ਜਾਣ ਮਹਿੰਗਾ ਹੋ ਜਾਵੇਗਾ। ਦਿੱਲੀ ਅਤੇ ਮੁੰਬਈ ਵਰਗੇ ਸ਼ਹਿਰਾਂ ਵਿੱਚ, ਜਨਤਕ ਆਵਾਜਾਈ ਦੇ ਬੇੜੇ (ਬੱਸਾਂ ਅਤੇ ਕੈਬਾਂ) ਦਾ ਇੱਕ ਮਹੱਤਵਪੂਰਨ ਹਿੱਸਾ ਸੀਐਨਜੀ 'ਤੇ ਨਿਰਭਰ ਕਰਦਾ ਹੈ; ਨਤੀਜੇ ਵਜੋਂ, ਇਸ ਫੈਸਲੇ ਦਾ ਜਨਤਕ ਆਵਾਜਾਈ ਪ੍ਰਣਾਲੀ 'ਤੇ ਵੀ ਸਿੱਧਾ ਪ੍ਰਭਾਵ ਪਵੇਗਾ। ਸੀਐਨਜੀ, ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧੇ ਨੂੰ ਦੇਖਦੇ ਹੋਏ, ਆਵਾਜਾਈ ਅਤੇ ਲੌਜਿਸਟਿਕਸ (ਮਾਲ-ਭਾੜਾ) ਲਾਗਤਾਂ ਵਿੱਚ ਵਾਧਾ ਅਟੱਲ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਇਸਦਾ ਆਮ ਆਦਮੀ ਦੇ ਘਰੇਲੂ ਬਜਟ 'ਤੇ ਵੀ ਸਿੱਧਾ ਪ੍ਰਭਾਵ ਪੈ ਸਕਦਾ ਹੈ, ਕਿਉਂਕਿ ਸੜਕ ਰਾਹੀਂ ਸਾਮਾਨ ਦੀ ਢੋਆ-ਢੁਆਈ ਦੀ ਵਧਦੀ ਲਾਗਤ ਬਾਜ਼ਾਰ ਵਿੱਚ ਮਹਿੰਗਾਈ ਨੂੰ ਵਧਾ ਸਕਦੀ ਹੈ।

ਜ਼ਮੀਨ 'ਤੇ ਕੰਮ ਕਰਕੇ ਪੰਜਾਬ ਸਰਕਾਰ ਨੇ ਪੂਰੇ ਕੀਤੇ ਵਾਅਦੇ : ਭਗਵੰਤ ਮਾਨ

ਚੰਡੀਗੜ੍ਹ, 26 ਮਈ (ਬਿਊਰੋ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਰਫ਼ ਪ੍ਰਚਾਰ ਲਈ ਐਲਾਨ ਕਰਨ ਦੀ ਬਜਾਇ ਪੰਜਾਬ ਦੇ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਅਸਲ ਨਤੀਜੇ ਦੇਣ 'ਤੇ ਧਿਆਨ ਦਿੱਤਾ ਹੈ। ਐਨਡੀਟੀਵੀ ਨਵਾ ਪੰਜਾਬ ਸਮਿਟ ਨੂੰ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ ਨੇ ਭਲਾਈ ਯੋਜਨਾਵਾਂ, ਰੋਜ਼ਗਾਰ, ਬੁਨਿਆਦੀ ਢਾਂਚੇ, ਸਿਹਤ ਸੇਵਾਵਾਂ ਅਤੇ ਉਦਯੋਗਿਕ ਵਿਕਾਸ ਦੇ ਖੇਤਰ ਵਿੱਚ ਸਰਕਾਰ ਦੀਆਂ ਉਪਲਬਧੀਆਂ ਨੂੰ ਰੱਖਿਆ। ਭਗਵੰਤ ਮਾਨ ਨੇ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਬਾਅਦ ਸਰਕਾਰ ਨੇ ਲੋਕਾਂ ਨਾਲ ਕੀਤੇ ਕਈ ਵਾਅਦੇ ਪੂਰੇ ਕੀਤੇ ਹਨ। ਉਨ੍ਹਾਂ ਦੱਸਿਆ ਕਿ 300 ਯੂਨਿਟ ਮੁਫ਼ਤ ਬਿਜਲੀ ਯੋਜਨਾ ਹੇਠ ਪੰਜਾਬ ਦੇ ਲਗਭਗ 90 ਫ਼ੀਸਦੀ ਘਰਾਂ ਨੂੰ ਜ਼ੀਰੋ ਬਿਜਲੀ ਬਿੱਲ ਮਿਲ ਰਹੇ ਹਨ, ਜਿਸ ਨਾਲ ਵੱਧ ਰਹੇ ਖਰਚਿਆਂ ਨਾਲ ਜੂਝ ਰਹੇ ਆਮ ਪਰਿਵਾਰਾਂ ਨੂੰ ਵੱਡੀ ਰਾਹਤ ਮਿਲੀ ਹੈ। ਮੁੱਖ ਮੰਤਰੀ ਨੇ ਰੋਜ਼ਗਾਰ ਸਿਰਜਣਾ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਸਰਕਾਰ ਨੇ ਬਿਨਾਂ ਕਿਸੇ ਭ੍ਰਿਸ਼ਟਾਚਾਰ ਅਤੇ ਸਿਆਸੀ ਸਿਫ਼ਾਰਸ਼ ਦੇ ਪਾਰਦਰਸ਼ੀ ਢੰਗ ਨਾਲ 65,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਹੁਣ ਯੋਗ ਨੌਜਵਾਨਾਂ ਨੂੰ ਸਿਰਫ਼ ਮੇਰਿਟ ਦੇ ਆਧਾਰ 'ਤੇ ਰੋਜ਼ਗਾਰ ਮਿਲ ਰਿਹਾ ਹੈ। ਬੁਨਿਆਦੀ ਢਾਂਚੇ ਦੇ ਵਿਕਾਸ ਬਾਰੇ ਗੱਲ ਕਰਦੇ ਹੋਏ ਭਗਵੰਤ ਮਾਨ ਨੇ ਕਿਹਾ ਕਿ ਸੂਬੇ ਭਰ ਵਿੱਚ 44,000 ਕਿਲੋਮੀਟਰ ਤੋਂ ਵੱਧ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਜਿਸ ਨਾਲ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਆਵਾਜਾਈ ਅਤੇ ਸੰਪਰਕ ਪ੍ਰਣਾਲੀ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਸਕਾਰਾਤਮਕ ਮੌਕੇ ਦੇਣ ਲਈ ਸਰਕਾਰ ਲਗਭਗ 3,000 ਖੇਡ ਮੈਦਾਨ ਅਤੇ ਸਟੇਡੀਅਮ ਵਿਕਸਤ ਕਰ ਰਹੀ ਹੈ। ਉਦਯੋਗਿਕ ਵਿਕਾਸ ਬਾਰੇ ਮੁੱਖ ਮੰਤਰੀ ਨੇ ਕਿਹਾ ਕਿ ਪਾਰਦਰਸ਼ੀ ਪ੍ਰਸ਼ਾਸਨ, ਉਦਯੋਗ-ਹਿਤੈਸ਼ੀ ਨੀਤੀਆਂ ਅਤੇ ਬਿਹਤਰ ਬਿਜਲੀ ਪ੍ਰਬੰਧਨ ਕਾਰਨ ਪੰਜਾਬ ਵਿੱਚ ਨਿਵੇਸ਼ਕਾਂ ਦਾ ਭਰੋਸਾ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਲੁਧਿਆਣਾ ਅਤੇ ਮੰਡੀ ਗੋਬਿੰਦਗੜ੍ਹ ਵਰਗੇ ਉਦਯੋਗਿਕ ਕੇਂਦਰਾਂ ਵਿੱਚ ਦੁਬਾਰਾ ਵਿਕਾਸ ਦੀ ਰਫ਼ਤਾਰ ਵੇਖਣ ਨੂੰ ਮਿਲ ਰਹੀ ਹੈ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬੇ ਨੇ ਵਿੱਤੀ ਪ੍ਰਬੰਧਨ ਦੇ ਖੇਤਰ ਵਿੱਚ ਸੁਧਾਰ ਦਿਖਾਇਆ ਹੈ ਅਤੇ ਪੰਜਾਬ ਦਾ ਕਰਜ਼ਾ-ਤੋਂ-ਜੀਡੀਪੀ ਅਨੁਪਾਤ ਲਗਭਗ ਤਿੰਨ ਫ਼ੀਸਦੀ ਤੱਕ ਘਟਿਆ ਹੈ। ਉਨ੍ਹਾਂ ਸੂਬੇ ਵਿੱਚ ਸਿੰਚਾਈ ਪ੍ਰਣਾਲੀ ਅਤੇ ਭੂਜਲ ਪੱਧਰ ਸੁਧਾਰਨ ਲਈ ਕੀਤੇ ਜਾ ਰਹੇ ਯਤਨਾਂ ਦਾ ਵੀ ਜ਼ਿਕਰ ਕੀਤਾ। ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਆਮ ਆਦਮੀ ਕਲੀਨਿਕਾਂ ਨੂੰ ਲੋਕਾਂ, ਖ਼ਾਸ ਕਰਕੇ ਮਹਿਲਾਵਾਂ ਅਤੇ ਪਿੰਡਾਂ ਦੇ ਲੋਕਾਂ ਵੱਲੋਂ ਚੰਗਾ ਸਹਿਯੋਗ ਮਿਲ ਰਿਹਾ ਹੈ। ਉਦਯੋਗ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਨੂੰ 75,000 ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਪ੍ਰਸਤਾਵ ਮਿਲੇ ਹਨ, ਜੋ ਸੂਬੇ ਵਿੱਚ ਉਦਯੋਗਾਂ ਦੇ ਵੱਧਦੇ ਭਰੋਸੇ ਨੂੰ ਦਰਸਾਉਂਦੇ ਹਨ। ਐਨਡੀਟੀਵੀ ਨਵਾ ਪੰਜਾਬ ਸਮਿਟ ਵਿੱਚ ਮੰਤਰੀਆਂ, ਅਧਿਕਾਰੀਆਂ, ਨੀਤੀ ਨਿਰਮਾਤਾਵਾਂ, ਉਦਯੋਗ ਜਗਤ ਦੇ ਆਗੂਆਂ ਅਤੇ ਹੋਰ ਪ੍ਰਮੁੱਖ ਹਸਤੀਆਂ ਨੇ ਹਿੱਸਾ ਲਿਆ। ਇਸ ਦੌਰਾਨ ਪੰਜਾਬ ਵਿੱਚ ਸੁਸ਼ਾਸਨ ਸੁਧਾਰਾਂ, ਸਿਹਤ ਸੇਵਾਵਾਂ, ਸਿੱਖਿਆ, ਨਿਵੇਸ਼ ਅਤੇ ਸਮਾਜਿਕ ਬਦਲਾਅ ਦੇ ਰੋਡਮੈਪ 'ਤੇ ਚਰਚਾ ਕੀਤੀ ਗਈ।

ਕਲਾਸੀਫਾਇਡ

ਨਾਮ ਬਦਲੀ

➢ **I, Amritpal Singh** S/o Malkit Singh R/o Vill: Madhepur Po. Dorangla Gurdaspur Pin-143526, Pb, India, declare that my given name as Amritpal and my surname as Singh.

➢ **I, Gurmukh Singh** S/o Gopal Singh R/o Dehriwal Kiran Dehriwala Gurdaspur, Pb-143512, India, declare that my given name as Gurmukh and my surname as Singh.

➢ **I, Anil Kumar** S/o Ganpat Rai Sharma R/o Indira Colony Behrampur Road Dinanagar, Distt. Gurdaspur-143531, Pb, India, declare that my given name as Anil and my surname as Kumar.

➢ **I, Yadvarinderpal Singh** S/o Manmohan Singh R/o Vpo. Lakhan Kalan Distt. Gurdaspur-143512, Pb, India, declare that my given name as Yadvarinderpal and my surname as Singh.

➢ **I Tanjinder Singh** S/o Gurdeep Singh R/o Vill-Nabi Nagar Po Fattupur Teh-Dera Baba Nanak Distt Gurdaspur Punjab India Pincode-143512 I have changed my name from Tanjinder Singh To Singh Tanjinder. surname as Singh and given name as Tanjinder.

➢ **I, Gurmeet Kaur Sandhu** W/O Gurjant Singh R/O Village Jhanda Bagga Nawan Tehsil Zira District Ferozepur Have Changed My Name As Gurmeet Kaur.

➢ **I Akashdeep singh** S/O Sukhdev Singh VPO Tangra,Teh baba bakala dist Amritsar have changed my name from Akashdeep singh to Akashdeep. Now Akashdeep is my given name and singh is my Surname.

➢ **I Harman Singh** S/O Satnam Singh R/O Vpo Mahal Tehsil Phillaur Distt Jalandhar Have Changed My Given Name To Read As Harman And Surname To Read As Singh Concerned Please Note.

PUBLIC NOTICE

➢ **I, Satnam Kaur** W/O Avtar Singh R/O Vill Kukar Po Dostpur Teh Kalanaur, District Gurdaspur, Punjab, India Pin Code 143526, That On My Daughter's Passport (AK530940) My Name Is Mistakenly Mentioned As Baljinder Kaur, I Have Changed My Name From My Incorrect Baljinder Kaur To Satnam Kaur, Which Is My Real Name. Please Noted.

ਬੇਦਖਲੀ

➢ **ਮੈਂ ਕਾਜਲ** ਪਤਨੀ ਜਸਵੰਤ ਸਿੰਘ ਵਾਸੀ ਵਾਰਡ ਨੰ. 10 ਮੱਲਾਂਵਾਲਾ ਤਹਿ: ਜੀਰਾ ਜਿਲ੍ਹਾ ਫਿਰੋਜ਼ਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਨਮੋਲ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਕੋਈ ਵੀ ਤਾਲੁਕ ਵਾ ਵਾਸਤਾ ਨਹੀਂ ਹੋਵੇਗਾ।

➢ **ਮੈਂ ਰਾਜਪਾਲ ਸਿੰਘ** ਪੁੱਤਰ ਦੇਵਾ ਸਿੰਘ ਵਾਸੀ ਪਿੰਡ ਤੇ ਡਾਕ: ਮਾੜੀ ਪੰਨਵਾਂ ਤਹਿ: ਬਟਾਲਾ ਜਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਚਰਨ ਸਿੰਘ ਉਰਫ ਰਵੀ ਅਤੇ ਮੇਰੀ ਨੂੰਹ ਨਿਸੂ ਬੱਲ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਕੋਈ ਵੀ ਤਾਲੁਕ ਵਾ ਵਾਸਤਾ ਨਹੀਂ ਹੋਵੇਗਾ।

➢ **ਮੈਂ ਸੰਤੋਸ਼ ਰਾਣੀ** ਪੁੱਤਰੀ ਸੋਹਣ ਲਾਲ ਵਾਸੀ ਬੱਕਰਖਾਨਾ ਰੋਡ ਗਲੀ ਨੰ. 2 ਤਹਿ: ਨਵਾਂਸ਼ਹਿਰ ਜਿਲ੍ਹਾ ਸ.ਭ.ਸ. ਨਗਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਾਜਨ ਕੈਂਥ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਕੋਈ ਵੀ ਤਾਲੁਕ ਵਾ ਵਾਸਤਾ ਨਹੀਂ ਹੋਵੇਗਾ।

➢ **ਮੈਂ ਸਰਬਜੀਤ ਸਿੰਘ** ਪੁੱਤਰ ਪਿਆਰਾ ਸਿੰਘ ਵਾਸੀ ਪਿੰਡ ਸਰਹਾਲਾ ਖੁਰਦ ਤਹਿ: ਗੜ੍ਹਸ਼ੰਕਰ ਜ਼ਿਲਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਪਰਮਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਮੇਰਾ ਇਸ ਨਾਲ ਅੱਜ ਤੋਂ ਬਾਅਦ ਕੋਈ ਤਾਲੁਕ ਵਾਸਤਾ ਨਹੀਂ ਹੈ। ਇਹ ਮੇਰੀ ਸੇਵਾ-ਸੰਭਾਲ, ਦੇਖ-ਭਾਲ ਨਹੀਂ ਕਰਦੀ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ।

PUBLIC NOTICE

➢ **I, Pritpal Singh** S/o Gurbachan Singh R/o Vill: Mandvi Po. Mandvi Teh-Moonak Distt. Sangrur declare that in my Passport my father name wrongly entered Gurbachan Singh Cheema. But my father correct name is Gurbachan Singh. so amended my father name from Gurbachan Singh Cheema to Gurbachan Singh in my Passport.

ਨਾਮ ਬਦਲੀ

➢ **I, Nirmal Kaur** W/o Sohan Lal R/o Vpo. Hiala Teh-Nawanshahr Distt. SBS Nagar, Pb, have changed my name from Nirmal Kaur to Kaur Nirmal.

➢ **I, Suraj** S/o Saroop Lal R/o Vpo. Bahloor Kalan Teh-Nawanshahr Distt. SBS Nagar, Pb, have changed my name from Suraj to Kumar Suraj.

➢ **I, Manjit Singh** S/o Balvir Singh R/o Vill: Shahpur Patti Po. Jadla Distt. SBS Nagar have changed my name to Manjit Singh Saini.

➢ **I Neelakshi** D/O Jagdish Lal R/O Patti Yahdpur, Vpo Virk, Teh Phillaur, Distt Jalandhar Have Changed My Name Neelakshi Rani And Now Rani Is My Surname. All Concerned Note.

➢ **I, Prabhdeep Kaur** W/o Baljinder Singh Sembhi R/o Chandigarh Road Mehla Colony Nawanshahr Distt. SBS Nagar have changed my name to Prabhdeep Kaur Sembhi.

➢ **I, Pritpal Singh** S/o Gurbachan Singh R/o Vill: Mandvi Po. Mandvi Teh-Moonak Distt. Sangrur have changed my name from Pritpal Singh Cheema to Pritpal Singh.

➢ **I, Mangat Ram** S/o Jagan Nath R/o Vill: Dallewal Po. Goraya Teh-Phillaur Distt. Jalandhar declare that my given name is Mangat and my surname is Ram.

➢ **I, Harman Kaur** W/o Sumitpal Singh R/o Vill: Dallewal Po. Goraya Teh-Phillaur Distt. Jalandhar declare that my given name is Harman and my surname is Kaur.

ਨਾਮ ਬਦਲੀ

➢ **I, Harminder Singh** S/o Balbir Singh R/o Sukhmandeep Ice Factory,Chuni Khurd,Distt Fatehgarh Sahib Have Changed My Name To Harminder (Singh) As A Surname.

➢ **ਮੈਂ ਦਵਿੰਦਰ ਸਿੰਘ ਟੌਰ** ਪੁੱਤਰ ਗੁਰਮੀਤ ਸਿੰਘ ਵਾਸੀ ਪਿੰਡ ਅਤੇ ਡਾਕਖਾਨਾ ਨਾਗਰਾ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ ਨੇ ਆਪਣਾ ਨਾਮ ਬਦਲਕੇ ਦਵਿੰਦਰ ਸਿੰਘ ਰੱਖ ਲਿਆ ਹੈ।

➢ **ਮੈਂ ਨਜ਼ੀਰਾ** ਪਤਨੀ ਬਾਗਾ ਖਾਨ ਵਾਸੀ ਬੰਬੀਹਾ ਭਾਈ ਬਾਘਾ ਪੁਰਾਣਾ ਮੋਗਾ ਨੇ ਆਪਣਾ ਨਾਮ ਬਦਲ ਕੇ ਸ਼ਿੰਦਰਪਾਲ ਰੱਖ ਲਿਆ ਹੈ। ਅੱਜ ਤੋਂ ਬਾਅਦ ਮੈਨੂੰ ਸ਼ਿੰਦਰਪਾਲ ਦੇ ਨਾਮ ਨਾਲ ਜਾਣਿਆ ਜਾਵੇ।

➢ **ਮੈਂ ਵੀਨਾ ਕੁਮਾਰੀ ਪਰਭਾਕਰ** ਪਤਨੀ ਚੰਦਰ ਸ਼ੇਖਰ ਪਰਭਾਕਰ ਵਾਸੀ ਮ.ਨੰ. 76-ਸੀ, ਮਾਡਲ ਟਾਊਨ ਐਕਸਟੈਂਸ਼ਨ, ਸ਼ਕਤੀ ਇਨਕਲੇਵ ਦੁੱਗਰੀ ਰੋਡ, ਲੁਧਿਆਣਾ ਨੇ ਆਪਣਾ ਨਾਮ ਬਦਲ ਕੇ ਵੀਨਾ ਪਰਭਾਕਰ ਰੱਖ ਲਿਆ ਹੈ।

➢ **ਮੈਂ ਅਮਨਦੀਪ ਕੌਰ ਹੁੰਦਲ** ਪਤਨੀ ਜਸਪਾਲ ਸਿੰਘ ਵਾਸੀ ਚੂਚਕ ਵਿੰਡ (ਫਿਰੋਜਪੁਰ) ਨੇ ਆਪਣਾ ਨਾਮ ਬਦਲ ਕੇ ਅਮਨਦੀਪ ਕੌਰ ਰੱਖ ਲਿਆ ਹੈ।

➢ **ਮੈਂ ਅਭਿਨਵ** ਪੁੱਤਰ ਸੁਰਿੰਦਰ ਕੁਮਾਰ ਸ਼ਰਮਾ ਵਾਸੀ ਮਕਾਨ ਨੰਬਰ 3/57 ਮੁਹੱਲਾ ਬੇਦੀਆਂ ਬੰਗਾ ਜਿਲ੍ਹਾ ਸ਼ਹੀਦ ਭਗਤ ਸਿੰਘ ਨੇ ਆਪਣਾ ਨਾਂ ਬਦਲ ਕੇ ਅਭਿਨਵ ਤੋਂ ਅਭਿਨਵ ਅਜਨਾਤ ਰੱਖ ਲਿਆ ਹੈ। ਸਬੰਧਤ ਨੋਟ ਕਰਨ।

➢ **I, Sukhwinder Singh** S/o Mohinder Ram R/o Vpo. Dosanjh Khurd Teh-Banga Distt. S.B.S. Nagar, have changed my name from Sukhwinder Singh to Singh Sukhwinder. I have used Singh as my surname. Concerned note it.

➢ **I, Paldeep Singh** S/o Baldev Singh R/o Jago Sangha Chuheki Distt. Jalandhar my given name is Paldeep and my surname is Singh.

ਉੱਤਰ ਰੇਲਵੇ

ਖੁਲੀ ਟੈਂਡਰ ਐਨ.ਆਈ.ਟੀ. -03/2026-27 ਮਿਤੀ : 18.05.2026

ਦਾ ਸੋਧਪੱਤਰ ਨੰਬਰ 01

ਖੁਲੀ ਟੈਂਡਰ ਜੋ ਕਿ ਸੀਨੀ. ਮੰਡਲ ਸਿਗਨਲ ਅਤੇ ਦੂਰ ਸੰਚਾਰ ਇੰਜੀਨੀਅਰ, ਅੰਬਾਲਾ ਛਾਵਣੀ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਐਨ.ਆਈ.ਟੀ.-03/2026-27 ਮਿਤੀ : 18.05.2026 ਦੇ ਦੁਆਰਾ ਮੰਗੀ ਗਈ ਸੀ ਹੁਣ ਉਹ ਹੈ ਟੈਂਡਰ ਨੰ: 09/2026027 ਜੋ ਕਿ ਮਿਤੀ : 11.06.2026 ਨੂੰ ਖੁਲਣੀ ਸੀ ਪ੍ਰਸ਼ਾਸਨਿਕ ਕਾਰਣ ਤੋਂ ਹੁਣ ਮਿਤੀ : 19.06.2026 ਨੂੰ ਖੁਲੇਗੀ।

ਉਪਰੋਕਤ ਟੈਂਡਰ ਦੇ ਨਿਯਮ ਤੇ ਸ਼ਰਤਾਂ ਸਮਾਨ ਰਹੇਗੀ।

ਉਪਰੋਕਤ ਟੈਂਡਰ ਦੇ ਸਾਰੇ ਡਾਕਯੂਮੈਂਟ ਵੈੱਬਸਾਈਟ www/nr/indianrail.gov.in ਉਤੇ ਉਪਲਬਧ ਹੈ।

ਨੰਬਰ : ਐਸ. ਡਬਲੂ/ਸਿਗ/ਅੰਬਾਲਾ/ਐਨ.ਆਈ.ਟੀ.-03/ਕੋਰੀਜੇਨਡਮ-01/2026-27
ਮਿਤੀ : 25.05.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1758/26

ਉਤਰ ਰੇਲਵੇ

ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵੱਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਅੰਬਾਲਾ ਕੈਂਟ ਦੁਆਰਾ ਈ-ਨੀਲਾਮੀ ਕੀਤੀ ਜਾਵੇਗੀ, ਜਿਸ ਦਾ ਵੇਰਵਾ ਨਿਮਨਲਿਖਤ ਹੈ:

ਲੜੀਵਾਰ ਨੰ.	ਕੈਟੇਗਰੀ ਅਤੇ ਵੇਰਵਾ	ਈ-ਕੈਟਲਾਗ	ਰੇਲਵੇ ਸਟੇਸ਼ਨ ਦੇ ਨਾਮ	ਈ-ਨੀਲਾਮੀ ਦੀ ਮਿਤੀ ਅਤੇ ਸਮਾਂ
1	05 ਰੇਲਵੇ ਸਟੇਸ਼ਨ ਉੱਤੇ ਪੇ ਅਤੇ ਯੂਜ਼ ਪਖਾਨੇ ਦੇ ਸੰਚਾਲਨ ਅਤੇ ਰੱਖ-ਰਖਾਵ ਦਾ ਠੇਕਾ	UMB-PnUToi-5-26	ਸ਼ਿਮਲਾ (PF No.-1A) ਅੰਬਾਲਾ ਸਿਟੀ, ਮਲੇਰਕੋਟਲਾ, ਅੰਬ ਅੰਦੌਰਾ ਅਤੇ ਬਠਿੰਡਾ (PF-5/7)	01.06.2026 ਨੂੰ 12:00 ਵਜੇ

-ਨੀਲਾਮੀ ਲੀਗਿੰਗ ਮੰਗ ਸੂਚਨਾ, ਨੀਲਾਮੀ ਫਾਰਮ, ਇਕ ਵਾਰ ਪੰਜੀਕਰਨ ਤੇ ਵਧੇਰੇ ਜਾਣਕਾਰੀ ਲਈ ਰੇਲਵੇ ਵੈਬਸਾਈਟ www.ireps.gov.in 'ਤੇ ਜਾਓ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1781/26

ਦੇਸ਼ ਪ੍ਰਦੇਸ਼ ਮੀਡੀਆ ਵੱਲੋਂ ਰਾਜੀਵ ਜੈਨ ਪ੍ਰਕਾਸ਼ਕ, CHANDIGARH OFFICE S.C.O 1136, SECTOR 22-B, CHANDIGARH ਅਤੇ MOHALI OFFICE ਪਲਾਟ ਨੰਬਰ 7-8, ਕਿਲ੍ਹਾ ਕੰਪਲੈਕਸ, ਐਸ ਏ ਐਸ ਨਗਰ (ਮੋਹਾਲੀ) 140301 ਤੋਂ ਪ੍ਰਕਾਸ਼ਿਤ ਕੀਤਾ। (ਪੀ.ਆਰ.ਬੀ ਐਕਟ ਤਹਿਤ ਖ਼ਬਰਾਂ ਦੇ ਚੋਣ ਲਈ ਜ਼ਿੰਮੇਵਾਰ) ਪ੍ਰਿੰਟਰ : ਤਨੇਜਾ ਮਹੇਸ਼ਵਰੀ ਇੰਪ੍ਰੈਸ਼ਨ ਪ੍ਰਿੰਟਿੰਗ, ਇੰਡਸਟ੍ਰੀਅਲ ਏਰੀਆ, ਫੇਜ਼ 2, ਪੰਚਕੂਲਾ, ਹਰਿਆਣਾ 134113 ਤੋਂ ਛਪਵਾਇਆ। ਮੁੱਖ ਸੰਪਾਦਕ ਅਤੇ ਮਾਲਿਕ: ਸ਼ਸ਼ੀ ਪਾਲ ਜੈਨ, ਚੰਡੀਗੜ੍ਹ ਦਫ਼ਤਰ: ਐਸਸੀਓ 1136, ਸੈਕਟਰ 22-ਬੀ ਚੰਡੀਗੜ੍ਹ। ਖ਼ਬਰਾਂ ਦੀ ਜਵਾਬਦੇਹੀ ਪੱਤਰਕਾਰ ਦੀ ਹੋਵੇਗੀ। ਇਸ਼ਤਿਹਾਰਾਂ ਦੀ ਪਾਠਕ ਆਪ ਦੇਖਰੇਖ ਕਰਕੇ ਹੀ ਸਮਾਨ ਖਰੀਦਣ, ਇਸ਼ਤਿਹਾਰ ਲਈ ਪੱਤਰਕਾਰ ਜਵਾਬਦੇਹ ਹੋਵੇਗਾ। ਲੇਖ, ਆਰਟੀਕਲ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। ਕਿਸੇ ਵੀ ਵਿਵਾਦ ਵਿੱਚ ਖੇਤਰ ਦੀ ਅਦਾਲਤ ਹੀ ਮੰਨੀ ਜਾਵੇਗੀ। ਅਦਾਰੇ ਦੀ ਕਿਸੇ ਵੀ ਨਿਯਮ ਵਿੱਚ ਸਹਿਮਤੀ ਨਹੀਂ। ਰਾਜਨੀਤਿਕ, ਸਮਾਜਿਕ ਇਸ਼ਤਿਹਾਰ ਲਈ ਪੱਤਰਕਾਰ ਜਵਾਬਦੇਹ ਹੋਵੇਗਾ।

ਆਈਪੀਐਲ 2026: ਲੀਗ ਪੜਾਅ ਤੋਂ ਬਾਅਦ ਇਸ ਸੀਜ਼ਨ ਦੇ ਸਿਖਰਲੇ 12 ਖਿਡਾਰੀਆਂ ਦੀ ਚੋਣ

ਮੁੰਬਈ, 26 ਮਈ (ਦੇਸ਼ ਪ੍ਰਦੇਸ਼ ਬਿਊਰੋ): ਟੀਮ ਇੰਡੀਆ ਅਤੇ ਚੇਨਈ ਸੁਪਰ ਕਿੰਗਜ਼ ਦੇ ਸਾਬਕਾ ਬੱਲੇਬਾਜ਼ ਸੁਬਰਾਮਨੀਅਮ ਬਦਰੀਨਾਥ ਨੇ ਲੀਗ ਪੜਾਅ ਤੋਂ ਬਾਅਦ ਇਸ ਸੀਜ਼ਨ ਦੇ ਸਿਖਰਲੇ 12 ਖਿਡਾਰੀਆਂ ਦੀ ਚੋਣ ਕਰ ਲਈ ਹੈ। ਬਦਰੀਨਾਥ ਨੇ ਦੋ ਤਜਰਬੇਕਾਰ ਖਿਡਾਰੀਆਂ, ਵਿਰਾਟ ਕੋਹਲੀ ਅਤੇ ਕੇਐਲ ਰਾਹੁਲ ਨੂੰ ਆਪਣੀ ਟੀਮ ਵਿੱਚੋਂ ਬਾਹਰ ਕਰ ਦਿੱਤਾ ਹੈ, ਹਾਲਾਂਕਿ ਦੋਵਾਂ ਨੇ ਲੀਗ ਪੜਾਅ ਵਿੱਚ 550 ਤੋਂ ਵੱਧ ਦੌੜਾਂ ਬਣਾਈਆਂ ਹਨ। ਉਸਨੇ ਵਿਸ਼ਵ ਦੇ ਨੰਬਰ ਇੱਕ ਟੀ-20 ਬੱਲੇਬਾਜ਼ ਅਭਿਸ਼ੇਕ ਸ਼ਰਮਾ ਨੂੰ ਵੀ ਬਾਹਰ ਕਰ ਦਿੱਤਾ ਹੈ। 12 ਖਿਡਾਰੀਆਂ ਵਿੱਚੋਂ ਨੌਂ ਉਨ੍ਹਾਂ ਟੀਮਾਂ ਦੇ ਹਨ ਜੋ ਪਲੇਆਫ ਵਿੱਚ ਪਹੁੰਚੀਆਂ ਹਨ। ਇਸ ਸੀਜ਼ਨ ਵਿੱਚ ਪਲੇਆਫ ਵਿੱਚ ਪਹੁੰਚਣ ਵਾਲੀਆਂ ਟੀਮਾਂ ਵਿੱਚ ਰਾਇਲ ਚੈਲੇਂਜਰਜ਼ ਬੰਗਲੌਰ, ਗੁਜਰਾਤ ਟਾਈਟਨਜ਼, ਸਨਰਾਈਜ਼ਰਜ਼ ਹੈਦਰਾਬਾਦ ਅਤੇ ਰਾਜਸਥਾਨ ਰਾਇਲਜ਼ ਸ਼ਾਮਲ ਹਨ। ਬਦਰੀਨਾਥ ਦੀ ਸਰਵੋਤਮ-12 ਟੀਮ ਵਿੱਚ, ਵੈਭਵ ਸੂਰਿਆਵੰਸ਼ੀ ਨੂੰ ਕੋਹਲੀ ਨਾਲੋਂ ਤਰਜੀਹ ਦਿੱਤੀ ਗਈ ਹੈ। ਸ਼ੁਭਮਨ ਗਿੱਲ ਨੂੰ ਉਨ੍ਹਾਂ ਦੇ ਓਪਨਿੰਗ ਸਾਥੀ ਵਜੋਂ ਚੁਣਿਆ ਗਿਆ ਹੈ। ਸਾਈ ਸੁਦਰਸ਼ਨ ਨੂੰ ਤੀਜੇ ਨੰਬਰ 'ਤੇ ਅਤੇ ਹੇਨਰਿਕ ਕਲਾਸੇਨ ਨੂੰ ਚੌਥੇ ਨੰਬਰ 'ਤੇ ਰੱਖਿਆ ਗਿਆ ਹੈ। ਬਦਰੀਨਾਥ ਨੇ ਆਰਸੀਬੀ ਦੇ ਕਪਤਾਨ ਰਜਤ ਪਾਟੀਦਾਰ ਨੂੰ ਪੰਜਵੇਂ ਨੰਬਰ 'ਤੇ ਰੱਖਿਆ ਹੈ। ਆਲਰਾਊਂਡਰਾਂ ਵਿੱਚ, ਬਦਰੀਨਾਥ ਨੇ ਆਪਣੀ ਟੀਮ ਵਿੱਚ ਕਰੁਣਾਲ ਪੰਡਯਾ ਅਤੇ ਕੇਕੇਆਰ ਦੇ ਸੁਨੀਲ ਨਾਰਾਇਣ ਨੂੰ ਸ਼ਾਮਲ ਕੀਤਾ ਹੈ। ਉਨ੍ਹਾਂ ਨੇ ਰਾਸ਼ਿਦ ਖਾਨ ਨੂੰ ਸ਼ਾਮਲ ਨਹੀਂ ਕੀਤਾ ਹੈ, ਜਿਨ੍ਹਾਂ ਨੇ ਇਸ ਸੀਜ਼ਨ ਵਿੱਚ ਗੁਜਰਾਤ ਟਾਈਟਨਜ਼ ਲਈ 19 ਵਿਕਟਾਂ ਲਈਆਂ ਹਨ। ਤੇਜ਼ ਗੇਂਦਬਾਜ਼ੀ ਵਿਭਾਗ ਵਿੱਚ, ਬਦਰੀਨਾਥ ਨੇ ਭੁਵਨੇਸ਼ਵਰ ਕੁਮਾਰ, ਜੋਫਰਾ ਆਰਚਰ ਅਤੇ ਕਾਗਿਸੋ ਰਬਾਡਾ ਨੂੰ ਸ਼ਾਮਲ ਕੀਤਾ ਹੈ। ਉਨ੍ਹਾਂ ਨੇ ਪ੍ਰਿੰਸ ਯਾਦਵ ਜਾਂ ਕਾਰਤਿਕ ਤਿਆਗੀ ਨੂੰ ਚੌਥੇ ਤੇਜ਼ ਗੇਂਦਬਾਜ਼ ਵਜੋਂ ਵੀ ਸ਼ਾਮਲ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਟਾਸ-ਅੱਪ ਹੋਵੇਗਾ, ਕਿਉਂਕਿ ਦੋਵੇਂ ਸ਼ਾਨਦਾਰ ਹਨ। ਜੋ ਵੀ ਸ਼ਾਮਲ ਕੀਤਾ ਜਾਵੇਗਾ ਉਹ ਚੰਗਾ ਪ੍ਰਦਰਸ਼ਨ ਕਰੇਗਾ। ਬਦਰੀਨਾਥ ਨੇ ਸੀਐਸਕੇ ਸਪਿਨਰ ਅਕੀਲ ਹੁਸੈਨ ਨੂੰ ਪ੍ਰਭਾਵਤ ਉਪ ਵਜੋਂ ਸ਼ਾਮਲ ਕੀਤਾ। ਆਈਪੀਐਲ 2026 ਲੀਗ ਪੜਾਅ ਲਈ ਐੱਸ. ਬਦਰੀਨਾਥ ਦੇ ਸਭ ਤੋਂ ਵਧੀਆ ਪਲੇਇੰਗ 12: ਵੈਭਵ ਸੂਰਿਆਵੰਸ਼ੀ, ਸ਼ੁਭਮਨ ਗਿੱਲ, ਸਾਈ ਸੁਦਰਸ਼ਨ, ਹੇਨਰਿਕ ਕਲਾਸੇਨ, ਰਜਤ ਪਾਟੀਦਾਰ, ਕਰੁਣਾਲ ਪੰਡਯਾ, ਸੁਨੀਲ ਨਾਰਾਇਣ, ਭੁਵਨੇਸ਼ਵਰ ਕੁਮਾਰ, ਜੋਫਰਾ ਆਰਚਰ, ਕਾਗਿਸੋ ਰਬਾਡਾ, ਪ੍ਰਿੰਸ ਯਾਦਵ/ਕਾਰਤਿਕ ਤਿਆਗੀ (ਪ੍ਰਭਾਵ ਖਿਡਾਰੀ - ਅਕੀਲ ਹੁਸੈਨ)। ਇਸ ਦੌਰਾਨ, ਮੌਜੂਦਾ ਚੈਂਪੀਅਨ ਰਾਇਲ ਚੈਲੇਂਜਰਜ਼ ਬੰਗਲੌਰ ਮੰਗਲਵਾਰ ਨੂੰ ਧਰਮਸ਼ਾਲਾ ਦੇ ਐਚਪੀਸੀਏ ਸਟੇਡੀਅਮ ਵਿੱਚ ਕੁਆਲੀਫਾਇਰ 1 ਵਿੱਚ ਗੁਜਰਾਤ ਟਾਈਟਨਜ਼ ਦਾ ਸਾਹਮਣਾ ਕਰੇਗਾ। ਇਸ ਹਾਈ-ਵੋਲਟੇਜ ਮੈਚ ਦਾ ਜੇਤੂ ਐਤਵਾਰ ਨੂੰ ਅਹਿਮਦਾਬਾਦ ਵਿੱਚ ਸਿੱਧੇ ਫਾਈਨਲ ਵਿੱਚ ਪਹੁੰਚ ਜਾਵੇਗਾ, ਜਦੋਂ ਕਿ ਹਾਰਨ ਵਾਲੇ ਨੂੰ ਖਿਤਾਬੀ ਮੈਚ ਵਿੱਚ ਪਹੁੰਚਣ ਲਈ ਕੁਆਲੀਫਾਇਰ 2 ਖੇਡਣਾ ਪਵੇਗਾ। ਆਰਸੀਬੀ ਦੇ ਬਹੁਤ ਸਾਰੇ ਖਿਡਾਰੀ ਸ਼ਾਨਦਾਰ ਫਾਰਮ ਵਿੱਚ ਹਨ। ਕਪਤਾਨ ਰਜਤ ਪਾਟੀਦਾਰ ਸ਼ਾਨਦਾਰ ਫਾਰਮ ਵਿੱਚ ਹਨ, ਜਦੋਂ ਕਿ ਵਿਰਾਟ ਕੋਹਲੀ, ਦੇਵਦੱਤ ਪਾਟੀਦਾਰ, ਵੈਂਕਟੇਸ਼ ਅਈਅਰ ਅਤੇ ਟਿਮ ਡੇਵਿਡ ਵੀ ਲਗਾਤਾਰ ਪ੍ਰਦਰਸ਼ਨ ਕਰ ਰਹੇ ਹਨ। ਨਵੀਂ ਗੇਂਦ ਨਾਲ, ਜੋਸ਼ ਹੇਜ਼ਲਵੁੱਡ ਅਤੇ ਭੁਵਨੇਸ਼ਵਰ ਕੁਮਾਰ ਦੀ ਜੋੜੀ ਨੇ ਲਗਾਤਾਰ ਵਿਕਟਾਂ ਲਈਆਂ ਹਨ, ਜਦੋਂ ਕਿ ਕਰੁਣਾਲ ਪੰਡਯਾ ਨੇ ਆਪਣੀ ਕਿਫਾਇਤੀ ਗੇਂਦਬਾਜ਼ੀ ਨਾਲ ਟੀਮ ਨੂੰ ਮਜ਼ਬੂਤੀ ਦਿੱਤੀ ਹੈ। ਇਸ ਦੌਰਾਨ, ਸੀਜ਼ਨ ਦੇ ਆਖਰੀ ਪੜਾਅ ਵਿੱਚ ਗੁਜਰਾਤ ਟਾਈਟਨਜ਼ ਦੀ ਸਫਲਤਾ ਉਨ੍ਹਾਂ ਦੇ ਮਜ਼ਬੂਤ ਪ੍ਰਦਰਸ਼ਨ ਕਾਰਨ ਹੈ। ਨਵੀਂ ਗੇਂਦ ਨਾਲ, ਜੋਸ਼ ਹੇਜ਼ਲਵੁੱਡ ਅਤੇ ਭੁਵਨੇਸ਼ਵਰ ਕੁਮਾਰ ਦੀ ਜੋੜੀ ਨੇ ਲਗਾਤਾਰ ਵਿਕਟਾਂ ਦਿੱਤੀਆਂ ਹਨ, ਜਦੋਂ ਕਿ ਕਰੁਣਾਲ ਪੰਡਯਾ ਨੇ ਆਪਣੀ ਕਿਫਾਇਤੀ ਗੇਂਦਬਾਜ਼ੀ ਨਾਲ ਟੀਮ ਨੂੰ ਮਜ਼ਬੂਤੀ ਦਿੱਤੀ ਹੈ। ਦੂਜੇ ਪਾਸੇ, ਸੀਜ਼ਨ ਦੇ ਆਖਰੀ ਪੜਾਵਾਂ ਵਿੱਚ ਗੁਜਰਾਤ ਟਾਈਟਨਜ਼ ਦੀ ਸਫਲਤਾ ਦਾ ਆਧਾਰ ਉਨ੍ਹਾਂ ਦਾ ਗੇਂਦਬਾਜ਼ੀ ਹਮਲਾ ਰਿਹਾ ਹੈ। ਮੁਹੰਮਦ ਸਿਰਾਜ, ਕਾਗੀਸੋ ਰਬਾਡਾ ਅਤੇ ਪ੍ਰਸਿਧ ਕ੍ਰਿਸ਼ਨਾ ਨੇ ਨਵੀਂ ਗੇਂਦ ਨਾਲ ਵਿਰੋਧੀਆਂ 'ਤੇ ਦਬਾਅ ਪਾਇਆ ਹੈ, ਜਦੋਂ ਕਿ ਰਾਸ਼ਿਦ ਖਾਨ ਅਤੇ ਜੇਸਨ ਹੋਲਡਰ ਨੇ ਵਿਚਕਾਰਲੇ ਓਵਰਾਂ ਦੌਰਾਨ ਸ਼ਾਨਦਾਰ ਕੰਟਰੋਲ ਦਾ ਪ੍ਰਦਰਸ਼ਨ ਕੀਤਾ ਹੈ।

ਖੇਡਾਂ ਹੀ ਤੰਦਰੁਸਤ ਸਮਾਜ ਦੀ ਸਿਰਜਣਾ ਕਰ ਸਕਦੀਆਂ : ਸੁਖਜਿੰਦਰ ਬਾਜਵਾ, ਪਰਮਿੰਦਰ ਭਲਵਾਨ

ਪਟਿਆਲਾ, 26 ਮਈ (ਰਾਜਿੰਦਰ ਸਿੰਘ ਥਿੰਦ): ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ,ਸਪੈਸ਼ਲ ਡੀ ਜੀ ਪੀ ਕਮਾਊਨਟੀ ਅਫੇਅਰ ਗੁਰਪ੍ਰੀਤ ਕੌਰ ਦਿਊਂ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ,ਐਸ ਪੀ ਹੈਡਕੁਆਰਟਰ- ਕਮ ਜ਼ਿਲਾ ਕਮਾਊਨਟੀ ਅਫੇਅਰ ਅਫ਼ਸਰ ਵੈਭਵ ਚੌਧਰੀ ਦੀ ਅਗਵਾਈ ਹੇਠ ਜੂਡੋ ਦੇ ਅੰਤਰਰਾਸ਼ਟਰੀ, ਰਾਸ਼ਟਰੀ ਅਤੇ ਰਾਜ ਪੱਧਰੀ ਖਿਡਾਰੀਆਂ ਨੂੰ ਸਨਮਾਨਿਤ ਕਰਨ ਲਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਮੁੱਖ ਮਹਿਮਾਨ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ ਇਸ ਮੌਕੇ ਸਤੀਸ਼ ਕੁਮਾਰ ਗੋਇਲ ਪ੍ਰਿੰਸੀਪਲ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਨਿਊ ਪਾਵਰ ਹਾਊਸ ਕਲੋਨੀ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਸਾਰੇ ਆਏ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ ਗਿਆ ਵਿਸ਼ੇਸ਼ ਤੌਰ ਤੇ ਵਰਿੰਦਰ ਸਿੰਘ ਸੋਸਲ ਮੀਡੀਆ ਸੈਲ ਪਟਿਆਲਾ ਪੁਲਿਸ,ਸੁਰਿੰਦਰ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 1 ਪਟਿਆਲਾ ,ਵਰਿੰਦਰ ਸਿੰਘ ਖਰੌੜ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਉਪਕਾਰ ਸਿੰਘ , ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ਼ ਆਫ ਕਾਮਰਸ,ਮੈਡਮ ਈਦੂ , ਮੈਡਮ ਮੱਧੂ ,ਅਜੀਤ ਵਾਲੀਆ, ਹਰਮਨਜੀਤ ਸਿੰਘ ਰੰਧਾਵਾ, ਰਾਜ ਕੁਮਾਰ, ਭਿੰਦਰ ਜਲਵੇੜਾ ,ਇੰਦਰ ਸਿੰਘ ਵੀ ਹਾਜਰ

ਸਨ। ਇਸ ਮੌਕੇ ਕੁਰਾਸ਼ ਜੂਡੋ ਟ ਰੇਨਿੰਗ ਸੈਂਟਰ ਸਾਹਿਬ ਨਗਰ ਥੇੜੀ ਦੇ ਕੋਚ ਸੁਰਜੀਤ ਸਿੰਘ ਵਾਲੀਆ ਅਤੇ ਉਹਨਾਂ ਦੇ ਖਿਡਾਰੀਆਂ ਵੀਰ ਦਵਿੰਦਰ ਸਿੰਘ ਅੰਤਰਰਾਸ਼ਟਰੀ ਮੈਡਲਿਸਟ,ਟੀਨਾ ਅੰਤਰਰਾਸ਼ਟਰੀ ਖਿਡਾਰੀ, ਹਰਨੂਰ ਨਾਗਰਾ ਅੰਤਰਰਾਸ਼ਟਰੀ ਖਿਡਾਰੀ,ਨੀਲਮ ਅੰਤਰਰਾਸ਼ਟਰੀ ਮੈਡਲਿਸਟ, ਰਜਨੀ ਅੰਤਰਰਾਸ਼ਟਰੀ ਮੈਡਲਿਸਟ, ਈਸ਼ਾ ਬਰਾਲਾ ਨੈਸ਼ਨਲ ਮੈਡਲਿਸਟ,ਜੈ ਪਾਲ ਬਰਾਲਾ ਨੈਸ਼ਨਲ ਮੈਡਲਿਸਟ, ਵਰਦਾਨ, ਅਭਿਜੀਤ, ਸਾਰੇ ਨੈਸ਼ਨਲ ਮੈਡਲਿਸਟ, ਭਾਵਿਕਾ, ਰੀਤਮਾਨ,ਰਮਨੀਤ ਸਟੇਟ ਮੈਡਲਿਸਟ,ਸਿਮਰਨ,ਕਰਮਨ ਇੰਟਰਨੈਸ਼ਨਲ ਮੈਡਲਿਸਟ ਕੁਰਾਸ਼,ਸੁਖਦੀਪ ਅਨੰਦ,ਮਨਜੀਤ, ਦਰਵੀ,ਕੁਮਸ਼ ਸਾਰੇ ਸਟੇਟ ਮੈਡਲਿਸਟ ਜੂਡੋ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਦੇ ਇੰਚਾਰਜ ਸੁਖਜਿੰਦਰ ਸਿੰਘ ਬਾਜਵਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਜੂਡੋ ਦੇ ਅੰਤਰਰਾਸ਼ਟਰੀ, ਰਾਸ਼ਟਰੀ ਅਤੇ ਰਾਜ ਪੱਧਰੀ ਖਿਡਾਰੀਆਂ ਨੂੰ ਪਟਿਆਲਾ ਪੁਲਿਸ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਿਤ ਕਰਦਿਆਂ ਕਿਹਾ ਕਿ ਇਹਨਾਂ ਨੌਜਵਾਨਾਂ ਵੱਲੋਂ ਖੇਡਾਂ ਵਿੱਚ ਜਿਥੇ ਆਪਣੇ ਕੋਚ ਸੁਰਜੀਤ ਸਿੰਘ ਵਾਲੀਆ ਅਤੇ ਮਾ ਬਾਪ ਦਾ ਨਾਮ ਰੋਸ਼ਨ ਕੀਤਾ ਹੈ ਉਥੇ ਹੀ ਪਟਿਆਲਾ ਜ਼ਿਲ੍ਹੇ ਦਾ ਨਾਮ ਵੀ ਅੰਤਰਰਾਸ਼ਟਰੀ ਪੱਧਰ ਰੋਸ਼ਨ ਕੀਤਾ ਹੈ। ਉਹਨਾਂ ਕਿਹਾ ਕਿ ਖੇਡਾਂ ਹੀ ਨਿਰੋਏ ਸਮਾਜ ਦੀ ਸਿਰਜਣਾ ਕਰ ਸਕਦੀਆਂ ਹਨ ਇਸ ਲਈ ਵੱਧ ਤੋਂ ਵੱਧ ਨੌਜਵਾਨਾਂ ਨੂੰ ਖੇਡਾਂ ਵੱਲ ਰੁਚੀ ਲੈਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਖੇਡਾਂ ਵੱਲ ਰੁਚੀ ਲੈਣ ਨਾਲ ਨਸ਼ਿਆਂ ਤੋਂ ਵੀ ਦੂਰ ਰਹਿ ਸਕਦੇ ਹਨ । ਇਸ ਮੌਕੇ ਸੁਖਜਿੰਦਰ ਸਿੰਘ ਬਾਜਵਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਸ਼ਕਤੀ ਐਪ,ਪੀ ਪੀ ਸਾਂਝ ਐਪ ਅਤੇ ਸਾਈਬਰ ਸੁਰੱਖਿਆ, ਬੱਚਿਆਂ ਔਰਤਾਂ , ਬਜ਼ੁਰਗਾਂ ਦੀ ਸੁਰੱਖਿਆ ਲਈ ਸ਼ੁਰੂ ਕੀਤੇ 112,181,1091 ਨੰਬਰਾਂ ਬਾਰੇ ਵੀ ਖਿਡਾਰੀਆਂ ਨੂੰ ਜਾਣਕਾਰੀ ਦਿੱਤੀ। ਕੈਪਸ਼ਨ, ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਜੂੜੋ ਦੇ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਖਿਡਾਰੀਆਂ ਨੂੰ ਸਨਮਾਨਿਤ ਕਰਦੇ ਹੋਏ ਇੰਚਾਰਜ ਸੁਖਜਿੰਦਰ ਸਿੰਘ ਬਾਜਵਾ, ਸਤੀਸ਼ ਗੋਇਲ, ਪਰਮਿੰਦਰ ਭਲਵਾਨ ਅਤੇ ਹੋਰ ।

ਤੇਲ ਕੀਮਤਾਂ 'ਚ ਵਾਧੇ ਖ਼ਿਲਾਫ਼ ਹਲਕਾ ਆਤਮ ਨਗਰ ਦੇ ਵਿਧਾਇਕ ਕੁਲਵੰਤ ਸਿੱਧੂ ਨੇ ਕੀਤੀ ਪ੍ਰੈਸ ਕਾਨਫਰੰਸ

ਲੁਧਿਆਣਾ, 26 ਮਈ (ਸੂਰਜ): ਵਿਧਾਨ ਸਭਾ ਹਲਕਾ ਆਤਮ ਨਗਰ ਤੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਸੋਮਵਾਰ ਨੂੰ ਪਿਛਲੇ ਕੁਝ ਦਿਨਾਂ ਦੌਰਾਨ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧੇ 'ਤੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਤੇਲ ਦੀਆਂ ਵਧਦੀਆਂ ਕੀਮਤਾਂ ਨੇ ਆਮ ਆਦਮੀ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ ਅਤੇ ਘਰੇਲੂ ਬਜਟ ਨੂੰ ਹਿਲਾ ਕੇ ਰੱਖ ਦਿੱਤਾ ਹੈ। ਇੱਥੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਦੋਸ਼ ਲਗਾਇਆ ਕਿ ਮਹਿੰਗਾਈ ਨੇ ਜਨਤਾ ਦੀ ਕਮਰ ਤੋੜ ਦਿੱਤੀ ਹੈ ਅਤੇ ਲੋਕ ਆਪਣੇ ਰੋਜ਼ਾਨਾ ਦੇ ਖਰਚਿਆਂ ਦਾ ਪ੍ਰਬੰਧਨ ਕਰਨ ਲਈ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁਸ਼ਕਲ ਸਮੇਂ ਵਿੱਚ ਰਾਹਤ ਦੇਣ ਦੀ ਬਜਾਏ, ਕੇਂਦਰ ਸਰਕਾਰ ਨੇ ਆਮ ਨਾਗਰਿਕਾਂ ਨੂੰ ਇਕੱਲਾ ਛੱਡ ਦਿੱਤਾ ਹੈ। ਵਿਧਾਇਕ ਸਿੱਧੂ ਨੇ ਕਿਹਾ ਕਿ ਆਰਥਿਕ ਤੰਗੀ ਦੇ ਸਮੇਂ ਵਿੱਚ ਲੋਕਾਂ ਨਾਲ ਖੜ੍ਹੇ ਹੋਣਾ ਸਰਕਾਰ ਦੀ ਜ਼ਿੰਮੇਵਾਰੀ ਹੈ, ਪਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਮਹਿੰਗਾਈ ਨੂੰ ਕੰਟਰੋਲ ਕਰਨ ਅਤੇ ਜਨਤਾ ਨੂੰ ਰਾਹਤ ਦੇਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ। ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਆਉਣ ਵਾਲੇ ਝੋਨੇ ਦੇ ਸੀਜ਼ਨ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਹੁਣ ਟਰੈਕਟਰਾਂ, ਟਿਊਬਵੈੱਲਾਂ ਅਤੇ ਹੋਰ ਖੇਤੀਬਾੜੀ ਮਸ਼ੀਨਰੀ ਲਈ ਡੀਜ਼ਲ 'ਤੇ ਵਧੇਰੇ ਖਰਚ ਕਰਨਾ ਪਵੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧੇ ਨਾਲ ਆਵਾਜਾਈ ਦੀਆਂ ਲਾਗਤਾਂ ਵਿੱਚ ਵੀ ਵਾਧਾ ਹੋਵੇਗਾ, ਜਿਸ ਨਾਲ ਸਬਜ਼ੀਆਂ, ਫਲ, ਅਨਾਜ ਅਤੇ ਹੋਰ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਵਧ ਜਾਣਗੀਆਂ। ਉਨ੍ਹਾਂ ਕਿਹਾ ਕਿ ਕਿਸਾਨ, ਮਜ਼ਦੂਰ, ਮੱਧ ਵਰਗ ਦੇ ਪਰਿਵਾਰ ਅਤੇ ਰੋਜ਼ਾਨਾ ਦਿਹਾੜੀਦਾਰ ਲੋਕ ਤੇਲ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧੇ ਨਾਲ ਸਭ ਤੋਂ ਵੱਧ ਪ੍ਰਭਾਵਿਤ ਹੋਣਗੇ ਤੇ ਉਨ੍ਹਾਂ ਨੇ ਕੇਂਦਰ ਸਰਕਾਰ ਤੋਂ ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਤੁਰੰਤ ਦਖਲ ਦੇਣ ਦੀ ਮੰਗ ਕੀਤੀ ਹੈ।

ਗੋਲਡਨ ਅਰਥ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਜਿੱਤੇ ਮੈਡਲ

ਮੁੱਲਾਂਪੁਰ ਦਾਖਾ, 26 ਮਈ (ਤਰਸੇਮ ਸਿੰਘ ਸੋਮੀ): ਜੀ.ਐਚ.ਜੀ ਅਕੈਡਮੀ ਕੋਠੇ ਬੱਗੂ (ਜਗਰਾਓਂ) ਵਿਖੇ ਕਰਵਾਈਆਂ ਗਈਆਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਗੋਲਡਨ ਅਰਥ ਕਾਨਵੈਂਟ ਸਕੂਲ ਪੰਡੋਰੀ ਦੇ 26 ਵਿਦਿਆਰਥੀਆਂ ਨੇ ਭਾਗ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜਿਹਨਾ ਵਿੱਚੋਂ 20 ਵਿਦਿਆਰਥੀਆਂ ਨੇ ਸੋਨੇ, ਚਾਂਦੀ ਅਤੇ ਕਾਂਸੀ ਦੇ ਮੈਡਲ ਜਿੱਤਕੇ ਸਕੂਲ ਅਤੇ ਮਾਂਪਿਆਂ ਦਾ ਨਾਮ ਰੋਸ਼ਨ ਕੀਤਾ । ਜਤਨਜੋਤ ਕੌਰ, ਤਰਨਪ੍ਰੀਤ ਸਿੰਘ, ਅਰਾਧਿਆ, ਅਮਰਵੀਰ ਸਿੰਘ, ਪ੍ਰਭਦੀਪ ਸਿੰਘ, ਗੁਰਨੂਰ ਸਿੰਘ, ਸਹਿਜਦੀਪ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨੇ ਦੇ ਤਗਮੇ ਹਾਸਲ ਕੀਤੇ । ਸਿਮਰਨਜੋਤ ਸਿੰਘ, ਨਿਹਾਲ, ਹਰਦ੍ਰਿਸ਼ਟ, ਨਿਮਰਤ, ਦਮਨਦੀਪ ਸਿੰਘ, ਅਨੂਰੀਤ ਕੌਰ, ਜਸ਼ਕੀਰਤ ਸਿੰਘ ਅਤੇ ਹਰਕੀਰਤ ਸਿੰਘ ਨੇ ਚਾਂਦੀ ਅਤੇ ਪਰਮੀਤ ਕੌਰ, ਗੁਰਕੀਰਤ ਕੌਰ, ਗੁਰਮੀਨ ਕੌਰ, ਮਨੋਹਰਸੇਨ ਕੌਰ, ਜਸਲੀਨ ਕੌਰ ਅਤੇ ਤਨਵੀਰ ਕੌਰ ਨੇ ਕਾਂਸੀ ਦੇ ਤਗਮੇ ਹਾਸਲ ਕੀਤੇ। ਖੇਡਾਂ ਦੌਰਾਨ ਵਿਦਿਆਰਥੀਆਂ ਨਾਲ ਕੋਚ ਰਾਜ ਕੁਮਾਰ, ਤਰਨਜੀਤ ਕੌਰ ਅਤੇ ਮੈਡਮ ਸੰਧਿਆ ਹਾਜਰ ਸਨ। ਜੇਤੂਆਂ ਦਾ ਸਕੂਲ ਪੁੱਜਣ 'ਤੇ ਚੇਅਰਮੈਨ ਬਲਦੇਵ ਕ੍ਰਿਸ਼ਨ ਅਰੋੜਾ , ਵਾਈਸ ਚੇਅਰਮੈਨ ਗੁਲਸ਼ਨ ਲੂਥਰਾ, ਪ੍ਰਧਾਨ ਡਾ: ਮਨਿੰਦਰਪਾਲ ਅਰੋੜਾ, ਵਾਈਸ ਪ੍ਰਧਾਨ ਰਾਜੀਵ ਕੁਮਾਰ ਅਰੋੜਾ, ਪ੍ਰਿੰਸੀਪਲ ਗੁਰਪ੍ਰੀਤ ਕੌਰ, ਸੁਪਰਵਾਈਜ਼ਰ ਹਰਪ੍ਰੀਤ ਕੌਰ ਵਿਰਕ, ਕੋਆਰਡੀਨੇਟਰ ਮਨਜੀਤ ਕੌਰ ਅਤੇ ਸਮੂਹ ਸਟਾਫ਼ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਨਿੱਘਾ ਸਵਾਗਤ ਕੀਤਾ ।

ਵਾਰਡ ਨੰਬਰ 11 ਦੀਆਂ ਮਹਿਲਾ ਉਮੀਦਵਾਰਾਂ ਨੇ ਦਿੱਤੀ ਭਾਈਚਾਰੇ ਦੀ ਮਿਸਾਲ

ਲੌਂਗੋਵਾਲ, 26 ਮਈ (ਰਵੀ ਗਰਗ): ਨਗਰ ਕੌਂਸਲ ਲੌਂਗੋਵਾਲ ਦੀਆਂ ਚੋਣਾਂ ਦੌਰਾਨ ਵਾਰਡ ਨੰਬਰ 11 ਵਿੱਚ ਚੋਣ ਮੈਦਾਨ ਵਿੱਚ ਉਤਰੀਆਂ ਤਿੰਨ ਮਹਿਲਾ ਉਮੀਦਵਾਰਾਂ ਰਛਪਾਲ ਕੌਰ, ਸਰਬਜੀਤ ਕੌਰ ਅਤੇ ਸੁਸ਼ੀਲ ਰਾਣੀ ਨੇ ਆਪਸੀ ਸਾਂਝ ਅਤੇ ਭਾਈਚਾਰੇ ਦੀ ਸੁੰਦਰ ਮਿਸਾਲ ਪੇਸ਼ ਕੀਤੀ। ਵੋਟਿੰਗ ਦੌਰਾਨ ਤਿੰਨਾਂ ਉਮੀਦਵਾਰਾਂ ਨੇ ਕਿਸੇ ਵੀ ਤਰ੍ਹਾਂ ਦੇ ਮੱਤਭੇਦ ਤੋਂ ਉੱਪਰ ਉੱਠਦਿਆਂ ਬੂਥ 'ਤੇ ਅਮਨ-ਸ਼ਾਂਤੀ ਦਾ ਮਾਹੌਲ ਬਣਾਈ ਰੱਖਿਆ ਅਤੇ ਇਕੱਠੇ ਬੈਠ ਕੇ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਦਾ ਨਿਰਭੀਕ ਹੋ ਕੇ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੌਜੂਦ ਲੋਕਾਂ ਨੇ ਕਿਹਾ ਕਿ ਲੋਕਤੰਤਰ ਵਿੱਚ ਇਸ ਤਰ੍ਹਾਂ ਦੀ ਸਾਂਝ ਅਤੇ ਸਦਭਾਵਨਾ ਹੋਰ ਉਮੀਦਵਾਰਾਂ ਲਈ ਵੀ ਪ੍ਰੇਰਣਾ ਸਰੂਪ ਹੈ।

ਜਥੇਦਾਰ ਦਾਦੂਵਾਲ ਨੇ ਆਪਣੇ ਟਰੱਸਟ ਵੱਲੋਂ ਹਰਿਆਣਾ ਕਮੇਟੀ ਨੂੰ ਸੌਂਪਿਆ 10 ਲੱਖ ਦਾ ਚੈੱਕ ਤੇ ਵਿੱਦਿਆ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਦਾ ਕੀਤਾ ਸਨਮਾਨ

ਲੁਧਿਆਣਾ, 26 ਮਈ (ਸਰਬਜੀਤ ਸੂਫ਼ੀ): ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਹਰਿਆਣਾ ਵਿਖੇ 24 ਮਈ ਨੂੰ ਕੀਤੇ ਗਏ ਵਿਸ਼ੇਸ਼ ਸ਼ੁਕਰਾਨਾ ਸਮਾਗਮ ਵਿੱਚ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਸੁੱਖ ਸੇਵਾ ਸਿਮਰਨ ਟਰੱਸਟ (ਰਜਿ) ਵਲੋਂ ਵਿੱਦਿਆ ਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚੇ ਬੱਚੀਆਂ ਦਾ ਹੌਸਲਾਂ ਅਫਜਾਈ ਕਰਨ ਵਾਸਤੇ ਨਕਦ ਰਾਸ਼ੀ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ ਇਸ ਦੇ ਨਾਲ ਹੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰੂ ਕੇ ਲੰਗਰ ਦੀ ਸੇਵਾ ਵਿੱਚ ਜੋ 12 ਅਪ੍ਰੈਲ ਨੂੰ ਗੁਰਦੁਆਰਾ ਦਾਦੂ ਸਾਹਿਬ ਵਿਖੇ ਪੰਥਕ ਇਕੱਤਰਤਾ ਵਿੱਚ 10 ਲੱਖ ਰੁਪਏ ਹਰਿਆਣਾ ਕਮੇਟੀ ਨੂੰ ਗੁਰੂ ਕੇ ਲੰਗਰ ਸੇਵਾ ਲਈ ਭੇਟ ਕਰਨ ਦਾ ਐਲਾਨ ਕੀਤਾ ਸੀ ਦਾ ਚੈੱਕ ਕਮੇਟੀ ਦੇ ਅਹੁਦੇਦਾਰ ਮੈਂਬਰ ਸਾਹਿਬਾਨਾਂ ਨੂੰ ਭੇਟ ਕੀਤਾ ਗਿਆ ਜਥੇਦਾਰ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕੇ ਜਥੇਦਾਰ ਦਾਦੂਵਾਲ ਜੀ ਆਪਣੇ ਸੁੱਖ ਸੇਵਾ ਸਿਮਰਨ ਟਰੱਸਟ ਵੱਲੋਂ ਲੋੜਵੰਦ ਪਰਿਵਾਰਾਂ ਦੀਆਂ ਬੱਚੀਆਂ ਦੇ ਵਿਆਹ,ਬਿਮਾਰਾਂ ਦਾ ਇਲਾਜ,ਲੋੜਵੰਦ ਸਕੂਲੀ ਬੱਚਿਆਂ ਦੀਆਂ ਫੀਸਾਂ ਭਰਨ ਦੇ ਕਾਰਜ ਹਮੇਸ਼ਾ ਕਰਦੇ ਰਹਿੰਦੇ ਹਨ ਅਤੇ ਹੁਣ ਉਨਾਂ ਨੇ ਵਿੱਦਿਆ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਨੂੰ ਵੀ ਵਿਸ਼ੇਸ਼ ਸਨਮਾਨ ਦਿੱਤਾ ਹੈ ਕੋਚ ਅਧਿਆਪਕ ਰਾਜਪਾਲ ਸਿੰਘ ਲੱਕੜਾਂਵਾਲੀ ਵੱਲੋਂ ਤਿਆਰ ਕੀਤੀ ਲੜਕੀਆਂ ਦੀ ਕਬੱਡੀ ਟੀਮ ਜਿਸ ਨੇ ਪਿਛਲੇ ਦਿਨੀ ਫਿਰੋਜ਼ਪੁਰ ਤੋਂ ਕਬੱਡੀ ਕੱਪ ਜਿੱਤਿਆ ਅਤੇ ਪੰਜਾਬ ਵਿੱਚੋਂ ਵੀ ਦੋ ਵਾਰ ਗੋਲਡ ਮੈਡਲ ਜਿੱਤਣਾ ਕੀਤਾ ਸੀ ਜਥੇਦਾਰ ਦਾਦੂਵਾਲ ਜੀ ਨੇ ਕੋਚ

ਰਾਜਪਾਲ ਸਮੇਤ 12 ਬੱਚੀਆਂ ਨੂੰ ਪੰਜ ਪੰਜ ਕਿਲੋ ਬਦਾਮਾਂ ਦੀਆਂ ਟੋਕਰੀਆਂ ਭੇਂਟ ਕੀਤੀਆਂ ਇਸ ਦੇ ਨਾਲ ਹੀ ਪਿੰਡ ਦਾਦੂ ਸਾਹਿਬ ਦੇ ਸਰਕਾਰੀ ਸਕੂਲ ਵਿੱਚ ਦਸਵੀਂ ਕਲਾਸ ਚੋਂ 92% ਨੰਬਰ ਲੈ ਕੇ ਅੱਵਲ ਆਈ ਬੱਚੀ ਰੁਪਿੰਦਰਜੀਤ ਕੌਰ ਪਿੰਡ ਦਾਦੂ ਸਾਹਿਬ ਅਤੇ ਪਲੱਸ ਟੂ ਵਿੱਚੋਂ 87% ਨੰਬਰ ਲੈ ਕੇ ਅੱਵਲ ਰਹਿਣ ਵਾਲੀ ਪਿੰਡ ਦਾਦੂ ਸਾਹਿਬ ਦੀ ਬੱਚੀ ਰਮਨਦੀਪ ਕੌਰ ਅਤੇ ਪਿੰਡ ਤਿਲੋਕੇਵਾਲਾ ਦੀ ਬੱਚੀ ਪਰਵਿੰਦਰ ਕੌਰ ਜੋ ਗੱਤਕੇ ਵਿੱਚ ਗੋਲਡ ਮੈਡਲ ਜਿੱਤੀ ਹੈ ਨੂੰ 2100 - 2100 ਦੇ ਵਿਸ਼ੇਸ਼ ਇਨਾਮ ਦਿੱਤੇ ਇਸ ਦੇ ਨਾਲ ਹੀ ਸਰਕਾਰੀ ਸਕੂਲ ਦਾਦੂ ਸਾਹਿਬ ਦੇ ਪ੍ਰਿੰਸੀਪਲ ਡਾਕਟਰ ਵਿਨੋਦ ਪ੍ਰਕਾਸ਼ ਪਿੰਡ ਝੋਰੜ ਰੋਹੀ ਦੇ ਪ੍ਰਿੰਸੀਪਲ ਮਨੋਜ ਕੁਮਾਰ,ਅਧਿਆਪਕ ਅਵਤਾਰ ਸਿੰਘ,ਅਧਿਆਪਕ ਕੁਲਵਿੰਦਰ ਸਿੰਘ ਸਮੇਤ ਸਮੂਹ ਅਧਿਆਪਕਾਂ ਨੂੰ ਸਿਰਪਾਉ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਅਤੇ ਸਰਕਾਰੀ ਸਕੂਲ ਪਿੰਡ ਦਾਦੂ ਸਾਹਿਬ ਲਈ ਇੱਕ ਕੰਪਿਊਟਰ ਸੈਟ ਭੇਂਟ ਕੀਤਾ ਭਾਈ ਬਰਾੜ ਨੇ ਦੱਸਿਆ ਕੇ ਜਥੇਦਾਰ ਦਾਦੂਵਾਲ ਜੀ ਵੱਲੋਂ ਬੱਚੇ ਬੱਚੀਆਂ ਨੂੰ ਧਰਮ ਖੇਡਾਂ ਅਤੇ ਪੜਾਈ-ਲਿਖਾਈ ਵੱਲ ਪ੍ਰੇਰਿਤ ਕਰਨ ਵਾਸਤੇ ਹੌਸਲਾ ਅਫਜਾਈ ਲਈ ਵੱਡੇ ਕਾਰਜ ਕੀਤੇ ਜਾਂਦੇ ਹਨ।

ਵੜਿੰਗ ਦੀ ਭਵਿੱਖਬਾਣੀ 'ਤੇ ਕਾਕਾ ਬਰਾੜ ਦਾ ਪਲਟਵਾਰ

ਸ਼੍ਰੀ ਮੁਕਤਸਰ ਸਾਹਿਬ, 26 ਮਈ (ਆਦੇਸ਼): ਮੁਕਤਸਰ 'ਚ ਨਗਰ ਕੌਂਸਲ ਚੋਣਾਂ ਲਈ ਵੋਟਿੰਗ ਦੌਰਾਨ ਸਿਆਸਤ ਪੂਰੀ ਤਰ੍ਹਾਂ ਗਰਮਾ ਗਈ ਹੈ। ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੋਟ ਪਾਉਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁਕਤਸਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ 'ਤੇ ਤਿੱਖਾ ਨਿਸ਼ਾਨਾ ਸਾਧਿਆ। ਵੜਿੰਗ ਨੇ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਆਪ ਪਾਰਟੀ ਕਾਕਾ ਬਰਾੜ ਨੂੰ ਟਿਕਟ ਨਹੀਂ ਦੇਵੇਗੀ। ਉਨ੍ਹਾਂ ਕਿਹਾ, 'ਮੇਰੀ ਭਵਿੱਖਬਾਣੀ ਹੈ ਕਿ ਮੁਕਤਸਰ ਤੋਂ ਕਾਕਾ ਬਰਾੜ ਦੀ ਟਿਕਟ ਕੱਟੀ ਜਾਵੇਗੀ, ਇਸ ਲਈ ਮੁਕਤਸਰ ਦੇ ਲੋਕ ਸੋਚ-ਸਮਝ ਕੇ ਵੋਟ ਪਾਉਣ।' ਵਿਕਾਸ ਦੇ ਮੁੱਦੇ 'ਤੇ ਬਰਾੜ ਨੂੰ ਘੇਰਦਿਆਂ ਵੜਿੰਗ ਨੇ ਕਿਹਾ ਕਿ ਸਾਢੇ ਚਾਰ ਸਾਲ ਵਿਧਾਇਕ ਰਹਿੰਦਿਆਂ ਜੋ ਵਿਅਕਤੀ ਕੁਝ ਨਹੀਂ ਕਰ ਸਕਿਆ, ਉਹ ਨਗਰ ਕੌਂਸਲ ਚੋਣਾਂ ਜਿੱਤ ਕੇ ਵੀ ਕੁਝ ਨਹੀਂ ਕਰੇਗਾ। ਹਾਲਾਂਕਿ, ਉਨ੍ਹਾਂ ਇਹ ਵੀ ਕਿਹਾ ਕਿ ਉਹ ਕਾਕਾ ਬਰਾੜ ਦੀ ਇੱਜ਼ਤ ਕਰਦੇ ਹਨ ਕਿਉਂਕਿ ਉਹ ਚੰਗੇ ਇਨਸਾਨ ਹਨ, ਪਰ ਮੁਕਤਸਰ 'ਚ ਕੰਮ ਨਹੀਂ ਹੋਇਆ। ਇਸ ਬਿਆਨ 'ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਤਿੱਖਾ ਪਲਟਵਾਰ ਕੀਤਾ। ਉਨ੍ਹਾਂ ਵੜਿੰਗ ਨੂੰ ਨਸੀਹਤ ਦਿੱਤੀ ਕਿ ਉਹ ਉਨ੍ਹਾਂ (ਬਰਾੜ) ਦੀ ਟਿਕਟ ਦੀ ਫ਼ਿਕਰ ਛੱਡਣ ਅਤੇ ਆਪਣੀ ਸੂਬਾ ਪ੍ਰਧਾਨ ਦੀ ਕੁਰਸੀ ਸੰਭਾਲਣ। ਬਰਾੜ ਨੇ ਕਿਹਾ, ਰਾਜਾ ਵੜਿੰਗ ਆਪਣੀ ਪ੍ਰਧਾਨਗੀ ਦੀ ਕੁਰਸੀ ਫੜ ਕੇ ਰੱਖਣ, ਜੋ ਕੁਝ ਸਮੇਂ ਬਾਅਦ ਉਨ੍ਹਾਂ ਦੇ ਹੱਥੋਂ ਨਿਕਲਣ ਵਾਲੀ ਹੈ। ਵਿਕਾਸ ਦੇ ਦਾਅਵਿਆਂ ਨੂੰ ਲੈ ਕੇ ਬਰਾੜ ਨੇ ਵੜਿੰਗ ਨੂੰ ਉਨ੍ਹਾਂ ਦੇ ਤਿੰਨ ਕਾਰਜਕਾਲਾਂ ਦੀ ਯਾਦ ਦਿਵਾਈ। ਉਨ੍ਹਾਂ ਕਿਹਾ ਕਿ ਰਾਜਾ ਵੜਿੰਗ ਖ਼ੁਦ ਤਿੰਨ ਵਾਰ ਗਿੱਦੜਬਾਹਾ ਤੋਂ ਵਿਧਾਇਕ ਰਹੇ ਹਨ। ਉਹ ਮੁਕਤਸਰ ਵਿੱਚ ਹੋਏ ਵਿਕਾਸ ਕਾਰਜਾਂ ਦੀ ਤੁਲਨਾ ਆਪਣੀ ਤਿੰਨ ਵਾਰ ਦੀ ਟਰਮ ਨਾਲ ਕਰ ਲੈਣ, ਮੁਕਤਸਰ ਵਿੱਚ ਜ਼ਿਆਦਾ ਵਿਕਾਸ ਹੋਇਆ ਹੈ। ਬਰਾੜ ਨੇ ਚੋਣਵੀਂ ਚੁਣੌਤੀ ਵੀ ਦਿੱਤੀ ਅਤੇ ਕਿਹਾ ਕਿ ਜੇਕਰ ਰਾਜਾ ਵੜਿੰਗ ਉਨ੍ਹਾਂ ਦੇ ਮੁਕਾਬਲੇ ਚੋਣ ਲੜਨਾ ਚਾਹੁੰਦੇ ਹਨ ਤਾਂ ਉਹ ਤਿਆਰ ਹਨ।

ਵਾਰਡ ਨੰ: 26 ਦੇ ਬੂਥ ਨੰ: 70 'ਤੇ ਜਾਅਲੀ ਵੋਟ ਪੈਣ ਦਾ ਮਾਮਲਾ ਗਰਮਾਇਆ

ਸ਼੍ਰੀ ਮੁਕਤਸਰ ਸਾਹਿਬ, 26 ਮਈ (ਆਦੇਸ਼): ਨਗਰ ਕੌਂਸਲ ਚੋਣਾਂ ਦੌਰਾਨ ਸ਼ ?ਰੀ ਮੁਕਤਸਰ ਸਾਹਿਬ ਦੇ ਵਾਰਡ ਨੰ: 26 ਵਿੱਚ ਬਣੇ ਬੂਥ ਨੰ: 70 'ਤੇ ਜਾਅਲੀ ਵੋਟ ਪੈਣ ਦਾ ਮਾਮਲਾ ਸਾਹਮਣੇ ਆਉਣ ਨਾਲ ਮਾਹੌਲ ਤਣਾਅਪੂਰਨ ਹੋ ਗਿਆ। ਸ਼ਹਿਰ ਦੀ ਇੱਕ ਗਊਸ਼ਾਲਾ ਦੇ ਪ੍ਰਧਾਨ ਅਮ੍ਰਿਤ ਲਾਲ ਖੁਰਾਣਾ ਉਸ ਵੇਲੇ ਹੈਰਾਨ ਰਹਿ ਗਏ ਜਦੋਂ ਉਹ ਆਪਣੀ ਵੋਟ ਪਾਉਣ ਲਈ ਬੂਥ 'ਤੇ ਪੁੱਜੇ ਤਾਂ ਉਨ੍ਹਾਂ ਨੂੰ ਦੱਸਿਆ ਗਿਆ ਕਿ ਉਨ੍ਹਾਂ ਦੀ ਵੋਟ ਪਹਿਲਾਂ ਹੀ ਕੋਈ ਹੋਰ ਨੀਰਜ਼ ਨਾਮ ਦਾ ਵਿਅਕਤੀ ਪਾ ਚੁੱਕਾ ਹੈ ਤੇ ਆਪਣੇ ਨਾਮ ਦੇ ਦਸਤਖ਼ਤ ਵੀ ਕਰ ਗਿਆ। ਇਸ ਸਬੰਧੀ ਗੱਲਬਾਤ ਕਰਦਿਆਂ ਅਮ੍ਰਿਤ ਲਾਲ ਖੁਰਾਣਾ ਨੇ ਕਿਹਾ ਕਿ ਇਹ ਲੋਕਤੰਤਰਿਕ ਅਧਿਕਾਰਾਂ ਦੀ ਉਲੰਘਣਾ ਹੈ ਅਤੇ ਉਨ੍ਹਾਂ ਨੂੰ ਆਪਣੀ ਵੋਟ ਪਾਉਣ ਦਾ ਅਧਿਕਾਰ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਜਾਅਲੀ ਵੋਟ ਪਾਉਣ ਵਾਲੇ ਵਿਅਕਤੀ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਨਾਲ ਹੀ ਇਸ ਵਿੱਚ ਲਾਪਰਵਾਹੀ ਕਰਨ ਵਾਲੇ ਸੰਬੰਧਿਤ ਅਧਿਕਾਰੀਆਂ ਨੂੰ ਵੀ ਜ਼ਿੰਮੇਵਾਰ ਠਹਿਰਾਇਆ ਜਾਵੇ। ਉਨ੍ਹਾਂ ਚੋਣ ਕਮਿਸ਼ਨ ਨੂੰ ਵੀ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਣ ਦੀ ਅਪੀਲ ਕੀਤੀ। ਜਾਣਕਾਰੀ ਅਨੁਸਾਰ ਪ੍ਰੀਜ਼ਾਈਡਿੰਗ ਅਫ਼ਸਰ ਦੀਪਕ ਕੁਮਾਰ ਵੱਲੋਂ ਜਾਅਲੀ ਪਾਈ ਗਈ ਵੋਟ ਨੂੰ ਰੱਦ ਕਰਨ ਦੀ ਗੱਲ ਆਖੀ ਗਈ ਸੀ, ਪਰ ਦੁਪਹਿਰ 3:30 ਵਜੇ ਤੱਕ ਵੀ ਵੋਟ ਰੱਦ ਨਹੀਂ ਕੀਤੀ ਗਈ। ਇਸ ਤੋਂ ਬਾਅਦ ਸ਼ਾਮ 5 ਵਜੇ ਤੱਕ ਇਸੇ ਬੂਥ 'ਤੇ ਹੋਰ 3 ਤੋਂ 4 ਜਾਅਲੀ ਵੋਟਾਂ ਪੈਣ ਦੀਆਂ ਖ਼ਬਰਾਂ ਵੀ ਸਾਹਮਣੇ ਆਈਆਂ ਤੇ ਉਨ੍ਹਾਂ ਨੇ ਮੀਡੀਆ ਨਾਲ ਗੱਲਬਾਤ ਕਰਨੀ ਵੀ ਜ਼ਰੂਰੀ ਨਹੀਂ ਸਮਝੀ, ਜਿਸ ਕਾਰਨ ਪ੍ਰਬੰਧਾਂ 'ਤੇ ਸਵਾਲੀਆਂ ਨਿਸ਼ਾਨ ਲੱਗ ਰਹੇ ਹਨ। ਮਾਮਲਾ ਗਰਮਾਉਣ 'ਤੇ ਥਾਣਾ ਸਿਟੀ ਦੇ ਇੰਚਾਰਜ ਮੈਡਮ ਰਵਿੰਦਰ ਕੌਰ ਬਰਾੜ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਨੂੰ ਸੰਭਾਲਿਆ ਅਤੇ ਸੁਰੱਖਿਆ ਪ੍ਰਬੰਧ ਕੜੇ ਕੀਤੇ। ਭਾਵੇਂ ਬਾਅਦ ਵਿੱਚ ਹਾਲਾਤ ਕਾਬੂ ਵਿੱਚ ਰਹੇ, ਪਰ ਕੁਝ ਸਮੇਂ ਲਈ ਬੂਥ 'ਤੇ ਤਣਾਅ ਵਾਲਾ ਮਾਹੌਲ ਬਣਿਆ ਰਿਹਾ।

ਡੀਐਮਓ ਦਫ਼ਤਰ 'ਚ ਬਣੇ ਇੱਕ ਬੂਥ 'ਤੇ ਉਲਟਾ ਲਿਖਿਆ ਹੋਇਆ ਨਜ਼ਰ ਆਇਆ ਭਾਰਤ ਚੋਣ ਕਮਿਸ਼ਨ

ਸ਼੍ਰੀ ਮੁਕਤਸਰ ਸਾਹਿਬ, 26 ਮਈ (ਆਦੇਸ਼): ਨਗਰ ਕੌਂਸਲ ਚੋਣਾਂ ਦੌਰਾਨ ਨਵੀਂ ਦਾਣਾ ਮੰਡੀ ਡੀਐਮਓ ਦਫ਼ਤਰ ਵਿਖੇ ਬਣੇ ਪੋਲਿੰਗ ਬੂਥ 'ਤੇ ਉਸ ਵੇਲੇ ਚਰਚਾ ਦਾ ਮਾਹੌਲ ਬਣ ਗਿਆ ਜਦੋਂ ਇੱਕ ਵੋਟਿੰਗ ਬਕਸਾ ਦੇ ਉਪਰ ਰੱਖਿਆ ਬਕਸਾ ਉਲਟਾ ਰੱਖਿਆ ਹੋਇਆ ਨਜ਼ਰ ਆਇਆ, ਜਿਸ 'ਤੇ ਭਾਰਤ ਚੋਣ ਕਮਿਸ਼ਨ ਉਲਟਾ ਲਿਖਿਆ ਹੋਇਆ ਨਜ਼ਰ ਆਇਆ। ਇਹ ਮਾਮਲਾ ਮੰਡੀ 'ਚ ਮੌਜੂਦ ਡੀਐਮਓ ਦਫ਼ਤਰ 'ਚ ਬਣੇ ਇੱਕ ਬੂਥ ਨਾਲ ਸੰਬੰਧਿਤ ਦੱਸਿਆ ਜਾ ਰਿਹਾ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਚੋਣਾਂ ਵਰਗੇ ਸੰਵੇਦਨਸ਼ੀਲ ਮੌਕੇ 'ਤੇ ਇਸ ਤਰ੍ਹਾਂ ਦੀ ਲਾਪਰਵਾਹੀ ਸਵਾਲ ਖੜ੍ਹੇ ਕਰਦੀ ਹੈ। ਹਾਲਾਂਕਿ ਚੋਣ ਅਧਿਕਾਰੀਆਂ ਵੱਲੋਂ ਇਸ ਮਾਮਲੇ ਨੂੰ ਸਿਰਫ਼ ਤਕਨੀਕੀ ਗਲਤੀ ਕਰਾਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਵੋਟਿੰਗ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਸੁਰੱਖਿਅਤ ਢੰਗ ਨਾਲ ਕਰਵਾਈ ਜਾ ਰਹੀ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਗੜਬੜ ਦੀ ਕੋਈ ਗੁੰਜਾਇਸ਼ ਨਹੀਂ। ਇਸ ਘਟਨਾ ਤੋਂ ਬਾਅਦ ਵਿਰੋਧੀ ਧਿਰਾਂ ਨੇ ਵੀ ਚੋਣ ਪ੍ਰਬੰਧਾਂ 'ਤੇ ਸਵਾਲ ਚੁੱਕਣੇ ਸ਼ੁਰੂ ਕਰ ਦਿੱਤੇ ਹਨ। ਫਿਲਹਾਲ ਮਾਮਲਾ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਅਤੇ ਲੋਕ ਚੋਣ ਕਮਿਸ਼ਨ ਤੋਂ ਸਪਸ਼ਟੀਕਰਨ ਦੀ ਮੰਗ ਕਰ ਰਹੇ ਹਨ।

ਗੱਡੇ 'ਤੇ ਸਵਾਰ ਹੋ ਕੇ ਰਾਜਾ ਵੜਿੰਗ ਪਤਨੀ ਨਾਲ ਪਹੁੰਚੇ ਵੋਟ ਪਾਉਣ

ਸ਼੍ਰੀ ਮੁਕਤਸਰ ਸਾਹਿਬ, 26 ਮਈ (ਆਦੇਸ਼): ਨਗਰ ਕੌਂਸਲ ਚੋਣਾਂ ਦੌਰਾਨ ਸ਼ ?ਰੀ ਮੁਕਤਸਰ ਸਾਹਿਬ ਦੇ ਵਾਰਡ ਨੰ: 26 ਵਿੱਚ ਬਣੇ ਬੂਥ ਨੰ: 70 'ਤੇ ਜਾਅਲੀ ਵੋਟ ਪੈਣ ਦਾ ਮਾਮਲਾ ਸਾਹਮਣੇ ਆਉਣ ਨਾਲ ਮਾਹੌਲ ਤਣਾਅਪੂਰਨ ਹੋ ਗਿਆ। ਸ਼ਹਿਰ ਦੀ ਇੱਕ ਗਊਸ਼ਾਲਾ ਦੇ ਪ੍ਰਧਾਨ ਅਮ੍ਰਿਤ ਲਾਲ ਖੁਰਾਣਾ ਉਸ ਵੇਲੇ ਹੈਰਾਨ ਰਹਿ ਗਏ ਜਦੋਂ ਉਹ ਆਪਣੀ ਵੋਟ ਪਾਉਣ ਲਈ ਬੂਥ 'ਤੇ ਪੁੱਜੇ ਤਾਂ ਉਨ੍ਹਾਂ ਨੂੰ ਦੱਸਿਆ ਗਿਆ ਕਿ ਉਨ੍ਹਾਂ ਦੀ ਵੋਟ ਪਹਿਲਾਂ ਹੀ ਕੋਈ ਹੋਰ ਨੀਰਜ਼ ਨਾਮ ਦਾ ਵਿਅਕਤੀ ਪਾ ਚੁੱਕਾ ਹੈ ਤੇ ਆਪਣੇ ਨਾਮ ਦੇ ਦਸਤਖ਼ਤ ਵੀ ਕਰ ਗਿਆ। ਇਸ ਸਬੰਧੀ ਗੱਲਬਾਤ ਕਰਦਿਆਂ ਅਮ੍ਰਿਤ ਲਾਲ ਖੁਰਾਣਾ ਨੇ ਕਿਹਾ ਕਿ ਇਹ ਲੋਕਤੰਤਰਿਕ ਅਧਿਕਾਰਾਂ ਦੀ ਉਲੰਘਣਾ ਹੈ ਅਤੇ ਉਨ੍ਹਾਂ ਨੂੰ ਆਪਣੀ ਵੋਟ ਪਾਉਣ ਦਾ ਅਧਿਕਾਰ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਜਾਅਲੀ ਵੋਟ ਪਾਉਣ ਵਾਲੇ ਵਿਅਕਤੀ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਨਾਲ ਹੀ ਇਸ ਵਿੱਚ ਲਾਪਰਵਾਹੀ ਕਰਨ ਵਾਲੇ ਸੰਬੰਧਿਤ ਅਧਿਕਾਰੀਆਂ ਨੂੰ ਵੀ ਜ਼ਿੰਮੇਵਾਰ ਠਹਿਰਾਇਆ ਜਾਵੇ। ਉਨ੍ਹਾਂ ਚੋਣ ਕਮਿਸ਼ਨ ਨੂੰ ਵੀ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਣ ਦੀ ਅਪੀਲ ਕੀਤੀ। ਜਾਣਕਾਰੀ ਅਨੁਸਾਰ ਪ੍ਰੀਜ਼ਾਈਡਿੰਗ ਅਫ਼ਸਰ ਦੀਪਕ ਕੁਮਾਰ ਵੱਲੋਂ ਜਾਅਲੀ ਪਾਈ ਗਈ ਵੋਟ ਨੂੰ ਰੱਦ ਕਰਨ ਦੀ ਗੱਲ ਆਖੀ ਗਈ ਸੀ, ਪਰ ਦੁਪਹਿਰ 3:30 ਵਜੇ ਤੱਕ ਵੀ ਵੋਟ ਰੱਦ ਨਹੀਂ ਕੀਤੀ ਗਈ। ਇਸ ਤੋਂ ਬਾਅਦ ਸ਼ਾਮ 5 ਵਜੇ ਤੱਕ ਇਸੇ ਬੂਥ 'ਤੇ ਹੋਰ 3 ਤੋਂ 4 ਜਾਅਲੀ ਵੋਟਾਂ ਪੈਣ ਦੀਆਂ ਖ਼ਬਰਾਂ ਵੀ ਸਾਹਮਣੇ ਆਈਆਂ ਤੇ ਉਨ੍ਹਾਂ ਨੇ ਮੀਡੀਆ ਨਾਲ ਗੱਲਬਾਤ ਕਰਨੀ ਵੀ ਜ਼ਰੂਰੀ ਨਹੀਂ ਸਮਝੀ, ਜਿਸ ਕਾਰਨ ਪ੍ਰਬੰਧਾਂ 'ਤੇ ਸਵਾਲੀਆਂ ਨਿਸ਼ਾਨ ਲੱਗ ਰਹੇ ਹਨ। ਮਾਮਲਾ ਗਰਮਾਉਣ 'ਤੇ ਥਾਣਾ ਸਿਟੀ ਦੇ ਇੰਚਾਰਜ ਮੈਡਮ ਰਵਿੰਦਰ ਕੌਰ ਬਰਾੜ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਨੂੰ ਸੰਭਾਲਿਆ ਅਤੇ ਸੁਰੱਖਿਆ ਪ੍ਰਬੰਧ ਕੜੇ ਕੀਤੇ। ਭਾਵੇਂ ਬਾਅਦ ਵਿੱਚ ਹਾਲਾਤ ਕਾਬੂ ਵਿੱਚ ਰਹੇ, ਪਰ ਕੁਝ ਸਮੇਂ ਲਈ ਬੂਥ 'ਤੇ ਤਣਾਅ ਵਾਲਾ ਮਾਹੌਲ ਬਣਿਆ ਰਿਹਾ।

ਪੰਜਾਬ ਐਸ.ਸੀ. ਕਮਿਸ਼ਨ ਨੇ ਰਾਜਾ ਵੜਿੰਗ ਦੇ ਵਾਇਰਲ ਆਡੀਓ ਮਾਮਲੇ 'ਚ ਲਿਆ ਸੂ-ਮੋਟੋ ਨੋਟਿਸ

ਸ਼੍ਰੀ ਮੁਕਤਸਰ ਸਾਹਿਬ, 26 ਮਈ (ਆਦੇਸ਼): ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਜੁੜੀ ਇੱਕ ਕਥਿਤ ਆਡੀਓ ਕਲਿੱਪ ਨੂੰ ਲੈ ਕੇ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਨੇ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਵਾਇਰਲ ਆਡੀਓ 'ਚ "ਇੱਕ ਹਜ਼ਾਰ ਵਿੱਚ ਢੇਡ, ਦੋ ਹਜ਼ਾਰ ਵਿੱਚ ਭੇਡ ਵਰਗੀ ਇਤਰਾਜ਼ਯੋਗ ਟਿੱਪਣੀ ਸੁਣਾਈ ਦੇਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਮਾਮਲੇ ਦਾ ਖ਼ੁਦ ਨੋਟਿਸ ਲੈਂਦਿਆਂ ਕਮਿਸ਼ਨ ਨੇ ਮੁਕਤਸਰ ਦੇ ਐੱਸਐੱਸਪੀ ਨੂੰ 29 ਮਈ ਸਵੇਰੇ 9 ਵਜੇ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਹਨ। ਕਮਿਸ਼ਨ ਦੀ ਇਹ ਕਾਰਵਾਈ ਸਮਾਜਿਕ ਸੁਰੱਖਿਆ ਮੰਤਰੀ ਡਾ. ਬਲਜੀਤ ਕੌਰ ਵੱਲੋਂ ਭੇਜੇ ਗਏ ਸੰਦੇਸ਼ ਦੇ ਆਧਾਰ 'ਤੇ ਹੋਈ ਹੈ। ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਐਕਟ-2004 ਦੀ ਧਾਰਾ 10 ਤਹਿਤ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਕਮਿਸ਼ਨ ਨੇ ਪੁਲਿਸ ਨੂੰ ਆਡੀਓ ਸੈਂਪਲ ਦੀ ਫੋਰੈਂਸਿਕ ਜਾਂਚ ਕਰਵਾਉਣ ਅਤੇ ਪੂਰੀ ਤੱਥਾਂ ਅਧਾਰਤ ਰਿਪੋਰਟ ਸੌਂਪਣ ਲਈ ਕਿਹਾ ਹੈ। ਨੋਟਿਸ 'ਚ ਸਪੱਸ਼ਟ ਕੀਤਾ ਗਿਆ ਹੈ ਕਿ ਹੁਕਮ ਨਾ ਮੰਨਣ ਦੀ ਸੂਰਤ ਵਿੱਚ ਕਮਿਸ਼ਨ ਸਿਵਲ ਅਦਾਲਤ ਵਰਗੀਆਂ ਸ਼ਕਤੀਆਂ ਦੀ ਵਰਤੋਂ ਕਰ ਸਕਦਾ ਹੈ। ਦੂਜੇ ਪਾਸੇ, ਰਾਜਾ ਵੜਿੰਗ ਨੇ 'ਐਕਸ' (ਟਵਿੱਟਰ) 'ਤੇ ਪੋਸਟ ਪਾ ਕੇ ਇਸ ਆਡੀਓ ਨੂੰ ਫਰਜ਼ੀ ਦੱਸਿਆ ਹੈ। ਉਨ੍ਹਾਂ ਕਿਹਾ ਕਿ ਕਰੀਬ ਸੱਤ ਸਾਲ ਪੁਰਾਣੀ ਫਰਜ਼ੀ ਆਡੀਓ ਹੁਣ ਐੱਸਸੀ ਕਮਿਸ਼ਨ ਰਾਹੀਂ ਉਨ੍ਹਾਂ ਨੂੰ ਬਦਨਾਮ ਕਰਨ ਲਈ ਵਰਤੀ ਜਾ ਰਹੀ ਹੈ। ਵੜਿੰਗ ਦਾ ਦਾਅਵਾ ਹੈ ਕਿ ਇੱਕ ਬੱਚਾ ਵੀ ਦੱਸ ਸਕਦਾ ਹੈ ਕਿ ਉਹ ਆਵਾਜ਼ ਉਨ੍ਹਾਂ ਦੀ ਨਹੀਂ ਹੈ। ਉਨ੍ਹਾਂ ਨੇ 'ਆਪ' ਸਰਕਾਰ 'ਤੇ ਸੰਸਥਾਵਾਂ ਦੀ ਦੁਰਵਰਤੋਂ ਅਤੇ ਸਿਆਸੀ ਬਦਲਾਖੋਰੀ ਦਾ ਦੋਸ਼ ਲਗਾਇਆ। ਨਾਲ ਹੀ ਫਰਜ਼ੀ ਸਮੱਗਰੀ ਫੈਲਾਉਣ ਵਾਲਿਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਦੀ ਚਿਤਾਵਨੀ ਦਿੱਤੀ ਹੈ। ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋਈ ਇਸ ਕਲਿੱਪ ਤੋਂ ਬਾਅਦ ਸਿਆਸੀ ਮਾਹੌਲ ਗਰਮਾ ਗਿਆ ਹੈ। ਫਿਲਹਾਲ ਪੁਲਿਸ ਆਡੀਓ ਦੀ ਸੱਚਾਈ ਅਤੇ ਆਵਾਜ਼ ਦੇ ਮਿਲਾਨ ਦੀ ਜਾਂਚ ਵਿੱਚ ਜੁਟੀ ਹੋਈ ਹੈ।

ਫਿਰੋਜ਼ਪੁਰ 'ਚ 5 ਗਲੌਕ ਪਿਸਤੌਲ ਸਮੇਤ ਹਥਿਆਰ ਸਪਲਾਇਰ ਕਾਬੂ, ਸਰਹੱਦ ਪਾਰੋਂ ਚੈਨਲਾਂ ਰਾਹੀਂ ਭਾਰਤ 'ਚ ਤਸਕਰੀ ਕੀਤੇ ਹਥਿਆਰ ਬਰਾਮਦ: ਯਾਦਵ

ਫਿਰੋਜ਼ਪੁਰ, 26 ਮਈ (ਪਰੇਸ਼ ਕੁਮਾਰ ਡਿੰਪੀ): ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਇੱਕ ਵੱਡੀ ਸਫਲਤਾ ਵਿੱਚ ਕਾਊਂਟਰ ਇੰਟੈਲੀਜੈਂਸ (ਸੀਆਈ) ਫਿਰੋਜ਼ਪੁਰ ਨੇ ਇੱਕ ਹਥਿਆਰ ਸਪਲਾਇਰ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ ਅਤੇ ਉਸ ਦੇ ਕਬਜ਼ੇ ਵਿੱਚੋਂ ਪੰਜ .30 ਬੋਰ ਗਲੌਕ ਪਿਸਤੌਲ ਨਾਲ ਚਾਰ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਲਖਵਿੰਦਰ ਸਿੰਘ ਵਾਸੀ ਪਿੰਡ ਖੇੜਾ ਕੇ ਉੱਤਰ, ਫਿਰੋਜ਼ਪੁਰ ਵਜੋਂ ਹੋਈ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦਾ ਪੁਰਾਣਾ ਅਪਰਾਧਿਕ ਰਿਕਾਰਡ ਹੈ ਅਤੇ ਉਹ ਇੱਕ ਮਹੀਨਾ ਹੀ ਪਹਿਲਾਂ ਜੇਲ੍ਹ ਤੋਂ ਰਿਹਾਅ ਹੋਇਆ ਸੀ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਬਰਾਮਦ ਕੀਤੇ ਗਏ ਹਥਿਆਰ ਕਥਿਤ ਤੌਰ 'ਤੇ ਸਰਹੱਦ ਪਾਰੋਂ ਚੈਨਲਾਂ ਰਾਹੀਂ ਭਾਰਤ ਵਿੱਚ ਤਸਕਰੀ ਕੀਤੇ ਗਏ ਸਨ ਅਤੇ ਇਨ੍ਹਾਂ ਹਥਿਆਰਾਂ ਨੂੰ ਨੈੱਟਵਰਕ ਰਾਹੀਂ ਅੱਗੇ ਭੇਜਣ ਦਾ ਇਰਾਦਾ ਸੀ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਮਾਡਿਊਲ ਨਾਲ ਜੁੜੇ ਸਾਰੇ ਵਿਅਕਤੀਆਂ ਦੀ ਪਛਾਣ ਕੀਤੀ ਜਾ ਸਕੇ। ਇਸ ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਏਆਈਜੀ ਸੀਆਈ ਫਿਰੋਜ਼ਪੁਰ ਗੁਰਸੇਵਕ ਸਿੰਘ ਨੇ ਕਿਹਾ ਕਿ ਪੁਲਿਸ ਟੀਮਾਂ ਨੂੰ ਸ਼ੱਕੀ ਲਖਵਿੰਦਰ ਸਿੰਘ ਦੇ ਖੇਤਰ ਵਿੱਚ ਹਥਿਆਰ ਸਪਲਾਈ ਕਰਨ ਬਾਰੇ ਭਰੋਸੇਯੋਗ ਜਾਣਕਾਰੀ ਮਿਲੀ ਸੀ। ਤੇਜ਼ੀ ਨਾਲ ਕਾਰਵਾਈ ਕਰਦਿਆਂ ਸੀਆਈ ਫਿਰੋਜ਼ਪੁਰ ਦੀ ਪੁਲਿਸ ਟੀਮ ਨੇ ਫਿਰੋਜ਼ਪੁਰ ਦੇ ਕੁਲਗੜ੍ਹੀ ਖੇਤਰ ਵਿੱਚ ਗੁਪਤ ਕਾਰਵਾਈ ਕਰਕੇ ਲਖਵਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਅੱਗੇ ਦੱਸਿਆ ਕਿ ਉਸਦੀ ਤਲਾਸ਼ੀ ਦੌਰਾਨ ਪੁਲਿਸ ਪਾਰਟੀ ਨੇ ਪੰਜ ਆਧੁਨਿਕ ਹਥਿਆਰਾਂ ਦੀ ਖੇਪ ਬਰਾਮਦ ਕੀਤੀ। ਏਆਈਜੀ ਨੇ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਨੇ ਇਹ ਹਥਿਆਰ ਆਪਣੇ ਹੈਂਡਲਰ ਦੇ ਨਿਰਦੇਸ਼ਾਂ 'ਤੇ ਅਪਰਾਧਿਕ ਸਮੂਹਾਂ ਦੇ ਕਾਰਕੁੰਨਾਂ ਨੂੰ ਸਪਲਾਈ ਕਰਨੇ ਸਨ। ਉਨ੍ਹਾਂ ਕਿਹਾ ਕਿ ਜਾਂਚ ਅੱਗੇ ਵਧਣ ਨਾਲ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ। ਇਸ ਸਬੰਧੀ ਕੇਸ ਥਾਣਾ ਕੁਲਗੜ੍ਹੀ, ਫਿਰੋਜ਼ਪੁਰ ਵਿਖੇ ਅਸਲਾ ਐਕਟ ਦੀ ਧਾਰਾ 25 ਤਹਿਤ ਐਫਆਈਆਰ ਨੰਬਰ 103 ਮਿਤੀ 25-05-2026 ਦਰਜ ਕੀਤਾ ਗਿਆ ਹੈ।

ਸਿਹਤ ਵਿਭਾਗ ਆਇਆ ਹਰਕਤ ਵਿੱਚ, ਲੋਕਾਂ ਨੂੰ ਜਾਗਰੂਕ ਕਰਨ ਲਈ ਸ਼ੁਰੂ ਕੀਤੇ ਜਾਗਰੂਕਤਾ ਕੈਂਪ

ਨੂਰਪੁਰਬੇਦੀ, 26 ਮਈ (ਮਨਦੀਪ ਬਾਲੀ): ਬਲਾਕ ਨੂਰਪੁਰਬੇਦੀ ਦੇ ਪਿੰਡਾਂ ਵਿੱਚ ਐਚਪੀਵੀ ਟੀਕਾਕਰਨ ਮੁਹਿੰਮ ਸਬੰਧੀ ਜਾਗਰੂਕਤਾ ਦੀ ਕਮੀ ਨੂੰ ਲੈ ਕੇ ਅਦਾਰਾ ਦੇਸ਼ ਪ੍ਰਦੇਸ਼ ਵੱਲੋਂ ਮੁੱਦਾ ਪ੍ਰਮੁੱਖਤਾ ਨਾਲ ਉਠਾਏ ਜਾਣ ਤੋਂ ਬਾਅਦ ਹੁਣ ਸਿਹਤ ਵਿਭਾਗ ਹਰਕਤ ਵਿੱਚ ਆ ਗਿਆ ਹੈ। ਵਿਭਾਗ ਵੱਲੋਂ ਪਿੰਡ ਪੱਧਰ ਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਕੈਂਪ ਲਗਾਉਣ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਇਸ ਤਹਿਤ ਜ਼ਿਲ੍ਹਾ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਹਰਪ੍ਰੀਤ ਕੌਰ ਦੇ ਹੁਕਮਾਂ ਅਨੁਸਾਰ ਮੁਹੱਲਾ ਕਲੀਨਿਕ ਅਬਿਆਣਾ ਵਿਖੇ ਐਚਪੀਵੀ ਟੀਕਾਕਰਨ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਮੈਡੀਕਲ ਅਫਸਰ ਡਾਕਟਰ ਜੋਤਵੰਸ਼ ਸਿੰਘ ਵੱਲੋਂ ਵੱਖ-ਵੱਖ ਪਿੰਡਾਂ ਤੋਂ ਪਹੁੰਚੇ 50 ਤੋਂ ਵੱਧ ਨਾਗਰਿਕਾਂ ਨੂੰ ਸਰਵਾਈਕਲ ਕੈਂਸਰ ਅਤੇ ਇਸ ਤੋਂ ਬਚਾਅ ਲਈ ਲਗਾਏ ਜਾਣ ਵਾਲੇ ਐਚਪੀਵੀ ਟੀਕੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ 16 ਤੋਂ 18 ਸਾਲ ਦੀਆਂ ਲੜਕੀਆਂ ਦਾ ਸਮੇਂ ਸਿਰ ਟੀਕਾਕਰਨ ਕਰਵਾਉਣ ਤਾਂ ਜੋ ਭਵਿੱਖ ਵਿੱਚ ਇਸ ਗੰਭੀਰ ਅਤੇ ਜਾਨਲੇਵਾ ਬਿਮਾਰੀ ਤੋਂ ਬਚਿਆ ਜਾ ਸਕੇ। ਡਾਕਟਰ ਜੋਤਵੰਸ਼ ਸਿੰਘ ਨੇ ਕਿਹਾ ਕਿ ਐਚਪੀਵੀ ਟੀਕਾ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਬਹੁਤ ਪ੍ਰਭਾਵਸ਼ਾਲੀ ਮੰਨਿਆ ਜਾਂਦਾ ਹੈ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਜਾਂ ਗਲਤ ਧਾਰਨਾਵਾਂ ਤੋਂ ਦੂਰ ਰਹਿਣਾ ਚਾਹੀਦਾ ਹੈ। ਸਿਹਤ ਅਧਿਕਾਰੀਆਂ ਨੇ ਦੱਸਿਆ ਕਿ ਹੁਣ ਵਿਭਾਗ ਵੱਲੋਂ ਸਿਰਫ ਹਸਪਤਾਲਾਂ ਤੱਕ ਸੀਮਤ ਰਹਿਣ ਦੀ ਬਜਾਏ ਪਿੰਡ ਪੱਧਰ ਤੇ ਲਗਾਤਾਰ ਜਾਗਰੂਕਤਾ ਕੈਂਪ ਲਗਾਏ ਜਾਣਗੇ। ਕਰੋਨਾ ਕਾਲ ਵਾਂਗ ਸਿਹਤ f ਪੇਂਡੂ ਡਿਸਪੈਂਸਰੀਆਂ ਅਤੇ ਸਬ ਸੈਂਟਰਾਂ ਤੇ ਵੀ ਲੱਗਣੇ ਚਾਹੀਦੇ ਹਨ ਇਹ ਟੀਕੇ: ਜਾਣਕਾਰੀ ਮੁਤਾਬਿਕ ਸਰਕਾਰ ਅਤੇ ਸਿਹਤ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਹ ਟੀਕਾਕਰਨ ਸਿਰਫ ਵੱਡੇ ਸਰਕਾਰੀ ਹਸਪਤਾਲ ਸਿੰਘਪੁਰ ਵਿਖੇ ਹੀ ਕੀਤਾ ਜਾਵੇਗਾ। ਜਿਸ ਦੇ ਚਲਦਿਆਂ ਵੱਖ ਵੱਖ ਪਿੰਡਾਂ ਤੋਂ ਲੋਕਾਂ ਨੂੰ ਉੱਥੇ ਪਹੁੰਚਕੇ ਇਹ ਟੀਕੇ ਲਗਵਾਉਣ ਚ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਇਸ ਲਈ ਵਿਭਾਗ ਨੂੰ ਇਸ ਟੀਕਾਕਰਨ ਦੀ ਦਰ ਨੂੰ ਹੋਰ ਵਧਾਉਣ ਲਈ ਹੋਰਨਾ ਵੈਕਸੀਨੇਸ਼ਨਾਂ ਵਾਂਗ ਇਹ ਟੀਕਾਕਰਨ ਵੀ ਪੇਂਡੂ ਡਿਸਪੈਂਸਰੀਆਂ ਅਤੇ ਸਬ ਸੈਂਟਰ ਅਤੇ ਲਗਾਉਣੇ ਚਾਹੀਦੇ ਹਨ ਤਾਂ ਜੋ ਲੋਕ ਆਪਣੇ ਘਰ ਦੀ ਨਜ਼ਦੀਕ ਹੀ ਇਸ ਸੁਵਿਧਾ ਦਾ ਲਾਭ ਪ੍ਰਾਪਤ ਕਰ ਸਕਣ।

ਜਿੱਥੇ ਕਲਪਨਾ ਨੂੰ ਮਿਲਣ ਰੰਗ ਅਤੇ ਸ਼ਬਦਾਂ ਦੇ ਪਰ ਐਮਟੀਐਸ ਬਰਨਾਲਾ ਵਿੱਚ ਬੱਚਿਆਂ ਨੇ ਦਿਖਾਈ ਆਪਣੀ ਰਚਨਾਤਮਕ ਪ੍ਰਤਿਭਾ

ਬਰਨਾਲਾ 26 ਮਈ (ਅਵਤਾਰ ਸਿੰਘ ਫਰਵਾਹੀ) ਐਮਟੀਐਸ ਬਰਨਾਲਾ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਰਚਨਾਤਮਕ ਅਤੇ ਕਲਪਨਾਤਮਕ ਗਤੀਵਿਧੀਆਂ ਵਿੱਚ ਭਾਗ ਲਿਆ। ਛੇਵੀਂ ਤੋਂ ਨੌਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਆਪਣੀ ਲਿਖਣ ਦੀ ਕਲਾ ਅਤੇ ਕਲਪਨਾ ਸ਼ਕਤੀ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਛੇਵੀਂ ਜਮਾਤ ਦੇ ਵਿਦਿਆਰਥੀਆਂ ਨੇ ਬਿਜਲੀ ਤੋਂ ਬਿਨਾ ਇੱਕ ਦਿਨ ਵਿਸ਼ੇ 'ਤੇ ਦਿਲਚਸਪ ਕਹਾਣੀਆਂ ਲਿਖੀਆਂ, ਜਿਨ੍ਹਾਂ ਵਿੱਚ ਉਨ੍ਹਾਂ ਦੀ ਸੋਚ ਅਤੇ ਰਚਨਾਤਮਕਤਾ ਦੀ ਝਲਕ ਸਾਫ਼ ਨਜ਼ਰ ਆਈ। ਜਦਕਿ ਸੱਤਵੀਂ ਤੋਂ ਨੌਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਮੇਰਾ ਸੁਪਨਿਆਂ ਭਰਿਆ ਗਰਮੀ ਦਾ ਦਿਨ ਵਿਸ਼ੇ 'ਤੇ ਸੁੰਦਰ ਕਵਿਤਾਵਾਂ ਲਿਖ ਕੇ ਆਪਣੀਆਂ ਭਾਵਨਾਵਾਂ ਅਤੇ ਕਲਪਨਾਵਾਂ ਨੂੰ ਸ਼ਬਦਾਂ ਰਾਹੀਂ ਪ੍ਰਗਟ ਕੀਤਾ। ਵਿਦਿਆਰਥੀਆਂ ਨੇ ਨਾ ਸਿਰਫ਼ ਬਹੁਤ ਸੁੰਦਰ ਲਿਖਿਆ, ਸਗੋਂ ਆਪਣੀਆਂ ਸ਼ੀਟਾਂ ਨੂੰ ਖੂਬਸੂਰਤੀ ਨਾਲ ਸਜਾ ਕੇ ਗਤੀਵਿਧੀ ਨੂੰ ਹੋਰ ਵੀ ਆਕਰਸ਼ਕ ਬਣਾਇਆ। ਉਨ੍ਹਾਂ ਦੀ ਕਲਪਨਾ ਸ਼ਕਤੀ, ਰਚਨਾਤਮਕ ਸੋਚ ਅਤੇ ਪ੍ਰਸਤੁਤੀ ਕੌਸ਼ਲ ਨੇ ਸਭ ਨੂੰ ਪ੍ਰਭਾਵਿਤ ਕੀਤਾ। ਇਸਦੇ ਨਾਲ ਹੀ ਤੀਜੀ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਕੈਨਵਸ ਉੱਤੇ ਗਰਮੀਆਂ ਦੀ ਮੌਜਾਂ ਗਤੀਵਿਧੀ ਤਹਿਤ "Sunny Day, Happy Me" ਵਿਸ਼ੇ 'ਤੇ ਆਪਣੇ ਮਨਪਸੰਦ ਗਰਮੀ ਦੇ ਦ੍ਰਿਸ਼ ਰੰਗਾਂ ਰਾਹੀਂ ਦਰਸਾਏ। ਬੱਚਿਆਂ ਨੇ ਆਪਣੇ ਚਿੱਤਰਾਂ ਵਿੱਚ ਖੁਸ਼ੀਆਂ, ਮਸਤੀ ਅਤੇ ਗਰਮੀਆਂ ਦੀਆਂ ਸੁਹਾਵੀਆਂ ਯਾਦਾਂ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਪੇਸ਼ ਕੀਤਾ। ਇਨ੍ਹਾਂ ਗਤੀਵਿਧੀਆਂ ਨੇ ਵਿਦਿਆਰਥੀਆਂ ਨੂੰ ਆਪਣੀ ਰਚਨਾਤਮਕਤਾ ਨੂੰ ਨਿਖਾਰਣ ਅਤੇ ਕਲਪਨਾ ਦੀ ਦੁਨੀਆ ਨੂੰ ਨਵੇਂ ਰੰਗ ਦੇਣ ਲਈ ਪ੍ਰੇਰਿਤ ਕੀਤਾ।

ਮਨਜਿੰਦਰ ਸਿੰਘ ਲਾਲੀ ਭੁੱਲਰ ਤੇ ਗੁਰਬਾਜ ਸਿੰਘ ਖੋਸਾ ਨੂੰ ਸਦਮਾ ਸਹੁਰਾ ਸਾਹਿਬ ਰਘਬੀਰ ਸਿੰਘ ਦਾ ਹੋਇਆ ਦੇਹਾਂਤ

ਮੋਗਾ 26 ਮਈ (ਜਗਰਾਜ ਸਿੰਘ ਸੰਘਾ)ਮਨਜਿੰਦਰ ਸਿੰਘ ਲਾਲੀ ਭੁੱਲਰ ਆਸਟਰੇਲੀਆ ਗੁਰਬਾਜ ਸਿੰਘ ਖੋਸਾ ਨੂੰ ਉਸ ਵਕਤ ਭਾਰੀ ਸਦਮਾ ਪੁੱਜਾ ਜਦੋਂ ਉਹਨਾਂ ਦੇ ਸਹੁਰਾ ਰਘਬੀਰ ਸਿੰਘ ਦੀ ਅਚਾਰਕ ਬੇਵਕਤੀ ਮੌਤ [illegible]

ਵਾਰਡ ਨੰਬਰ 11 ਵਿੱਚ ਅਕਾਲੀ ਉਮੀਦਵਾਰ ਸੁਸ਼ੀਲ ਰਾਣੀ ਦੇ ਸਮਰਥਕ, ਆਸ਼ੂ ਆਰੀਆ, ਸੀਨੀਅਰ ਲੀਡਰ ਵਿਜੇ ਗੋਇਲ, ਸਤੀਸ਼ ਕੁਮਾਰ, ਮੁਰਲੀ ਮਨੋਹਰ ਆਦਿ ਬੂਥ ਤੇ ਪੂਰੀ ਮੁਸਤੈਦੀ ਨਾਲ ਆਪਣੀ ਡਿਊਟੀ ਨਿਭਾਉਂਦੇ ਹੋਏ। ਫੋਟੋ ਅਤੇ ਵੇਰਵਾ (ਰਵੀ ਗਰਗ, ਲੌਂਗੋਵਾਲ, ਸੰਗਰੂਰ)

ਨਗਰ ਕੌਂਸਲ ਲੌਂਗੋਵਾਲ ਦੇ 15 ਵਾਰਡਾਂ ਦੀਆਂ ਵੋਟਾਂ ਅਮਨ-ਅਮਾਨ ਨਾਲ ਸੰਪੰਨ

ਲੌਂਗੋਵਾਲ, 26 ਮਈ (ਰਵੀ ਗਰਗ) --- ਨਗਰ ਕੌਂਸਲ ਲੌਂਗੋਵਾਲ ਦੇ ਕੁੱਲ 15 ਵਾਰਡਾਂ ਦੀਆਂ ਹੋਈਆਂ ਚੋਣਾਂ ਪੂਰਨ ਅਮਨ-ਅਮਾਨ ਅਤੇ ਸ਼ਾਂਤੀਪੂਰਵਕ ਢੰਗ ਨਾਲ ਸੰਪੰਨ ਹੋ ਗਈਆਂ।ਸਵੇਰੇਤੋਂ ਹੀ ਜੇਠ ਮਹੀਨੇ ਦੀ ਅੱਤ ਦੀ ਗਰਮੀ ਪੈਣ ਦੇ ਬਾਵਜੂਦ ਵੋਟਿੰਗ ਕੇਂਦਰਾਂ ਤੇ ਵੋਟਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਜਿਸ ਵਿੱਚ ਔਰਤਾਂ, ਨੌਜਵਾਨਾਂ ਅਤੇ ਬਜ਼ੁਰਗਾਂ ਨੇ ਵੀ ਵੱਡੀ ਗਿਣਤੀ ਵਿੱਚ ਆਪਣੇ ਮਤ ਦਾ ਪ੍ਰਯੋਗ ਕੀਤਾ। ਭਾਵੇਂ ਕਿ ਦੁਪਿਹਰ ਤਕਰੀਬਨ 1 ਵਜੇ ਤੋਂ 3 ਵਜੇ ਤੱਕ ਕ ਵੋਟਿੰਗ ਚਾਲ ਮੱਠੀ ਰਹੀ ਪਰ 3 ਵਜੇ ਤੋਂ 5 ਵਜੇ ਤੱਕ ਵੋਟਰਾਂ ਨੇ ਵਧ ਚੜ ਕੇ ਆਪਣੇ ਮਤ ਦਾ ਪ੍ਰਯੋਗ ਕੀਤਾ। ਚੋਣ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਪ੍ਰਸ਼ਾਸਨ ਵੱਲੋਂ ਪੂਰੇ ਪੁਖਤਾ ਪ੍ਰਬੰਧ ਕੀਤੇ ਗਏ ਸਨ । ਵੱਖ-ਵੱਖ ਬੂਥਾਂ'ਤੇ ਪੁਲਿਸ ਅਤੇ ਸੁਰੱਖਿਆ ਦਸਤਿਆਂ ਦੀ ਤੈਨਾਤੀ ਰਹੀ, ਜਿਸ ਕਾਰਨ ਪੂਰਾ ਦਿਨ ਕਿਸੇ ਵੀ ਅਣਸੁਖਾਵੀਂ ਘਟਨਾ ਦੀ ਖ਼ਬਰ ਸਾਹਮਣੇ ਨਹੀਂ ਆਈ।ਵੋਟਿੰਗ ਦੌਰਾਨ ਬਜ਼ੁਰਗ ਵੋਟਰਾਂ ਨੇ ਵੀ ਲੋਕਤੰਤਰਿਕ ਹੱਕ ਪ੍ਰਤੀ ਆਪਣੀ ਜਾਗਰੂਕਤਾ ਦਾ ਪ੍ਰਗਟਾਵਾ ਕੀਤਾ। ਕਈ ਬਜ਼ੁਰਗ ਵੋਟਰ ਵ੍ਹੀਲ ਚੇਅਰ ਅਤੇ ਪਰਿਵਾਰਕ ਮੈਂਬਰਾਂ ਦੀ ਸਹਾਇਤਾ ਨਾਲ ਵੋਟ ਪਾਉਣ ਲਈ ਬੂਥਾਂ'ਤੇ ਪਹੁੰਚੇ। ਚੋਣ ਅਧਿਕਾਰੀਆਂ ਅਨੁਸਾਰ ਨਗਰ ਕੌਂਸਲ ਦੀਆਂ 15 ਵਾਰਡਾਂ ਵਿੱਚ ਲਗਭਗ 80 ਫੀਸਦੀ ਪੋਲਿੰਗ ਦਰਜ ਕੀਤੀ ਗਈ, ਜਿਸ ਨੂੰ ਲੋਕਤੰਤਰ ਪ੍ਰਤੀ ਲੋਕਾਂ ਦੇ ਭਰੋਸੇ ਅਤੇ ਉਤਸ਼ਾਹ ਦੀ ਨਿਸ਼ਾਨੀ ਮੰਨਿਆ ਜਾ ਰਿਹਾ ਹੈ। ਵੋਟਾਂ ਦੀ ਗਿਣਤੀ ਨਿਰਧਾਰਤ ਸਮੇਂ ਅਨੁਸਾਰ ਕੀਤੀ ਜਾਵੇਗੀ ਅਤੇ ਨਤੀਜਿਆਂ ਨੂੰ ਲੈ ਕੇ ਉਮੀਦਵਾਰਾਂ ਅਤੇ ਸਮਰਥਕਾਂ ਵਿੱਚ ਭਾਰੀ ਉਤਸੁਕਤਾ ਪਾਈ ਜਾ ਰਹੀ ਹੈ।

ਵਾਰਡ ਨੰਬਰ 11 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਬੀਬੀ ਰਛਪਾਲ ਕੌਰ ਦੇ ਸਮਰਥਕ ਰਾਜੇਸ਼ ਕੁਮਾਰ ਰਿੰਕਾ, ਜੀਵਨ ਸਿੰਘ ,ਤਰੁਣ ਗਰਗ, ਡਿੰਪਲ ਸਿੰਘ ਅਤੇ ਸੇਠ ਮੰਗਤ ਰਾਏ ਮੰਗੂ ਆਪਣੇ ਬੂਥ ਤੇ ਡਟੇ ਹੋਏ। ਫੋਟੋ ਅਤੇ ਵੇਰਵਾ:- (ਰਵੀ ਗਰਗ, ਲੌਂਗੋਵਾਲ , ਸੰਗਰੂਰ)

ਵੋਟ ਪਾਉਣ ਤੋਂ ਬਾਅਦ ਨਿਸ਼ਾਨ ਦਿਖਾਉਂਦੇ ਹੋਏ ਡਾ. ਹਰਜੋਤ ਕਮਲ, ਉਨ੍ਹਾਂ ਦੀ ਪਤਨੀ ਡਾ. ਰਜਿੰਦਰ ਕੌਰ, ਬੇਟਾ ਹਮਰੀਤ ਕਮਲ ਸਿੰਘ ਅਤੇ

ਵਾਰਡ ਨੰਬਰ 02 ਤੋਂ ਉਮੀਦਵਾਰ ਕੁਲਦੀਪ ਕੌਰ ਅਤੇ ਹੋਰ ਫੋਟੋ ਤੇ ਵੇਰਵਾ ਜਗਰਾਜ ਸਿੰਘ ਸੰਘਾ ਮੋਗਾ

ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਬਚਨਵੱਧ :ਗੋਇਲ

(ਡਰੇਨ ਤੇ ਪੁੱਲ ਬਣਾਉਣ ਦੀ ਕਰਵਾਈ ਸ਼ੁਰੂਆਤ)

ਲਹਿਰਾਗਾਗਾ 26 ਮਈ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ) ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੇ ਸਿਆਸੀ ਰੁਝੇਵਿਆਂ ਦੇ ਚੱਲਦੇ ਉਨ੍ਹਾਂ ਦੇ ਛੋਟੇ ਭਰਾ ਇੰਜੀਨੀਅਰ ਨਰਿੰਦਰ ਗੋਇਲ ਅਤੇ ਭਰਜਾਈ ਨਗਰ ਕੌਂਸਲ ਪ੍ਰਧਾਨ ਸ਼੍ਰੀਮਤੀ ਕਾਂਤਾ ਗੋਇਲ ਵੱਲੋਂ ਅੱਜ ਪਿੰਡ ਖੰਡੇਬਾਦ ਵਿਖੇ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚ ਇਧਰ ਉਧਰ ਜਾਣ ਦੀ ਮੁਸ਼ਕਿਲ ਨੂੰ ਹੱਲ ਕਰਦਿਆਂ ਖੇਤਾਂ ਵਿਚਕਾਰੋਂ ਗੁਜਰਦੀ ਡਰੇਨ ਤੇ ਲੱਖਾਂ ਰੁਪਏ ਦੀ ਲਾਗਤ ਨਾਲ ਪੁੱਲ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ, ਇਸ ਮੌਕੇ ਪਿੰਡ ਦੇ ਪਤਵੰਤੇ ਵਿਅਕਤੀ,ਵਿਭਾਗ ਦੇ ਅਧਿਕਾਰੀ ਅਤੇ ਪਾਰਟੀ ਵਲੰਟੀਅਰ ਹਾਜ਼ਰ ਸਨ। ਕਿਸਾਨਾਂ ਤੇ ਪਿੰਡ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਇੰਜੀਨੀਅਰ ਨਰਿੰਦਰ ਗੋਇਲ ਅਤੇ ਸ਼੍ਰੀਮਤੀ ਕਾਂਤਾ ਗੋਇਲ ਨੇ ਕਿਹਾ ਕਿ ਸਰਕਾਰ ਕਿਸਾਨਾਂ ਦੀ ਖੁਸ਼ਹਾਲੀ ਅਤੇ ਤਰੱਕੀ ਲਈ ਵਚਨਬੱਧ ਹੈ। ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਹਲਕੇ ਦੇ ਪਿੰਡਾਂ ਅੰਦਰ ਕਰੋੜਾਂ ਰੁਪਏ ਦੀ ਲਾਗਤ ਨਾਲ ਅੰਡਰਗਰਾਊਂਡ ਪਾਈਪ ਲਾਈਨ ਵਿਛਾ ਕੇ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਇਆ ਜਾ ਰਿਹੈ ,ਉੱਥੇ ਹੀ ਬਿਜਲੀ ਦੀ ਨਿਰਵਿਘਨ ਸਪਲਾਈ ਦਿੱਤੀ ਜਾ ਰਹੀ ਹੈ, ਕਿਸਾਨਾਂ ਲਈ ਡਰੇਨਾਂ ਤੇ ਪੁੱਲ ਬਣਾਏ ਜਾ ਰਹੇ ਹਨ। ਲਹਿਰਾ ਹਲਕੇ ਦੇ ਵਿਕਾਸ ਕੰਮਾਂ ਦਾ ਜ਼ਿਕਰ ਕਰਦਿਆਂ ਗੋਇਲ ਦੰਪਤੀ ਨੇ ਕਿਹਾ ਕਿ ਮੰਤਰੀ ਗੋਇਲ ਵੱਲੋਂ ਜਿੱਥੇ ਲਹਿਰਾਗਾਗਾ ਵਿਖੇ ਪੰਜ ਮੰਜ਼ਿਲਾਂ ਲੜਕੀਆਂ ਦੇ ਸਕੂਲ ਦੀ ਨਵੀਂ ਇਮਾਰਤ ਬਣਾਈ ਜਾ ਰਹੀ ਹੈ। ਉੱਥੇ ਹੀ ਬਿਜਲੀ ਦਫਤਰ ਵੀ ਨਵਾਂ ਬਣਾਇਆ ਜਾ ਰਿਹਾ ਹੈ, ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਬਣਾਉਣਾ ਅਤੇ ਦਰਜਨਾਂ ਸਪੈਸ਼ਲਿਸਟ ਡਾਕਟਰਾਂ ਦੀ ਨਿਯੁਕਤੀ ਵੀ ਇਤਿਹਾਸਿਕ ਕੰਮ ਹਨ ,ਪਿੰਡ ਪਿੰਡ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ ਉੱਥੇ ਹੀ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਜਿੰਮ ਲਗਾਏ ਜਾ ਰਹੇ ਹਨ। ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਦੇ ਚਲਦੇ ਜਿੱਥੇ ਹਲਕੇ ਦੇ ਵਿਚ ਦਰਜਨਾ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ, ਉੱਥੇ ਹੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ। ਜਿਦੇ ਚਲਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਬੱਚੇ ਸੂਬਾ ਪੱਧਰ ਤੇ ਮੈਰਿਟ ਵਿੱਚ ਆ ਰਹੇ ਹਨ। ਅਤੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਵਾਲੇ ਬੱਚਿਆਂ ਦਾ ਭਵਿੱਖ ਉਜਵਲ ਹੋ ਗਿਆ ਹੈ। ਉਹਨਾਂ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਸਮੇਂ ਕੀਤੇ ਗਏ ਸਾਰੇ ਵਾਅਦੇ ਪੂਰੇ ਕਰ ਦਿੱਤੇ ਗਏ ਹਨ। ਜਿਸ ਤੇ ਚਲਦੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਇਤਿਹਾਸਿਕ ਜਿੱਤ ਪ੍ਰਾਪਤ ਕਰਕੇ ਦੁਬਾਰਾ ਸੱਤਾ ਵਿੱਚ ਆਵੇਗੀ ਅਤੇ ਪੰਜਾਬ ਨੂੰ ਦੇਸ਼ ਦਾ ਨੰਬਰ ਇੱਕ ਖੁਸ਼ਹਾਲ ਸੂਬਾ ਬਣਾਏਗੀ। ਇਸ ਮੌਕੇ ਬਲਾਕ ਪ੍ਰਧਾਨ ਅਤੇ ਜਿਲ੍ਹਾ ਪ੍ਰੀਸ਼ਦ ਮੈਂਬਰ ਅਮਨਦੀਪ ਕੌਰ ਖੰਡੇਬਾਦ, ਸਿੰਦਰਪਾਲ ਸਿੰਘ ਖੰਡੇਬਾਦ, ਦਲਵਿੰਦਰ ਸਿੰਘ ਧਾਲੀਵਾਲ, ਕੁਲਵਿੰਦਰ ਸਿੰਘ ਧਾਲੀਵਾਲ ਖੰਡੇਬਾਦ, ਅੰਮ੍ਰਿਤ ਪਾਲ ਕੌਰ ਵਾਈਸ ਚੇਅਰਮੈਨ ਬਲਾਕ ਸੰਮਤੀ ਲਹਿਰਾ ਬਲਾਕ, ਸੁਖਪਾਲ ਸਿੰਘ, ਸਾਬਕਾ ਸਰਪੰਚ ਸੁਖਵੰਤ ਸਿੰਘ ਖੰਡੇਬਾਦ, ਬਿੱਟੂ ਸਿੰਘ ਤੋ ਈਲਾਵਾ ਪਿੰਡ ਨਿਵਾਸੀਆਂ ਦੀਆਂ ਮੁਸ਼ਕਿਲਾਂ ਅਤੇ ਮੰਗਾਂ ਨੂੰ ਵੀ ਸੁਣਿਆ।

ਹਲਕਾ ਇੰਚਾਰਜ ਰਣਜੋਧ ਹਡਾਣਾ ਦੀ ਅਗਵਾਈ ਵਿੱਚ ਪਿੰਡ ਪਠਾਨਮਾਜਰੇ ਵਿਖੇ ਆਪ ਵਿੱਚ ਸੈਂਕੜਿਆਂ ਦੀ ਸ਼ਮੂਲੀਅਤ

ਹਲਕੇ ਵਿੱਚ ਹੋਏ ਰਿਕਾਰਡਤੋੜ ਵਿਕਾਸ ਕਾਰਜਾਂ ਕਰਕੇ ਹੋਈ ਇਸ ਵੱਡੀ ਸ਼ਮੂਲੀਅਤ ਨੇ ਵਿਰੋਧੀਆਂ ਦੀ ਉਡਾਈ ਨੀਂਦ- ਹਡਾਣਾ

ਸਨੌਰ/ਦੇਵੀਗੜ੍ਹ, 26 ਮਈ (ਰਾਜਿੰਦਰ ਸਿੰਘ ਥਿੰਦ) ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਹਲਕੇ ਵਿੱਚ ਕਰਵਾਏ ਜਾ ਰਹੇ ਰਿਕਾਰਡਤੋੜ ਵਿਕਾਸ ਕਾਰਜਾਂ ਸਦਕਾ ਅੱਜ ਹਲਕਾ ਸਨੌਰ ਦੇ ਪਿੰਡ ਪਠਾਨਮਾਜਰਾ ਵਿਖੇ ਆਮ ਆਦਮੀ ਪਾਰਟੀ ਨੂੰ [illegible] ਪਠਾਨਮਾਜਰਾ ਦੇ ਆਗੂ ਪ੍ਰਿਥੀਰਾਜ ਦੀ ਪ੍ਰੇਰਨਾ ਅਤੇ ਅਗਵਾਈ ਹੇਠ ਪਿੰਡ ਦੇ ਕਈ ਪ੍ਰਮੁੱਖ ਪਰਿਵਾਰਾਂ, ਨੌਜਵਾਨਾਂ ਅਤੇ [illegible] ਮਾਣ-ਸਤਿਕਾਰ ਦਿੱਤਾ ਜਾਵੇਗਾ। ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ [illegible] ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਠਾਨਮਾਜਰੇ ਵਿਖੇ ਹੋਈ ਇਹ ਵੱਡੀ ਜੁਆਇਨਿੰਗ ਸਾਫ਼ ਇਸ਼ਾਰਾ ਕਰਦੀ ਹੈ ਕਿ ਵਿਰੋਧੀ ਪਾਰਟੀਆਂ ਦੇ ਝੂਠੇ ਲਾਰਿਆਂ ਦਾ ਸਨੌਰ ਖੇਤਰ ਵਿੱਚੋਂ ਪੂਰੀ ਤਰ੍ਹਾਂ ਸਫ਼ਾਇਆ ਹੋ ਚੁੱਕਾ ਹੈ। ਇਸ ਮੌਕੇ ਆਗੂ ਪ੍ਰਿਥੀਰਾਜ ਅਤੇ @ਆਪ@ ਵਿੱਚ ਸ਼ਾਮਲ [illegible] ਮਿਹਨਤੀ ਵਲੰਟੀਅਰ ਅਤੇ ਪਿੰਡ ਪਠਾਨਮਾਜਰਾ ਦੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ

ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਚੰਗੇ ਨਤੀਜੇ ਸਾਹਮਣੇ ਆਏ - ਡੀ.ਐਸ.ਪੀ. ਸੰਧੂ

ਸਮਾਜ ਵਿਰੋਧੀ ਅਰਸਰਾਂ ਨੂੰ ਨਕੇਲ ਪਾਉਣ ਲਈ ਲੋਕਾਂ ਦਾ ਸਹਿਯੋਗ ਜਰੂਰੀ

ਮੁੱਲਾਂਪੁਰ ਦਾਖਾ 26 ਮਈ =ਤਰਸੇਮ ਸਿੰਘ ਸੇਮੀ= ਸਥਾਨਕ ਗੁਰਮਤਿ ਭਵਨ ਵਿਖੇ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਬ-ਡਵੀਜਨ ਦਾਖਾ ਦੇ ਡੀ.ਐਸ.ਪੀ ਕਰਨ ਸਿੰਘ ਸੰਧੂ ਦੀ ਅਗੁਵਾਈ ਹੇਠ ਪੁਲਿਸ ਅਤੇ ਜਨਤਾ ਵਿਚਕਾਰ ਤਾਲਮੇਲ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵੱਡੀ ਗਿਣਤੀ ਸ਼ਾਮਲ ਇਲਾਕਾ ਨਿਵਾਸੀ ਮੋਹਤਵਰਾਂ ਦੀ ਵੱਡੀ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਡੀ.ਐਸ.ਪੀ. ਕਰਨ ਸੰਧੂ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਚੰਗੇ ਅਤੇ ਉਸਾਰੂ ਨਤੀਜੇ ਸਾਹਮਣੇ ਆਏ ਹਨ। ਜਿਸ ਦੇ ਤਹਿਤ ਪੁਲਿਸ ਪ੍ਰਸ਼ਾਸਨ ਵੱਲੋਂ ਵੱਡੀ ਪੱਧਰ 'ਤੇ ਅਜਿਹੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਮੁਹਿੰਮ ਵਿੱਢ ਕੇ ਵੱਡੀਆਂ ਕਾਰਵਾਈਆਂ ਕੀਤੀਆਂ ਗਈਆਂ ਹਨ, ਜਿਸ ਨਾਲ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ ਨੂੰ ਕਾਫੀ ਹੱਦ ਤੱਕ ਠੱਲ ਪਈ ਹੈ ਅਤੇ ਪੰਜਾਬ ਦੇ ਸਿਰੋਂ ਇਹ ਭੈੜੀ ਅਲਾਮਤ ਲਾਹ ਕੇ ਹੀ ਦਮ ਲਵਾਂਗੇ । ਡੀ.ਐਸ.ਪੀ ਦਾਖਾ ਨੇ ਕਿਹਾ ਕਿ ਭੈੜੇ ਅਨਸਰਾਂ ਖਿਲਾਫ ਕਾਰਵਾਈ ਲਈ ਲੋਕ ਜੇਕਰ ਸਹੀ ਜਾਣਕਾਰੀ ਮੁਹੱਈਆ ਕਰਵਾਉਣ ਤਾਂ ਪੁਲਿਸ ਤੁਰੰਤ ਕਾਰਵਾਈ ਕਰੇਗੀ । ਉਹਨਾਂ ਇਹ ਵੀ ਕਿਹਾ ਕਿ ਜਿਹੜੇ ਨੌਜਵਾਨ ਨਸ਼ੇੜੀ ਜਾਂ ਆਦੀ ਨਹੀਂ ਸਗੋਂ ਨਸ਼ੇ ਦੇ ਮਰੀਜ਼ ਹੁੰਦੇ ਹਨ, ਉਹ ਪੁਲਿਸ ਪ੍ਰਸ਼ਾਸਨ ਤੋਂ ਇਲਾਜ ਲਈ ਸਹਾਇਤਾ ਲੈ ਸਕਦੇ ਹਨ। ਉਹਨਾਂ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਸੋਸ਼ਲ ਮੀਡੀਆ ਨਸ਼ੇ ਦੇ ਸੁਦਾਗਰਾਂ ਲਈ ਇੱਕ ਵੱਡਾ ਪਲੇਟਫਾਰਮ ਬਣ ਚੁੱਕਾ ਹੈ, ਇਸ ਲਈ ਉਹ ਆਪਣੇ ਬੱਚਿਆਂ ਦੇ ਘਰ ਆਉਣ 'ਤੇ ਉਹਨਾਂ ਦੇ ਮੋਬਾਇਲ ਫੋਨ ਜਰੂਰ ਚੈੱਕ ਕਰਨ, ਕਿਤੇ ਉਹ ਕਿਸੇ ਨਸ਼ੇੜੀ ਜਾਂ ਕਿਸੇ ਹੋਰ ਗਲਤ ਅਨਸਰਾਂ ਦੇ ਸੰਪਰਕ ਵਿੱਚ ਤਾਂ ਨਹੀਂ ਹਨ। ਸੰਧੂ ਨੇ ਕਿਹਾ ਕਿ ਜੇਕਰ ਕੋਈ ਵਿਅਕਤੀ ਕਿਸੇ ਨੂੰ ਹਥਿਆਰ ਦੀ ਨੋਕ 'ਤੇ ਡਰਾ ਧਮਕਾ ਰਿਹਾ ਹੈ, ਤਾਂ ਉਸਦੀ ਜਾਣਕਾਰੀ ਪੁਲਿਸ ਦੇ ਹੈਲਪ ਨੰਬਰ 9394693946 'ਤੇ ਦਿੱਤੀ ਜਾ ਸਕਦੀ ਹੈ ਅਤੇ ਨਸ਼ੇ ਦੇ ਸੁਦਾਗਰਾਂ ਦੀ ਸੂਚਨਾ ਦੇਣ ਵਾਲੇ ਦੀ ਪਛਾਣ ਗੁਪਤ ਰੱਖੀ ਜਾਵੇਗੀ। ਡੀ.ਐਸ.ਪੀ. ਕਰਨ ਸੰਧੂ ਨੇ ਕਿਹਾ ਕਿ ਇਸ ਮੀਟਿੰਗ ਦਾ ਮਕਸਦ ਲੋਕਾਂ ਨੂੰ ਨਸ਼ਿਆਂ ਅਤੇ ਸਮਾਜ ਵਿਰੋਧੀ ਕਾਰਵਾਈਆਂ ਪ੍ਰਤੀ ਜਾਗਰੂਕ ਕਰਨਾ ਹੈ, ਤਾਂ ਜੋ ਪੁਲਿਸ ਵਿੱਚ ਲੋਕਾਂ ਦਾ ਵਿਸ਼ਵਾਸ ਵੱਧ ਸਕੇ ਅਤੇ ਚੰਗਾ ਮਾਹੌਲ ਸਿਰਜਿਆ ਜਾ ਸਕੇ, ਜਿਸ ਲਈ ਲੋਕਾਂ ਦਾ ਸਹਿਯੋਗ ਜ਼ਰੂਰੀ ਹੈ। ਉਹਨਾਂ ਜਨਤਾ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਕਿਹਾ ਕਿ ਜਦੋਂ ਵੀ ਪੁਲਿਸ ਪ੍ਰਸ਼ਾਸਨ ਕਿਸੇ ਨਸ਼ਾ ਤਸਕਰ ਨੂੰ ਕਾਬੂ ਕਰਕੇ ਜੇਲ੍ਹ ਡੱਕਦਾ ਹੈ ਤਾਂ ਉਸਦੇ ਜਮਾਨਤ ਦੇਣ ਵਾਲੇ ਵੀ ਲੋਕ ਹੀ ਹੁੰਦੇ ਹਨ, ਇਸ ਗਲ ਦਾ ਧਿਆਨ ਰੱਖਿਆ ਜਾਵੇ ਕਿ ਜਿਹੜਾ ਵਿਅਕਤੀ ਨਸ਼ਾ ਤਸਕਰ ਦੀ ਜਮਾਨਤ ਦਿੰਦਾ ਹੈ , ਉਹ ਨਸ਼ਾ ਤਸਕਰ ਨੂੰ ਅਗਾਊਂ ਮੁੱਖ ਧਾਰਾ ਵਿੱਚ ਲਿਆਉਣ ਲਈ ਜਰੂਰ ਪ੍ਰੇਰਿਤ ਕਰੇ ਅਤੇ ਕਿਸੇ ਵੀ ਨਸ਼ਾ ਤਸਕਰ ਦੀ ਵਾਰ ਵਾਰ ਜਮਾਨਤ ਦੇਣ ਤੋਂ ਗੁਰੇਜ ਕਰੇ। ਇਸ ਮੌਕੇ ਮੀਟਿੰਗ ਦੌਰਾਨ ਡਾ. ਗੁਰਪ੍ਰੀਤ ਸਿੰਘ ਦਿਓਲ, ਡਾ. ਰੂਹੀ ਦਿਓਲ, ਸਿਕੰਦਰ ਸਿੰਘ ਧਨੋਆ, ਧੰਨਾ ਸਿੰਘ ਅਤੇ ਮਲਕੀਤ ਸਿੰਘ ਭੱਟੀਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ।

ਤਿੱਖੀ ਗਰਮੀ ਦੇ ਬਾਵਜੂਦ ਨਗਰ ਕੌਂਸਲ ਚੋਣਾਂ ਲਈ ਵੋਟਰਾਂ ਵਿੱਚ ਦਿਖਿਆ ਉਤਸ਼ਾਹ

• ਧੁੱਪ ਵਿੱਚ ਖੜੇ ਆਪਣੀ ਵਾਰੀ ਦਾ ਇੰਤਜ਼ਾਰ ਕਰਦੇ ਨਜ਼ਰ ਆਏ ਵੋਟਰ

ਦੋਦਾ, 26 ਮਈ (ਮਨਜੀਤ ਸਿੱਧੂ)- ਜ਼ਿਲ੍ਹੇ ਦੀਆਂ ਤਿੰਨ ਨਗਰ ਕੌਂਸਲਾਂ ਸ਼੍ਰੀ ਮੁਕਤਸਰ ਸਾਹਿਬ, ਮਲੋਟ ਅਤੇ ਗਿੱਦੜਬਾਹਾ ਵਿੱਚ ਕੌਂਸਲਰ ਅਹੁਦਿਆਂ ਲਈ ਵੋਟਿੰਗ ਸਵੇਰੇ 8 ਵਜੇ ਸ਼ੁਰੂ ਹੋਈ ਜੋ ਸ਼ਾਮ 5 ਵਜੇ ਤੱਕ ਜਾਰੀ ਰਹੀ। ਚੋਣਾਂ ਨੂੰ ਲੈ ਕੇ ਵੋਟਰਾਂ ਵਿੱਚ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਲੋਕ ਸਵੇਰੇ 7:30 ਵਜੇ ਤੋਂ ਹੀ ਪੋਲਿੰਗ ਬੂਥਾਂ 'ਤੇ ਪਹੁੰਚਣੇ ਸ਼ੁਰੂ ਹੋ ਗਏ ਸਨ। ਜ਼ਿਲ੍ਹੇ ਭਰ ਵਿੱਚ ਕੁੱਲ 187 ਪੋਲਿੰਗ ਬੂਥ ਬਣਾਏ ਗਏ ਸਨ ਜਿੱਥੇ ਸੀਸੀਟੀਵੀ ਨਿਗਰਾਨੀ ਹੇਠ ਵੋਟਿੰਗ ਪ੍ਰਕਿਰਿਆ ਕਰਵਾਈ ਗਈ। ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਅਨੁਸਾਰ ਸ਼੍ਰੀ ਮੁਕਤਸਰ ਸਾਹਿਬ ਦੇ 31 ਵਾਰਡਾਂ ਵਿੱਚ 85 ਬੂਥ, ਗਿੱਦੜਬਾਹਾ ਦੇ 19 ਵਾਰਡਾਂ ਵਿੱਚ 41 ਬੂਥ ਅਤੇ ਮਲੋਟ ਦੇ 27 ਵਾਰਡਾਂ ਵਿੱਚ 61 ਬੂਥ ਸਥਾਪਤ ਕੀਤੇ ਗਏ ਸਨ। ਚੋਣ ਮੈਦਾਨ ਵਿੱਚ ਕੁੱਲ 436 ਉਮੀਦਵਾਰ ਸਨ। ਸੁਰੱਖਿਆ ਦੇ ਮੱਦੇਨਜ਼ਰ ਲਗਭਗ 1500 ਪੁਲਿਸ ਅਧਿਕਾਰੀ ਅਤੇ ਕਰਮਚਾਰੀ ਤਾਇਨਾਤ ਕੀਤੇ ਗਏ ਸਨ। ਰਾਜ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਸਾਰੇ ਬੂਥਾਂ 'ਤੇ ਕੈਮਰੇ ਲਗਾ ਕੇ ਵੋਟਿੰਗ ਦੀ ਵੀਡੀਓਗ੍ਰਾਫੀ ਵੀ ਕੀਤੀ ਗਈ। ਜਾਣਕਾਰੀ ਮੁਤਾਬਿਕ ਸ਼੍ਰੀ ਮੁਕਤਸਰ ਸਾਹਿਬ ਦੇ 85 ਬੂਥਾਂ 'ਤੇ ਕਰੀਬ 55 ਤੋਂ 60 ਫੀਸਦੀ ਤੱਕ ਵੋਟਿੰਗ ਦਰਜ ਕੀਤੀ ਗਈ। ਹਾਲਾਂਕਿ ਵੱਧ ਰਹੀ ਗਰਮੀ ਅਤੇ ਤਾਪਮਾਨ ਕਾਰਨ ਕਈ ਥਾਵਾਂ 'ਤੇ ਲੋਕ ਘੱਟ ਗਿਣਤੀ ਵਿੱਚ ਘਰਾਂ ਤੋਂ ਬਾਹਰ ਨਿਕਲਦੇ ਨਜ਼ਰ ਆਏ। ਕੁਝ ਬੂਥਾਂ 'ਤੇ ਪ੍ਰਸ਼ਾਸਨ ਵੱਲੋਂ ਵੋਟਰਾਂ ਲਈ ਬੈਠਣ ਅਤੇ ਛਾਂ ਦੇ ਪ੍ਰਬੰਧਾਂ ਦੀ ਕਮੀ ਵੀ ਮਹਿਸੂਸ ਕੀਤੀ ਗਈ। ਗੁਰੂ ਨਾਨਕ ਕਾਲਜ ਵਿੱਚ ਬਣੇ ਬੂਥਾਂ 'ਤੇ ਕਈ ਵੋਟਰ ਤਿੱਖੀ ਧੁੱਪ ਵਿੱਚ ਖੜ੍ਹੇ ਹੋ ਕੇ ਆਪਣੀ ਵਾਰੀ ਦੀ ਉਡੀਕ ਕਰਦੇ ਦਿਖਾਈ ਦਿੱਤੇ।

ਦਸ ਸਾਲ ਬਾਅਦ ਮਿਲਿਆ ਲੋਕਾਂ ਨੂੰ ਵੋਟ ਪਾਉਣ ਦਾ ਮੌਕਾ

ਜ਼ੀਰਾ 26 ਮਈ (ਜਸਵੰਤ ਗੋਗੀਆ) ਇਲੈਕਸ਼ਨ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਅੱਜ ਪੰਜਾਬ ਅੰਦਰ ਲੋਕਲ ਬਾਡੀ ਦੀਆਂ ਹੋ ਰਹੀਆਂ ਚੋਣਾਂ ਲਈ ਵੋਟਿੰਗ ਪ੍ਰਕਿਰਿਆ ਅੱਜ ਸਵੇਰ ਤੋਂ ਚੱਲ ਰਹੀ ਸੀ ਜਿਸ ਤਹਿਤ ਜ਼ੀਰਾ ਦੀ ਨਗਰ ਕੌਂਸਲ ਲਈ 17 ਵਾਰਡਾਂ ਵਿਚ ਕੁਲ 87 ਉਮੀਦਵਾਰ ਆਪਣੀ ਕਿਸਮਤ ਅਜਮਾ ਰਹੇ ਹਨ। ਜਿਸ ਸਬੰਧੀ ਅੱਜ ਸਵੇਰ ਤੋਂ ਹੀ ਲੋਕ ਅੱਤ ਦੀ ਗਰਮੀ ਵਿੱਚ ਵੀ ਘਰਾਂ ਤੋਂ ਨਿਕਲ ਕੇ ਪੋਲਿੰਗ ਬੂਥਾਂ ਤੱਕ ਪਹੁੰਚੇ ਅਤੇ ਲੰਬੀਆਂ ਲਾਈਨਾਂ ਦੇ ਵਿੱਚ ਲੱਗ ਕੇ ਆਪਣੀ ਵੋਟ ਅਧਿਕਾਰ ਦਾ ਇਸਤੇਮਾਲ ਕੀਤਾ। ਲੋਕਾਂ ਵਿੱਚ ਆਪੋ ਆਪਣੇ ਉਮੀਦਵਾਰ ਲਈ ਵੋਟਾਂ ਪਾਉਣ ਦਾ ਉਤਸ਼ਾਹ ਵੇਖਣ ਨੂੰ ਮਿਲਿਆ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵੋਟਰਾਂ ਨੇ ਕਿਹਾ ਕਿ ਉਹ ਅੱਜ ਬੜੇ ਖੁਸ਼ ਹਨ ਕਿ ਉਹ ਆਪਣੇ ਆਪਣੇ ਉਮੀਦਵਾਰਾਂ ਦੇ ਹੱਕ ਵਿੱਚ ਵੋਟ ਪਾਉਣ ਲਈ ਪੋਲਿੰਗ ਬੂਥਾ ਤੱਕ ਪਹੁੰਚੇ ਹਨ ਉਹਨਾਂ ਕਿਹਾ ਕਿ ਉਹਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਲੋਕਤੰਤਰ ਦਾ ਘਾਣ ਕਰਕੇ ਉਹਨਾਂ ਤੋਂ ਵੋਟ ਪਾਉਣ ਦਾ ਅਧਿਕਾਰ ਖੋਹ ਲਿਆ ਗਿਆ ਸੀ। ਵੋਟਰਾਂ ਨੇ ਕਿਹਾ ਉਹਨਾਂ ਨੂੰ ਖੁਸ਼ੀ ਹੈ ਕਿ ਘੱਟੋ ਘੱਟ 10 ਸਾਲ ਬਾਅਦ ਉਹਨਾਂ ਨੂੰ ਆਪਣਾ ਲੋਕਤੰਤਰ ਅਧਿਕਾਰ ਇਸਤੇਮਾਲ ਕਰਨ ਦਾ ਮੌਕਾ ਮਿਲਿਆ ਹੈ। ਮੌਕੇ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਪ੍ਰਸ਼ਾਸਨ ਵੱਲੋਂ ਕੀਤੇ ਗਏ ਪੁਖਤਾ ਪ੍ਰਬੰਧਾਂ ਦੀ ਘਾਟ ਨਜ਼ਰ ਆਈ ਜਦੋਂ ਇਸ ਸਬੰਧੀ ਐਸਡੀਐਮ ਜ਼ੀਰਾ ਲੱਛਮਣ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਉਹ ਪ੍ਰਸ਼ਾਸਨ ਵੱਲੋਂ ਪੂਰੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਪਰ ਜ਼ਿਆਦਾਤਰ ਬੂਥਾਂ ਤੇ ਪ੍ਰਬੰਧਾਂ ਦੀ ਘਾਟ ਨਜ਼ਰ ਆਈ ਜਿਵੇਂ ਪੀਣ ਵਾਲਾ ਪਾਣੀ ਅਤੇ ਟੈਂਟ ਨਹੀਂ ਲੱਗਿਆ ਲੋਕ ਗਰਮੀ ਵਿੱਚ ਲੰਬੀਆਂ ਲਾਈਨਾਂ ਵਿੱਚ ਖੜੇ ਰਹੇ ਅਤੇ ਬਹੁਤੇ ਬੂਥਾਂ ਤੇ ਕੋਈ ਪੱਖਾ ਵਗੈਰਾ ਵੀ ਲੋਕਾਂ ਲਈ ਨਹੀਂ ਲਗਾਇਆ ਗਿਆ। ਇਸ ਮੌਕੇ ਪੁਲਿਸ ਪ੍ਰਸ਼ਾਸਨ ਪੂਰਾ ਮੁਸ਼ਤੈਦ ਰਿਹਾ ਅਤੇ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਅਣਸੁਖਾਵੀ ਵੀ ਘਟਨਾ ਨਹੀਂ ਵਾਪਰੀ ਅਤੇ ਇਹ ਪੋਲਿੰਗ ਵੋਟਿੰਗ ਪ੍ਰਕਿਰਿਆ ਪੂਰੀ ਅਮਨ ਸ਼ਾਂਤੀ ਦੇ ਨਾਲ ਨੇਪਰੇ ਚੜੀ। ਸ਼ਾਮ 5 ਵੱਜੇ ਤੱਕ ਪੋਲਿੰਗ ਦਰ 58.82% ਰਹੀ।

ਫਿਰੋਜ਼ਪੁਰ ਵਿੱਚ ਵੋਟਰਾਂ ਨੂੰ ਆਈਆਂ ਮੁਸ਼ਕਲਾਂ, ਪੋਲਿੰਗ ਬੂਥਾਂ 'ਤੇ ਬੁਨਿਆਦੀ ਸੁਵਿਧਾਵਾਂ ਦੀ ਘਾਟ

ਫਿਰੋਜ਼ਪੁਰ, 26 ਮਈ (ਪਰੇਸ਼ ਕੁਮਾਰ ਡਿੰਪੀ) ਪੂਰੇ ਪੰਜਾਬ ਵਿੱਚ ਨਗਰ ਕੌਂਸਲ ਅਤੇ ਪੰਚਾਇਤੀ ਚੋਣਾਂ ਲਈ ਅੱਜ ਵੋਟਿੰਗ ਪ੍ਰਕਿਰਿਆ ਚੱਲ ਰਹੀ ਹੈ। ਲੋਕਤੰਤਰ ਦੇ ਇਸ ਮਹਾਂਉਤਸਵ ਵਿੱਚ ਵੋਟਰ ਵੱਡੀ ਗਿਣਤੀ ਵਿੱਚ ਆਪਣੇ ਮਤਾਧਿਕਾਰ ਦਾ ਪ੍ਰਯੋਗ ਕਰਨ ਲਈ ਪੋਲਿੰਗ ਬੂਥਾਂ 'ਤੇ ਪਹੁੰਚ ਰਹੇ ਹਨ। ਪਰੰਤੂ ਫਿਰੋਜ਼ਪੁਰ ਸ਼ਹਿਰ ਦੀਆਂ ਕਈ ਥਾਵਾਂ 'ਤੇ ਵੋਟਰਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋੜੀਂਦੀਆਂ ਬੁਨਿਆਦੀ ਸੁਵਿਧਾਵਾਂ ਨਾ ਮਿਲਣ ਕਾਰਨ ਕਾਫੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ। ਵੋਟਰਾਂ ਦਾ ਕਹਿਣਾ ਹੈ ਕਿ ਕਈ ਪੋਲਿੰਗ ਬੂਥਾਂ 'ਤੇ ਸਾਫ਼-ਸੁਥਰੇ ਅਤੇ ਸੁਰੱਖਿਅਤ ਪ੍ਰਬੰਧਾਂ ਦੀ ਕਮੀ ਦੇਖਣ ਨੂੰ ਮਿਲੀ। ਪੀਣ ਵਾਲੇ ਪਾਣੀ, ਬੈਠਣ ਦੀ ਵਿਵਸਥਾ ਅਤੇ ਸ਼ੌਚਾਲਿਆਂ ਦੀ ਉਚਿਤ ਸਹੂਲਤ ਨਾ ਹੋਣ ਕਾਰਨ ਖ਼ਾਸ ਕਰਕੇ ਬਜ਼ੁਰਗਾਂ, ਮਹਿਲਾਵਾਂ ਅਤੇ ਦਿਵਿਆਂਗ ਵਿਅਕਤੀਆਂ ਨੂੰ ਦਿਕ ?ਤਾਂ ਆਈਆਂ। ਕਈ ਕੇਂਦਰਾਂ 'ਤੇ ਬਿਜਲੀ ਅਤੇ ਪੱਖਿਆਂ ਦਾ ਵੀ ਢੰਗ ਨਾਲ ਪ੍ਰਬੰਧ ਨਹੀਂ ਸੀ, ਜਿਸ ਕਰਕੇ ਗਰਮੀ ਵਿੱਚ ਲੋਕਾਂ ਨੂੰ ਲੰਬੇ ਸਮੇਂ ਤੱਕ ਉਡੀਕ ਕਰਨੀ ਪਈ। ਇਸ ਤੋਂ ਇਲਾਵਾ ਦਿਵਿਆਂਗ ਅਤੇ ਬਜ਼ੁਰਗ ਵੋਟਰਾਂ ਲਈ ਰੈਂਪ ਅਤੇ ਵੀਲਚੇਅਰ ਵਰਗੀਆਂ ਜ਼ਰੂਰੀ ਸਹੂਲਤਾਂ ਦੀ ਘਾਟ ਵੀ ਸਾਹਮਣੇ ਆਈ। ਮਹਿਲਾਵਾਂ ਲਈ ਵੱਖਰੀ ਕਤਾਰ ਅਤੇ ਜ਼ਰੂਰਤ ਪੈਣ 'ਤੇ ਸਹਾਇਤਾ ਕਰਮਚਾਰੀਆਂ ਦੀ ਉਪਲਬਧਤਾ ਵੀ ਕਈ ਥਾਵਾਂ 'ਤੇ ਨਜ਼ਰ ਨਹੀਂ ਆਈ। ਟ੍ਰੈਫਿਕ ਅਤੇ ਪਾਰਕਿੰਗ ਪ੍ਰਬੰਧ ਵੀ ਕਈ ਇਲਾਕਿਆਂ ਵਿੱਚ ਅਧੂਰੇ ਦਿਖਾਈ ਦਿੱਤੇ। ਵੋਟਿੰਗ ਕੇਂਦਰਾਂ ਨੇੜੇ ਟ੍ਰੈਫਿਕ ਕੰਟਰੋਲ ਅਤੇ ਵਾਹਨਾਂ ਦੀ ਪਾਰਕਿੰਗ ਲਈ ਯੋਗ ਪ੍ਰਬੰਧ ਨਾ ਹੋਣ ਕਾਰਨ ਆਵਾਜਾਈ ਪ੍ਰਭਾਵਿਤ ਰਹੀ।ਸਿਹਤ ਅਤੇ ਐਮਰਜੈਂਸੀ ਸਹੂਲਤਾਂ ਦੇ ਮਾਮਲੇ ਵਿੱਚ ਵੀ ਪ੍ਰਸ਼ਾਸਨ ਦੀ ਤਿਆਰੀ ਨਾਕਾਫ਼ੀ ਦਿਖੀ। ਕਈ ਬੂਥਾਂ 'ਤੇ ਫਸਟ ਏਡ, ਮੈਡੀਕਲ ਟੀਮ ਅਤੇ ਐਮਰਜੈਂਸੀ ਵਾਹਨ ਦੀ ਉਪਲਬਧਤਾ ਨਹੀਂ ਦੇਖਣ ਨੂੰ ਮਿਲੀ। ਸ਼ਹਿਰ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਚੋਣ ਅਧਿਕਾਰੀਆਂ ਕੋਲ ਮੰਗ ਕੀਤੀ ਹੈ ਕਿ ਲੋਕਤੰਤਰਕ ਪ੍ਰਕਿਰਿਆ ਨੂੰ ਸੁਚੱਜੇ ਅਤੇ ਨਿਰਪੱਖ ਢੰਗ ਨਾਲ ਕਰਵਾਉਣ ਲਈ ਹਰ ਪੋਲਿੰਗ ਬੂਥ 'ਤੇ ਬੁਨਿਆਦੀ ਸੁਵਿਧਾਵਾਂ ਯਕੀਨੀ ਬਣਾਈਆਂ ਜਾਣ ਤਾਂ ਜੋ ਹਰ ਵੋਟਰ ਬਿਨਾਂ ਕਿਸੇ ਪਰੇਸ਼ਾਨੀ ਦੇ ਆਪਣੇ ਮਤਾਧਿਕਾਰ ਦਾ ਪ੍ਰਯੋਗ ਕਰ ਸਕੇ।

ਪ੍ਰੇਮ ਅੱਖਾਂ ਦਾ ਅਤੇ ਜਨਾਨਾ ਰੋਗਾਂ ਦਾ ਹਸਪਤਾਲ ਬਰਨਾਲਾ ਵੱਲੋਂ ਅੱਖਾਂ ਦਾ ਮੁਫ਼ਤ ਚੈਕਅੱਪ ਅਤੇ ਆਪਰੇਸ਼ਨ ਕੈਂਪ ਲਗਾਇਆ ਗਿਆ

ਮਹਿਲਾ ਕਲਾਂ 26 ਮਈ (ਅਵਤਾਰ ਸਿੰਘ ਫਰਵਾਹੀ) ਕੈਂਪ ਦੌਰਾਨ ਇਲਾਕੇ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਲਾਭ ਪ੍ਰਾਪਤ ਕੀਤਾ। ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾਕਟਰ ਡਾ. ਰੁਪੇਸ਼ ਸਿੰਘਲਾ ਅਤੇ ਉਨ੍ਹਾਂ ਦੀ ਟੀਮ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦਾ ਮੁਫ਼ਤ ਚੈਕਅੱਪ ਕੀਤਾ ਗਿਆ। ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਅੱਖਾਂ ਦੀਆਂ ਦਵਾਈਆਂ ਅਤੇ ਐਨਕਾਂ ਵੀ ਮੁਫ਼ਤ ਵੰਡੀਆਂ ਗਈਆਂ। ਡਾਕਟਰਾਂ ਦੀ ਟੀਮ ਵੱਲੋਂ ਲਗਭਗ 250 ਮਰੀਜ਼ਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 35 ਮਰੀਜ਼ਾਂ ਨੂੰ ਚਿੱਟੇ ਮੋਤੀਏ ਦੇ ਆਪਰੇਸ਼ਨ ਲਈ ਚੁਣਿਆ ਗਿਆ। ਕੈਂਪ ਦੌਰਾਨ ਮਰੀਜ਼ਾਂ ਨੂੰ ਅੱਖਾਂ ਦੀ ਸੰਭਾਲ ਅਤੇ ਸਮੇਂ-ਸਿਰ ਇਲਾਜ ਸੰਬੰਧੀ ਜਾਗਰੂਕ ਵੀ ਕੀਤਾ ਗਿਆ। ਇਸ ਮੌਕੇ ਸ਼ਿਵ ਮੰਦਿਰ ਮਹਿਲ ਕਲਾਂ ਕਮੇਟੀ ,ਦਾ ਵਿਸ਼ੇਸ਼ ਸਹਿਯੋਗ ਰਿਹਾ ਪ੍ਰੇਮ ਅੱਖਾਂ ਅਤੇ ਜਨਾਨਾ ਰੋਗਾਂ ਦਾ ਹਸਪਤਾਲ ਬਰਨਾਲਾ ਦੇ ਪ੍ਰਬੰਧਕ ਡਾਕਟਰ ਰੁਪੇਸ਼ ਸਿੰਘਲਾ ਨੇ ਕਿਹਾ ਕਿ ਸਮਾਜ ਸੇਵਾ ਦੇ ਉਦੇਸ਼ ਨਾਲ ਇਸ ਤਰ੍ਹਾਂ ਦੇ ਮੁਫ਼ਤ ਮੈਡੀਕਲ ਕੈਂਪ ਲਗਾਤਾਰ ਲਗਾਏ ਜਾਂਦੇ ਰਹਿਣਗੇ ਤਾਂ ਜੋ ਲੋੜਵੰਦ ਅਤੇ ਗਰੀਬ ਮਰੀਜ਼ ਸਮੇਂ ਸਿਰ ਆਪਣਾ ਇਲਾਜ ਕਰਵਾ ਸਕਣ। ਉਨ੍ਹਾਂ ਕਿਹਾ ਕਿ ਅੱਖਾਂ ਦੀਆਂ ਬਿਮਾਰੀਆਂ ਨੂੰ ਅਣਡਿੱਠਾ ਨਹੀਂ ਕਰਨਾ ਚਾਹੀਦਾ ਅਤੇ ਸਮੇਂ-ਸਮੇਂ 'ਤੇ ਅੱਖਾਂ ਦੀ ਜਾਂਚ ਕਰਵਾਉਣੀ ਬਹੁਤ ਜ਼ਰੂਰੀ ਹ

ਜ਼ਰੂਰੀ ਮੁਰੰਮਤ ਕਾਰਨ ਢਿਲਵਾਂ ਰੇਲਵੇ ਫਾਟਕ 27 ਤੋਂ 29 ਮਈ ਤੱਕ ਰਹੇਗਾ ਬੰਦ

ਢਿੱਲਵਾਂ, 26 ਮਈ (ਹਰਜਿੰਦਰ ਸਿੰਘ ਢਿੱਲਵਾਂ) ਰੇਲਵੇ ਵਿਭਾਗ ਵੱਲੋਂ ਫਾਟਕ ਦੀ ਜ਼ਰੂਰੀ ਮੁਰੰਮਤ ਦੇ ਕੰਮ ਨੂੰ ਮੁੱਖ ਰੱਖਦਿਆਂ ਢਿੱਲਵਾਂ ਰੇਲਵੇ ਫਾਟਕ ਨੰਬਰ ਐਸ-48 ਨੂੰ ਆਵਾਜਾਈ ਲਈ ਕੁਝ ਸਮੇਂ ਵਾਸਤੇ ਬੰਦ ਰੱਖਣ ਦਾ ਐਲਾਨ ਕੀਤਾ ਗਿਆ ਹੈ । ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਭਾਸ਼ ਲਾਲ ਪੀ.ਡਬਲਯੂ.ਆਈ. ਬਿਆਸ ਨੇ ਦੱਸਿਆ ਕਿ ਤਕਨੀਕੀ ਮੁਰੰਮਤ ਕਾਰਨ ਇਹ ਫਾਟਕ 27 ਮਈ ਰਾਤ 9 ਵਜੇ ਤੋਂ ਲੈ ਕੇ 29 ਮਈ ਸਵੇਰੇ 8 ਵਜੇ ਤੱਕ ਹਰ ਤਰ੍ਹਾਂ ਦੀ ਆਵਾਜਾਈ ਲਈ ਮੁਕੰਮਲ ਰੂਪ ਵਿੱਚ ਬੰਦ ਰਹੇਗਾ । ਰੇਲਵੇ ਅਧਿਕਾਰੀਆਂ ਨੇ ਆਮ ਜਨਤਾ ਅਤੇ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਹੈ ਕਿ ਫਾਟਕ ਬੰਦ ਹੋਣ ਦੌਰਾਨ ਕਿਸੇ ਵੀ ਤਰ੍ਹਾਂ ਦੀ ਖੱਜਲ-ਖੁਆਰੀ ਤੋਂ ਬਚਣ ਲਈ ਬਦਲਵੇਂ ਰਸਤਿਆਂ ਦੀ ਵਰਤੋਂ ਕੀਤੀ ਜਾਵੇ ਤਾਂ ਜੋ ਮੁਰੰਮਤ ਦਾ ਕੰਮ ਨਿਰਵਿਘਨ ਨੇਪਰੇ ਚੜ੍ਹ ਸਕੇ ।

ਪਟਿਆਲਾ ਜ਼ਿਲ੍ਹੇ 'ਚ ਰਾਜਪੁਰਾ, ਨਾਭਾ, ਸਮਾਣਾ ਤੇ ਪਾਤੜਾਂ ਨਗਰ ਕੌਂਸਲਾਂ ਦੀਆਂ ਆਮ ਚੋਣਾਂ ਲਈ 61.10 ਫ਼ੀਸਦੀ ਵੋਟਾਂ ਦਾ ਭੁਗਤਾਨ- ਦਮਨਜੀਤ ਸਿੰਘ ਮਾਨ

ਪਟਿਆਲਾ, 26 ਮਈ(ਰਜਿੰਦਰ ਸਿੰਘ ਥਿੰਦ) ਜ਼ਿਲ੍ਹਾ ਪਟਿਆਲਾ 'ਚ ਰਾਜਪੁਰਾ, ਨਾਭਾ, ਸਮਾਣਾ ਤੇ ਪਾਤੜਾਂ ਨਗਰ ਕੌਂਸਲ ਦੀਆਂ ਆਮ ਚੋਣਾਂ ਲਈ ਅੱਜ ਪਈਆਂ ਵੋਟਾਂ ਦੌਰਾਨ 61.02 ਫੀਸਦੀ ਵੋਟਰਾਂ ਨੇ ਆਪਣੀਆਂ ਵੋਟਾਂ ਪਾਈਆਂ ਹਨ। ਇਹ ਪ੍ਰਗਟਾਵਾ ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ) ਅਤੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਦਮਨਜੀਤ ਸਿੰਘ ਮਾਨ ਨੇ ਕੀਤਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਚਾਰੇ ਸ਼ਹਿਰਾਂ ਵਿੱਚ 92 ਵਾਰਡਾਂ ਵਿੱਚ ਕੁਲ 403 ਉਮੀਦਵਾਰ ਚੋਣ ਮੈਦਾਨ ਵਿੱਚ ਸਨ। ਇਨ੍ਹਾਂ 'ਚੋਂ 88 ਵਾਰਡਾਂ ਵਿੱਚ ਅੱਜ ਵੋਟਾਂ ਪਈਆਂ ਹਨ, ਕਿਉਂਕਿ ਪਾਤੜਾਂ ਦੀਆਂ ਚਾਰ ਵਾਰਡਾਂ ਵਿੱਚ ਉਮੀਦਵਾਰ ਬਿਨ੍ਹਾਂ ਮੁਕਾਬਲਾ ਜੇਤੂ ਰਹੇ ਸਨ। ਏ ਡੀ ਸੀ ਨੇ ਦੱਸਿਆ ਕਿ ਇਹਨਾਂ ਚੋਣਾਂ ਲਈ ਕੁੱਲ 228 ਬੂਥ ਸਥਾਪਿਤ ਕੀਤੇ ਗਏ ਸਨ ਅਤੇ ਇਸ ਵਿੱਚ ਤਕਰੀਬਨ 2 ਲੱਖ 15 ਹਜਾਰ ਵੋਟਰ ਵੋਟਾਂ ਪਾਉਣ ਲਈ ਯੋਗ ਸਨ।ਰਾਜਪੁਰਾ ਵਿਖੇ 135 ਉਮੀਦਵਾਰ, ਸਮਾਣਾ ਵਿਖੇ 108, ਨਾਭਾ ਵਿਖੇ 99 ਅਤੇ ਪਾਤੜਾਂ ਵਿਖੇ 61 ਉਮੀਦਵਾਰ ਚੋਣ ਲੜ ਰਹੇ ਸਨ। ਉਨ੍ਹਾਂ ਦੱਸਿਆ ਕਿ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਵੋਟਰਾਂ ਨੇ ਪੂਰੇ ਉਤਸ਼ਾਹ ਨਾਲ ਵੋਟਾਂ ਪਾਈਆਂ ਅਤੇ ਪੂਰਾ ਚੋਣ ਅਮਲ ਅਮਨ-ਅਮਾਨ ਤੇ ਸ਼ਾਂਤੀ ਪੂਰਵਕ ਸਫ਼ਲਤਾ ਨਾਲ ਨੇਪਰੇ ਚੜ੍ਹ ਗਿਆ ਹੈ। ਦਮਨਜੀਤ ਸਿੰਘ ਮਾਨ ਨੇ ਕਿਹਾ ਕਿ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਨਿਗਰਾਨੀ ਅਤੇ ਐਸ.ਐਸ.ਪੀ. ਸ੍ਰੀ ਵਰੁਣ ਸ਼ਰਮਾ ਦੀ ਦੇਖਰੇਖ ਹੇਠ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਇਨ੍ਹਾਂ ਚੋਣਾਂ ਨੂੰ ਨਿਰਪੱਖ, ਸੁਤੰਤਰ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਸਾਰੇ ਪੁਖ਼ਤਾ ਪ੍ਰਬੰਧ ਕੀਤੇ ਗਏ ਸਨ। ਉਨ੍ਹਾਂ ਨੇ ਦੱਸਿਆ ਕਿ ਨਗਰ ਕੌਂਸਲ ਰਾਜਪੁਰਾ ਵਿਖੇ 59.70 ਫੀਸਦੀ ਵੋਟਾਂ ਪਈਆਂ ਹਨ, ਨਾਭਾ ਵਿਖੇ 64.28 ਫੀਸਦੀ, ਸਮਾਣਾ ਵਿਖੇ 55.31 ਫੀਸਦੀ ਅਤੇ ਨਗਰ ਕੌਂਸਲ ਪਾਤੜਾਂ ਵਿਖੇ 65.10 ਫੀਸਦੀ ਵੋਟਾਂ ਦਾ ਭੁਗਤਾਨ ਹੋਇਆ ਹੈ।ਇਸ ਤੋਂ ਬਿਨ੍ਹਾਂ ਸਮਾਣਾ ਨਗਰ ਕੌਂਸਲ ਦੀ ਵਾਰਡ ਨੰਬਰ 3 ਦੀ ਚੋਣ ਦੁਬਾਰਾ ਕਰਵਾਉਣ ਲਈ ਰਾਜ ਚੋਣ ਕਮਿਸ਼ਨ ਨੂੰ ਲਿਖਿਆ ?ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ-ਕਮ-ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹਾ ਪਟਿਆਲਾ ਅਧੀਨ ਮਿਉਂਸਪਲ ਕੌਂਸਲ ਨਾਭਾ ਅਧੀਨ 23 ਵਾਰਡਾਂ ਵਿੱਚ ਐਸ.ਡੀ.ਐਮ ਤੇ ਰਿਟਰਨਿੰਗ ਅਫਸਰ ਅਰਵਿੰਦਪਾਲ ਸਿੰਘ ਸੋਮਲ ਨੇ ਇਹ ਚੋਣ ਕਰਵਾਈ।ਮਿਉਂਸਪਲ ਕੌਂਸਲ ਪਾਤੜਾਂ ਅਧੀਨ 17 ਵਾਰਡਾਂ ਵਿੱਚ ਐਸ.ਡੀ.ਐਮ ਤੇ ਰਿਟਰਨਿੰਗ ਅਫ਼ਸਰ ਕਾਲਾ ਰਾਮ ਕਾਂਸਲ ਨੇ, ਮਿਉਂਸਪਲ ਕੌਂਸਲ ਰਾਜਪੁਰਾ ਅਧੀਨ 31 ਵਾਰਡਾਂ ਵਿੱਚ ਐਸ.ਡੀ.ਐਮ ਤੇ ਰਿਟਰਨਿੰਗ ਅਫ਼ਸਰ ਸੁਖਜਿੰਦਰ ਸਿੰਘ ਟਿਵਾਣਾ ਅਤੇ ਮਿਉਂਸਪਲ ਕਾਉਂਸਲ ਸਮਾਣਾ ਅਧੀਨ 21 ਵਾਰਡਾਂ ਵਿੱਚ ਕਾਰਜਕਾਰੀ ਇੰਜੀਨੀਅਰ ਜਲ ਸਪਲਾਈ ਅਤੇ ਸੈਨੀਟੇਸ਼ਨ ਤੇ ਰਿਟਰਨਿੰਗ ਰਸ਼ਪਿੰਦਰ ਸਿੰਘ ਨੇ ਇਹ ਚੋਣ ਕਰਵਾਈ ਹੈ। ਉਨ੍ਹਾਂ ਕਿਹਾ ਕਿ ਪਾਤੜਾਂ ਵਿਖੇ ਵਾਰਡ ਨੰਬਰ 1, 4, 12 ਅਤੇ 17 ਵਿੱਚ ਉਮੀਦਵਾਰ ਬਿਨ੍ਹਾਂ ਮੁਕਾਬਲਾ ਜੇਤੂ ਰਹੇ ਸਨ। ਦਮਨਜੀਤ ਸਿੰਘ ਮਾਨ ਨੇ ਕਿਹਾ ਕਿ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਚੋਣ ਸ਼ਡਿਊਲ ਦੇ ਅਨੁਸਾਰ, ਇਨ੍ਹਾਂ ਚੋਣਾਂ ਲਈ ਅੱਜ ਪੋਲ ਹੋਈਆਂ ਵੋਟਾਂ ਦੀ ਗਿਣਤੀ 29.05.2026 (ਸ਼ੁੱਕਰਵਾਰ) ਨੂੰ ਗਿਣਤੀ ਕੇਂਦਰਾਂ @ਤੇ ਕੀਤੀ ਜਾਵੇਗੀ।ਨਗਰ ਕੌਂਸਲ ਪਾਤੜਾਂ ਦੀਆਂ ਵੋਟਾਂ ਦੀ ਗਿਣਤੀ ਸਰਕਾਰੀ ਕਿਰਤੀ ਕਾਲਜ ਨਿਆਲ ਵਿਖੇ ਹੋਵੇਗੀ, ਨਾਭਾ ਦੀਆਂ ਵੋਟਾਂ ਦੀ ਗਿਣਤੀ ਸਰਕਾਰੀ ਰਿਪੁਦਮਨ ਕਾਲਜ ਨਾਭਾ ਵਿਖੇ ਕਰਵਾਈ ਜਾਵੇਗੀ, ਸਮਾਣਾ ਨਗਰ ਕੌਂਸਲ ਦੀਆਂ ਵੋਟਾਂ ਦੀ ਗਿਣਤੀ ਪਬਲਿਕ ਕਾਲਜ ਸਮਾਣਾ ਅਤੇ ਰਾਜਪੁਰਾ ਨਗਰ ਕੌਂਸਲ ਦੀਆਂ ਵੋਟਾਂ ਦੀ ਗਿਣਤੀ ਐਸ ਡੀ ਐਮ ਦਫ਼ਤਰ ਦੇ ਹਾਲ ਵਿਖੇ ਕਰਵਾਈ ਜਾਵੇਗੀ।